ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

www.awazeqaumtv.com

Also On

Visit on facebook

https://www.facebook.com/awazeqaumtv/videos/194899582124531/

Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

You Tube https://youtu.be/LQwolgxDu7I

International Daily Newspaper & WEB TV

awazeqaumtvpunjab@gmail.com

ਸ਼ੁੱਕਰਵਾਰ, 10 ਜੁਲਾਈ 2026 (ਨਾਨਕਸ਼ਾਹੀ ਸੰਮਤ : ੫੫੮, ੨੬ ਹਾੜ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ.ਕੇ., ਸੰਪਰਕ : +447458381111,+447976210161,+919729091243




## ਪਟਿਆਲਾ 'ਚ ਇੱਕੋਂ ਪਰਿਵਾਰ ਦੇ 4 ਮੈਂਬਰਾਂ ਨੇ ਨਿਗਲੀ ਜ਼ਹਿਰ

**ਪਟਿਆਲਾ, 9 ਜੁਲਾਈ (ਆਵਾਜ਼ਿ ਕੌਮ ਬਿਊਰੋ)**-ਪਟਿਆਲਾ ਦੀ ਆਫ਼ਿਸਰ ਕਾਲੋਨੀ ਵਿੱਚ ਉਸ ਸਮੇਂ ਹੜਕੰਪ ਮਚ ਗਿਆ ਜਦੋਂ ਇੱਕੋ ਪਰਿਵਾਰ ਦੇ ਚਾਰ ਮੈਂਬਰਾਂ ਵੱਲੋਂ ਕਥਿਤ ਤੌਰ 'ਤੇ ਜ਼ਿਹਰੀਲੀ ਚੀਜ਼ ਖਾ ਕੇ ਖੁਦਕੁਸ਼ੀ ਕਰਨ ਦੀ ਕੋਸ਼ਿਸ਼ ਕੀਤੀ ਗਈ। ਮਿਲੀ ਜਾਣਕਾਰੀ ਮੁਤਾਬਿਕ ਵਿਕਾਸ ਅਤੇ ਪਤਨੀ ਤਮੰਨਾ ਅਤੇ ਉਨ੍ਹਾਂ ਦੇ ਦੋ ਬੱਚੇ ਸ਼ਾਮਲ ਸਨ। ਇੱਕ ਪੁੱਤਰ ਕਨਵ ਦੀ ਉਮਰ ਕਰੀਬ 13 ਸਾਲ ਅਤੇ ਧੀ ਖੁਆਹਿਸ਼ ਦੀ ਉਮਰ ਕਰੀਬ 11 ਸਾਲ ਦੱਸੀ ਜਾ ਰਹੀ ਹੈ। ਸ਼ੁਰੂਆਤੀ ਜਾਣਕਾਰੀ ਅਨੁਸਾਰ ਘਰੇਲੂ ਕਲੇਸ਼ ਤੇ ਪੈਸਿਆਂ ਦੇ ਲੈਣ ਦੇਣ ਨੂੰ ਚੱਲਦੇ ਪਰਿਵਾਰ ਨੇ ਇਹ ਕਦਮ ਚੁੱਕਿਆ। ਇਸ ਘਟਨਾ ਵਿੱਚ ਬੈਂਕ ਵਿੱਚ ਮੈਨੇਜਰ ਵਜੋਂ ਕੰਮ ਕਰ ਰਹੇ ਵਿਅਕਤੀ ਤੇ ਉਸਦੀ ਧੀ ਦੀ ਮੌਤ ਹੋ ਗਈ ਹੈ। ਬਾਕੀ ਦੋ ਪਰਿਵਾਰਿਕ ਮੈਂਬਰਾਂ ਨੂੰ ਇਲਾਜ ਲਈ ਪਟਿਆਲਾ ਦੇ ਰਜਿੰਦਰਾ ਹਸਪਤਾਲ ਵਿੱਚ ਦਾਖ਼ਲ ਕਰਵਾਇਆ ਗਿਆ ਹੈ। ਫਿਲਹਾਲ ਪੁਲਿਸ ਮਾਮਲੇ ਦੀ ਜਾਂਚ ਕਰ ਰਹੀ ਹੈ ਅਤੇ ਘਟਨਾ ਦੇ ਅਸਲ ਕਾਰਨਾਂ ਦਾ ਪਤਾ ਲਗਾਇਆ ਜਾ ਰਿਹਾ ਹੈ। (ਖੁਦਕੁਸ਼ੀ ਇੱਕ ਗੰਭੀਰ ਮਾਨਸਿਕ ਸਿਹਤ ਸਮੱਸਿਆ ਹੈ। ਜੇਕਰ ਤੁਸੀਂ ਜਾਂ ਤੁਹਾਡਾ ਕੋਈ ਜਾਣਕਾਰ ਮਾਨਸਿਕ ਪ੍ਰੇਸ਼ਾਨੀ ਜਾਂ ਖੁਦਕੁਸ਼ੀ ਦੇ ਵਿਚਾਰਾਂ ਦਾ ਸਾਹਮਣਾ ਕਰ ਰਿਹਾ ਹੈ, ਤਾਂ ਤੁਰੰਤ ਮਦਦ ਲਓ ਅਤੇ ਕਰੋ।

### ਲੱਕੀ ਪਟਿਆਲ ਗੈਂਗ ਦੇ ਸ਼ੂਟਰ ਤੇ ਪੁਲਸ ਵਿਚਾਲੇ ਚੱਲੀਆਂ ਗੋਲੀਆਂ

# ਜਲੰਧਰ 'ਚ ਵੱਡਾ ਐਨਕਾਊਂਟਰ !

**ਚੰਡੀਗੜ੍ਹ/ਜਲੰਧਰ, 9 ਜੁਲਾਈ (ਆਵਾਜ਼ਿ ਕੌਮ ਬਿਊਰੋ)**-ਜਲੰਧਰ ਵਿਖੇ ਐਨਕਾਊਂਟਰ ਹੋਣ ਦੀ ਖ਼ਬਰ ਮਿਲੀ ਹੈ। ਪਿੰਡ ਸ਼ਾਹਪੁਰ 'ਚ ਪੁਲਸ ਅਤੇ ਇਕ ਸ਼ੂਟਰ ਵਿਚਕਾਰ ਜ਼ਬਰਦਸਤ ਮੁਕਾਬਲਾ ਹੋਇਆ। ਜਾਣਕਾਰੀ ਮੁਤਾਬਕ ਗੋਲੀਬਾਰੀ ਸੀ.ਆਈ.ਏ. ਸਟਾਫ਼ ਅਤੇ ਲੱਕੀ ਪਟਿਆਲ ਦੇ ਸ਼ੂਟਰ ਵਿਚਕਾਰ ਹੋਈ। ਪੁਲਸ ਕਮਿਸ਼ਨਰ ਸਤਿੰਦਰ ਸਿੰਘ ਨੇ ਦੱਸਿਆ ਕਿ ਉਨ੍ਹਾਂ ਦੀ ਸੀ.ਆਈ.ਏ. ਟੀਮ ਨੇ ਇਕ ਸੂਚਨਾ ਦੇ ਆਧਾਰ 'ਤੇ ਕਾਰਵਾਈ ਕਰਦੇ ਸ਼ੂਟਰ ਨੂੰ ਫੜਨ ਲਈ ਨਾਕਾਬੰਦੀ ਕੀਤੀ ਹੋਈ ਸੀ। ਮੁਲਜ਼ਮ ਨੇ ਪੁਲਸ ਨੂੰ ਵੇਖ ਕੇ ਮੋਟਰਸਾਈਕਲ ਭਜਾਉਣ ਦੀ ਕੋਸ਼ਿਸ਼ ਕੀਤੀ। ਇਸ ਦੌਰਾਨ ਪਿੱਛਾ ਕਰਦੇ ਹੋਏ ਦੋਸ਼ੀ ਦਾ ਮੋਟਰਸਾਈਕਲ ਫਿਸਲ ਗਿਆ। ਸ਼ੂਟਰ ਨੇ ਫਿਰ ਪੁਲਸ 'ਤੇ ਫਾਇਰਿੰਗ ਕੀਤੀ। ਇਸ ਦੌਰਾਨ ਪੁਲਸ ਨੇ ਵੀ ਜਵਾਈ ਕਾਰਵਾਈ ਕੀਤੀ। ਪੁਲਸ ਮੁਕਾਬਲੇ 'ਚ



ਸ਼ੂਟਰ ਜ਼ਖ਼ਮੀ ਹੋ ਗਿਆ। ਮੁਲਜ਼ਮ ਦੀ ਪਛਾਣ ਯੋਧ ਸਿੰਘ ਯੋਧਾ ਉਰਫ਼ ਲੱਬੂ ਵਜੋਂ ਹੋਈ ਹੈ, ਜੋਕਿ ਸ਼ਾਹਕੋਟ ਦਾ ਰਹਿਣ ਵਾਲਾ ਹੈ। ਸੀ.ਪੀ. ਨੇ ਦੱਸਿਆ ਕਿ ਉਕਤ ਦੋਸ਼ੀ ਨੇ ਦੋ ਤੋਂ ਤਿੰਨ ਮਹੀਨੇ ਪਹਿਲਾਂ ਵਰਦਾਨ ਹਸਪਤਾਲ ਦੇ ਗੇਟ 'ਤੇ ਗੋਲੀਬਾਰੀ ਦੀ ਘਟਨਾ ਨੂੰ ਅੰਜਾਮ ਦਿੱਤਾ ਸੀ। ਮੁਲਜ਼ਮ ਤੋਂ ਘਟਨਾ ਦੌਰਾਨ ਵਰਤਿਆ ਗਿਆ ਹੈਲਮੇਟ ਅਤੇ ਪਿਸਤੌਲ ਵੀ ਬਰਾਮਦ ਕੀਤੀ ਹੈ। ਪੁਲਸ ਜਾਂਚ 'ਚ ਸਾਹਮਣੇ ਆਇਆ ਹੈ ਕਿ ਮੁਲਜ਼ਮ ਨੇ ਮੋਗਾ ਅਤੇ ਹੋਰ ਥਾਵਾਂ 'ਤੇ ਕਈ ਵਾਰਦਾਤਾਂ ਨੂੰ ਅੰਜਾਮ ਦਿੱਤਾ ਹੈ। ਯੋਧਾ ਮੋਗਾ ਅਤੇ ਮੋਹਾਲੀ ਸਮੇਤ ਹੋਰ ਥਾਵਾਂ 'ਤੇ ਪੁਲਸ ਨੂੰ ਲੋੜੀਂਦਾ ਹੈ। ਦੋਸ਼ੀ ਨੇ ਲੱਕੀ ਪਟਿਆਲ ਦੇ ਇਸ਼ਾਰੇ 'ਤੇ ਹਸਪਤਾਲ ਦੇ ਬਾਹਰ ਫਾਇਰਿੰਗ ਕੀਤੀ ਸੀ। ਜਾਂਚ ਦੌਰਾਨ ਦੋਸ਼ੀ ਦੇ ਹੋਰ ਸਾਥੀਆਂ ਬਾਰੇ ਵੀ ਪਤਾ ਲਗਾਇਆ ਲੱਗਾ ਹੈ। ਮੁਲਜ਼ਮ ਨੇ ਦੱਸਿਆ ਕਿ ਮਨੀ ਡ੍ਰੇਲ ਜ਼ਰੀਏ ਪੈਸੇ ਕਿੱਥੇ ਜਾਂਦੇ ਹਨ ਅਤੇ ਉਸ ਨੂੰ ਕੌਣ ਸੰਭਾਲਦਾ ਹੈ, ਇਸ ਦੇ ਬਾਰੇ ਵਿਚ ਵੀ 2 ਤੋਂ 3 ਲੋਕਾਂ ਬਾਰੇ ਦੱਸਿਆ ਹੈ। ਪੁਲਸ ਜਲਦੀ ਹੀ ਦੋਸ਼ੀਆਂ ਵਿਰੁੱਧ ਕਾਰਵਾਈ ਕਰੇਗੀ। ਵਰਦਾਨ ਹਸਪਤਾਲ ਫਾਇਰਿੰਗ ਮਾਮਲੇ ਦਾ ਮੁੱਖ ਦੋਸ਼ੀ ਕੈਨੇਡਾ ਦਾ ਰਹਿਣ ਵਾਲਾ ਹੈ ਅਤੇ ਉਸ ਦਾ ਹਸਪਤਾਲ ਨਾਲ ਲਗਾਤਾਰ ਵਿਵਾਦ ਚੱਲ ਰਿਹਾ ਸੀ।

## ਫਿਲਮ 'ਸਤਲੁਜ' 'ਤੇ ਰੋਕ ਦੇ ਵਿਰੁੱਧ 'ਚ ਸ਼੍ਰੋਮਣੀ ਕਮੇਟੀ ਵੱਲੋਂ 10 ਜੁਲਾਈ ਨੂੰ ਕੀਤਾ ਜਾਵੇਗਾ ਰੋਸ ਮਾਰਚ

**ਨਵੀਂ ਦਿੱਲੀ, 9 ਜੁਲਾਈ (ਆਵਾਜ਼ਿ ਕੌਮ ਬਿਊਰੋ)**-ਭਾਈ ਜਸਵੰਤ ਸਿੰਘ ਖਾਲੜਾ ਦੇ ਜੀਵਨ ਅਤੇ ਸਿੱਖਾਂ ਨਾਲ ਹੋਈਆਂ ਵਧੀਕੀਆਂ ਨੂੰ ਬਿਆਨ ਕਰਦੀ ਫ਼ਿਲਮ 'ਸਤਲੁਜ' 'ਤੇ ਰੋਕ ਲਗਾਉਣ ਦੇ ਵਿਰੋਧ ਵਿਚ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ 10 ਜੁਲਾਈ ਨੂੰ ਅੰਮ੍ਰਿਤਸਰ ਦੇ ਡਿਪਟੀ ਕਮਿਸ਼ਨਰ ਦੇ ਦਫ਼ਤਰ ਤੱਕ ਰੋਸ ਮਾਰਚ ਕੀਤਾ ਜਾਵੇਗਾ। ਇਸ ਸਬੰਧੀ ਜਾਣਕਾਰੀ ਦਿੰਦਿਆਂ ਸ਼੍ਰੋਮਣੀ ਕਮੇਟੀ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਕਿਹਾ ਕਿ ਫਿਲਮ ਸਤਲੁਜ ਵਿਚ ਜਿਥੇ ਭਾਈ ਜਸਵੰਤ ਸਿੰਘ ਖਾਲੜਾ ਵੱਲੋਂ ਮਨੁੱਖੀ ਅਧਿਕਾਰਾਂ ਲਈ ਕੀਤੇ ਕਾਰਜਾਂ ਨੂੰ ਬਿਆਨ ਕੀਤਾ ਗਿਆ




ਹੈ, ਉਥੇ ਇਸ ਫਿਲਮ ਵਿਚ ਸਿੱਖ ਨੌਜਵਾਨਾਂ ਨਾਲ ਹੋਏ ਪੁਲਸ ਅੱਤਿਆਚਾਰਾਂ ਨੂੰ ਵੀ ਦਰਸਾਇਆ ਗਿਆ ਹੈ। ਉਨ੍ਹਾਂ ਕਿਹਾ ਭਾਈ ਜਸਵੰਤ ਸਿੰਘ ਖਾਲੜਾ ਨੇ ਉਨ੍ਹਾਂ ਬੇਕਸੂਰ ਨੌਜਵਾਨਾਂ ਨੂੰ ਇਨਸਾਫ਼ ਦਿਵਾਉਣ ਲਈ ਸੰਘਰਸ਼ ਕੀਤਾ, ਜਿਨ੍ਹਾਂ ਦੇ ਪੁਲਸ ਨੇ ਝੂਠੇ ਮੁਕਾਬਲੇ ਬਣਾਏ। ਇਸ ਫਿਲਮ ਨੇ ਸਰਕਾਰੀ ਪ੍ਰਬੰਧ ਵੱਲੋਂ ਸਿੱਖਾਂ ਨਾਲ ਕੀਤੀਆਂ ਵਧੀਕੀਆਂ ਨੂੰ ਜਗ-ਜ਼ਾਹਿਰ ਕੀਤਾ ਹੈ। ਸਰਕਾਰ ਨੇ ਇਸ ਫਿਲਮ 'ਤੇ ਰੋਕ ਲਗਾ ਕੇ ਸੱਚ ਦੀ ਅਵਾਜ਼ ਨੂੰ ਦਬਾਉਣ ਦਾ ਯਤਨ ਕੀਤਾ ਹੈ, ਜੋ ਕਿਸੇ ਵੀ ਤਰ੍ਹਾਂ ਜਾਇਜ਼ ਨਹੀਂ। ਉਨ੍ਹਾਂ ਕਿਹਾ ਕਿ ਸ਼੍ਰੋਮਣੀ ਕਮੇਟੀ ਇਸ ਸਬੰਧੀ ਆਪਣਾ ਰੋਸ ਜ਼ਾਹਿਰ ਕਰਨ ਅਤੇ ਸਰਕਾਰ ਤੱਕ ਅਵਾਜ਼ ਪਹੁੰਚਾਉਣ ਲਈ ਭਲਕੇ 10 ਜੁਲਾਈ ਨੂੰ ਅੰਮ੍ਰਿਤਸਰ ਦੇ ਡਿਪਟੀ ਕਮਿਸ਼ਨਰ ਦੇ ਦਫ਼ਤਰ ਤੱਕ ਰੋਸ ਮਾਰਚ ਕਰੇਗੀ ਅਤੇ ਇਸ ਸਬੰਧੀ ਮੰਗ ਪੱਤਰ ਡਿਪਟੀ ਕਮਿਸ਼ਨਰ ਨੂੰ ਸੌਂਪਿਆ ਜਾਵੇਗਾ।

## ਇਰਾਕ 'ਚ ਭਾਰੀ ਭੀੜ ਕਾਰਨ ਮਸ਼ਾਦ 'ਚ ਅਯਾਤੁੱਲਾ ਖਮੇਨੀ ਦੇ ਅੰਤਿਮ ਸੰਸਕਾਰ 'ਚ ਦੇਰੀ ਹੋਈ

**ਤਹਿਰਾਨ, 9 ਜੁਲਾਈ (ਆਵਾਜ਼ਿ ਕੌਮ ਬਿਊਰੋ)**-ਇਰਾਕ ਵਿੱਚ ਬੇਮਿਸਾਲ ਭੀੜ ਕਾਰਨ ਪਵਿੱਤਰ ਸ਼ਹਿਰ ਮਸ਼ਾਦ ਵਿੱਚ ਈਰਾਨ ਦੇ ਮਰਹੂਮ ਸੁਪਰੀਮ ਲੀਡਰ, ਅਯਾਤੁੱਲਾ ਸਈਦ ਅਲੀ



ਖਮੇਨੀ ਦੇ ਅੰਤਿਮ ਸੰਸਕਾਰ ਵਿੱਚ ਦੇਰੀ ਹੋਈ ਹੈ। ਮਸ਼ਾਦ ਵਿੱਚ ਮਰਹੂਮ ਨੇਤਾ ਦੇ ਸਰੀਰ ਦੇ ਸਵਾਗਤ ਅਤੇ ਅੰਤਿਮ ਸੰਸਕਾਰ ਦੇ ਪ੍ਰਬੰਧਾਂ ਦੀ ਨਿਗਰਾਨੀ ਕਰਨ ਵਾਲੀ ਕਮੇਟੀ ਨੇ ਕਿਹਾ ਕਿ ਇਰਾਕੀ ਜਨਤਾ ਦੇ ਵੱਡੇ ਅਤੇ ਬੇਮਿਸਾਲ ਇਕੱਠ ਕਾਰਨ, ਵੀਰਵਾਰ ਨੂੰ ਅੰਤਿਮ ਸੰਸਕਾਰ ਜਲੂਸ ਸਥਾਨਕ ਸਮੇਂ ਅਨੁਸਾਰ ਸਵੇਰੇ 8:00 ਵਜੇ ਤੋਂ ਦੁਪਹਿਰ 2:00 ਵਜੇ ਤੱਕ ਮੁਲਤਵੀ ਕਰ ਦਿੱਤਾ ਗਿਆ। ਕਮੇਟੀ ਦੇ ਅਨੁਸਾਰ ਅੰਤਿਮ ਸੰਸਕਾਰ ਜਲੂਸ ਦੌਰਾਨ, ਅਯਾਤੁੱਲਾ ਖਮੇਨੀ ਦੇ ਸਰੀਰ ਨੂੰ ਇਮਾਮ ਰਜ਼ਾ ਰੋਡ ਦੇ ਨਾਲ ਅੱਠਵੇਂ ਸ਼ੀਆ ਇਮਾਮ ਇਮਾਮ ਰਜ਼ਾ ਦੇ ਪਵਿੱਤਰ ਸਥਾਨ ਤੱਕ ਲਿਜਾਇਆ ਜਾਵੇਗਾ। ਅਯਾਤੁੱਲਾ ਖਮੇਨੀ 28 ਫਰਵਰੀ ਨੂੰ ਇੱਕ ਅਮਰੀਕੀ ਹਵਾਈ ਹਮਲੇ ਵਿੱਚ ਮਾਰੇ ਗਏ ਸਨ, ਜਿਸ ਵਿੱਚ ਉਨ੍ਹਾਂ ਦੇ ਕਈ ਪਰਿਵਾਰਕ ਮੈਂਬਰ ਮਾਰੇ ਗਏ ਸਨ। ਬਹੁ-ਦਿਨਾਂ ਦਾ ਅੰਤਿਮ ਸੰਸਕਾਰ ਸ਼ੁੱਕਰਵਾਰ ਨੂੰ ਤਹਿਰਾਨ ਦੇ ਇਮਾਮ ਖੋਮੇਨੀ ਮੋਸੱਲਾ ਵਿਖੇ ਸ਼ੁਰੂ ਹੋਇਆ, ਜਿੱਥੇ ਵਿਦੇਸ਼ੀ ਪਤਵੰਤਿਆਂ ਅਤੇ ਧਾਰਮਿਕ ਸ਼ਖਸੀਅਤਾਂ ਨੇ ਮਰਹੂਮ ਨੇਤਾ ਨੂੰ ਸ਼ਰਧਾਂਜਲੀ ਦਿੱਤੀ। ਇਸ ਤੋਂ ਬਾਅਦ ਸ਼ਨੀਵਾਰ ਨੂੰ ਇੱਕ ਜਨਤਕ ਵਿਦਾਇਗੀ ਸਮਾਰੋਹ ਅਤੇ ਐਤਵਾਰ ਨੂੰ ਜਨਾਜ਼ੇ ਦੀ ਪ੍ਰਾਰਥਨਾ ਕੀਤੀ ਗਈ। ਸੋਮਵਾਰ ਨੂੰ ਲੱਖਾਂ ਈਰਾਨੀ ਲੋਕ ਤਹਿਰਾਨ ਦੀਆਂ ਸੜਕਾਂ 'ਤੇ ਇਕੱਠੇ ਹੋਏ ਜਦੋਂ ਅੰਤਿਮ ਸੰਸਕਾਰ ਦੀ ਰਸਮ ਰਾਜਧਾਨੀ ਵਿੱਚੋਂ ਲੰਘੀ। ਮੰਗਲਵਾਰ ਨੂੰ ਈਰਾਨ ਦੇ ਪਵਿੱਤਰ ਸ਼ਹਿਰ ਕੋਮ ਵਿੱਚ ਵੀ ਇੱਕ ਜਲੂਸ ਅਤੇ ਜਨਾਜ਼ੇ ਦੀ ਪ੍ਰਾਰਥਨਾ ਕੀਤੀ ਗਈ। ਇਸ ਤੋਂ ਬਾਅਦ ਇਰਾਕੀ ਸ਼ਹਿਰਾਂ ਨਜਫ ਅਤੇ ਕਰਬਲਾ ਵਿੱਚ ਇਤਿਹਾਸਕ ਵਿਦਾਇਗੀ ਸਮਾਰੋਹ ਹੋਏ। ਨਜਫ ਵਿੱਚ ਪਹਿਲੇ ਸ਼ੀਆ ਇਮਾਮ ਇਮਾਮ ਅਲੀ ਦੀ ਦਰਗਾਹ 'ਤੇ ਅਤੇ ਕਰਬਲਾ ਵਿੱਚ ਇਮਾਮ ਹੁਸੈਨ ਅਤੇ ਉਨ੍ਹਾਂ ਦੇ ਭਰਾ ਹਜ਼ਰਤ ਅੱਬਾਸ, ਤੀਜੇ ਸ਼ੀਆ ਇਮਾਮ ਦੀ ਦਰਗਾਹ 'ਤੇ ਯਾਦਗਾਰੀ ਸਮਾਰੋਹ ਆਯੋਜਿਤ ਕੀਤੇ ਗਏ। ਇਰਾਕੀ ਮੀਡੀਆ ਤੋਂ ਪ੍ਰਾਪਤ ਸ਼ੁਰੂਆਤੀ ਰਿਪੋਰਟਾਂ ਦੇ ਅਨੁਸਾਰ ਨਜਫ ਅਤੇ ਕਰਬਲਾ ਵਿੱਚ ਜਨਾਜ਼ੇ ਦੇ ਜਲੂਸਾਂ ਵਿੱਚ 70 ਲੱਖ ਤੋਂ ਵੱਧ ਲੋਕਾਂ ਨੇ ਹਿੱਸਾ ਲਿਆ। ਮਰਹੂਮ ਨੇਤਾ ਅਤੇ ਉਨ੍ਹਾਂ ਦੇ ਪਰਿਵਾਰਕ ਮੈਂਬਰਾਂ ਦੀਆਂ ਮ੍ਰਿਤਕ ਦੇਹਾਂ ਨੂੰ ਲੈ ਕੇ ਜਾਣ ਵਾਲਾ ਜਹਾਜ਼ ਵੀਰਵਾਰ ਸਵੇਰੇ ਨਜਫ ਤੋਂ ਰਵਾਨਾ ਹੋਇਆ, ਜੋ ਦੋਵਾਂ ਇਰਾਕੀ ਸ਼ਹਿਰਾਂ ਵਿੱਚ ਲਗਭਗ 24 ਘੰਟੇ ਚੱਲੇ ਇਤਿਹਾਸਕ ਜਨਾਜ਼ੇ ਤੋਂ ਬਾਅਦ ਸੀ। ਇਸ ਦੌਰਾਨ ਈਰਾਨ ਦੇ ਇਸਲਾਮਿਕ ਰੈਵੋਲਿਊਸ਼ਨਰੀ ਗਾਰਡ ਕੋਰ ਦੇ ਕੁਦਸ ਫੋਰਸ ਦੇ ਕਮਾਂਡਰ ਨੇ ਵੀਰਵਾਰ ਨੂੰ ਇੱਕ ਸੰਦੇਸ਼ ਜਾਰੀ ਕਰਕੇ ਮਰਹੂਮ ਨੇਤਾ ਲਈ ਸ਼ਾਨਦਾਰ ਜਨਾਜ਼ੇ ਲਈ ਇਰਾਕੀ ਲੋਕਾਂ ਅਤੇ ਸਰਕਾਰ ਦਾ ਧੰਨਵਾਦ ਕੀਤਾ।

## ਟੋਇਆਂ ਵਿੱਚ ਕਾਰਾਂ, ਢਹਿ-ਢੇਰੀ ਬਾਲਕੋਨੀਆਂ, ਡਿੱਗੇ ਹੋਏ ਦਰੱਖਤ, ਮੀਂਹ ਵਿੱਚ ਡੁੱਬੀ ਦਿੱਲੀ

**ਨਵੀਂ ਦਿੱਲੀ, 9 ਜੁਲਾਈ (ਆਵਾਜ਼ਿ ਕੌਮ ਬਿਊਰੋ)**-ਦਿੱਲੀ-ਐਨਸੀਆਰ ਵਿੱਚ ਪਿਛਲੇ 24 ਘੰਟਿਆਂ ਤੋਂ ਲਗਾਤਾਰ ਹੋ ਰਹੀ ਮਾਨਸੂਨ ਦੀ ਬਾਰਿਸ਼ ਹੁਣ ਵਸਨੀਕਾਂ ਲਈ ਇੱਕ ਵੱਡੀ ਔਖੀ ਘੜੀ ਬਣਦੀ ਜਾ ਰਹੀ ਹੈ। ਦਿਲਸ਼ਾਦ ਗਾਰਡਨ ਅਤੇ ਪੂਰਬੀ ਕੈਲਾਸ਼ (ਪੂਰਬੀ ਦਿੱਲੀ), ਸੈਕਟਰ 105 (ਨੋਇਡਾ), ਸੈਕਟਰ 37ਸੀ (ਗੁਰੂਗ੍ਰਾਮ), ਅਤੇ ਵਸੁੰਧਰਾ (ਗਾਜ਼ੀਆਬਾਦ) ਵਰਗੇ ਖੇਤਰਾਂ ਵਿੱਚ ਪਾਣੀ ਭਰਨ, ਸੜਕਾਂ 'ਤੇ ਡਿੱਗਣ ਅਤੇ ਦਰੱਖਤ ਡਿੱਗਣ ਦੀਆਂ ਘਟਨਾਵਾਂ ਸਾਹਮਣੇ ਆਈਆਂ ਹਨ, ਜਿਸ ਕਾਰਨ ਰੋਜ਼ਾਨਾ ਜੀਵਨ ਅਤੇ ਆਵਾਜਾਈ ਪੂਰੀ ਤਰ੍ਹਾਂ ਠੱਪ ਹੋ ਗਈ ਹੈ। ਇਸ ਦੌਰਾਨ, ਗੁਰੂਗ੍ਰਾਮ ਵਿੱਚ ਇੱਕ ਬਹੁ-ਮੰਜ਼ਿਲਾ ਹਾਊਸਿੰਗ ਕੰਪਲੈਕਸ ਵਿੱਚ ਇੱਕ ਬਾਲਕੋਨੀ ਦੇ ਡਿੱਗਣ ਨਾਲ ਚਿੰਤਾ ਪੈਦਾ ਹੋ ਗਈ ਹੈ। ਪ੍ਰਭਾਵਿਤ ਖੇਤਰਾਂ



ਵਿੱਚ ਸੁਰੱਖਿਆ ਨੂੰ ਤਰਜੀਹ ਦਿੰਦੇ ਹੋਏ, ਪ੍ਰਸ਼ਾਸਨ ਨੇ ਤੁਰੰਤ ਰਾਹਤ ਕਾਰਜ, ਸੜਕ ਦੀ ਮੁਰੰਮਤ ਅਤੇ ਇਨ੍ਹਾਂ ਘਟਨਾਵਾਂ ਦੀ ਜਾਂਚ ਸ਼ੁਰੂ ਕਰ ਦਿੱਤੀ ਹੈ। ਪੂਰਬੀ ਦਿੱਲੀ ਦੇ ਦਿਲਸ਼ਾਦ ਗਾਰਡਨ ਵਿੱਚ 'ਕਿਊ' ਪਾਕੇਟ ਦੇ ਵਸਨੀਕ ਗੰਭੀਰ ਪਾਣੀ ਭਰਨ ਨਾਲ ਜੂਝ ਰਹੇ ਹਨ। ਬਾਰਿਸ਼ ਤੋਂ ਬਾਅਦ ਇੱਕ ਓਵਰਫਲੋਅ ਨਾਲੀ ਨੇ ਪਾਣੀ ਦੇ ਨਿਕਾਸ ਨੂੰ ਪੂਰੀ ਤਰ੍ਹਾਂ ਰੋਕ ਦਿੱਤਾ ਹੈ, ਜਿਸ ਨਾਲ ਸਥਾਨਕ ਲੋਕਾਂ ਨੂੰ ਬਹੁਤ ਪਰੇਸ਼ਾਨੀ ਹੋ ਰਹੀ ਹੈ। ਇਸ ਤੋਂ ਇਲਾਵਾ, ਕੈਲਾਸ਼ ਖੇਤਰ ਦੇ ਪੂਰਬ ਵਿੱਚ ਨੈਸ਼ਨਲ ਹਾਰਟ ਇੰਸਟੀਚਿਊਟ ਹਸਪਤਾਲ ਦੇ ਬਾਹਰ ਇੱਕ ਵੱਡਾ ਦਰੱਖਤ ਡਿੱਗ ਗਿਆ, ਜਿਸ ਨਾਲ ਸੜਕਾਂ 'ਤੇ ਵਾਹਨਾਂ ਦੀ ਆਵਾਜਾਈ ਪੂਰੀ ਤਰ੍ਹਾਂ ਵਿਘਨ ਪਈ। ਗੁਰੂਗ੍ਰਾਮ ਦੇ ਸੈਕਟਰ 373 ਵਿੱਚ 'ਇੰਪੀਰੀਆ ਐਸਫੋਰਾ' ਫੇਜ਼ 2 ਸੋਸਾਇਟੀ ਵਿੱਚ ਅੱਜ ਇੱਕ ਗੰਭੀਰ ਘਟਨਾ ਵਾਪਰੀ। ਇੱਕ ਫਲੈਟ ਦੀ ਬਾਲਕੋਨੀ ਦਾ ਇੱਕ ਵੱਡਾ ਹਿੱਸਾ ਅਚਾਨਕ ਢਹਿ ਗਿਆ ਅਤੇ ਜ਼ਮੀਨ 'ਤੇ ਡਿੱਗ ਗਿਆ। ਇਸ ਘਟਨਾ ਨੇ ਸੋਸਾਇਟੀ ਦੇ ਨਿਵਾਸੀਆਂ ਵਿੱਚ ਦਹਿਸ਼ਤ ਅਤੇ ਡੂੰਘੀ ਨਾਰਾਜ਼ਗੀ ਫੈਲਾ ਦਿੱਤੀ ਹੈ। ਇੱਕ ਵੱਡੀ ਦੁਖਾਂਤ ਟਲ ਗਈ ਕਿਉਂਕਿ ਉਸ ਸਮੇਂ ਕੋਈ ਵੀ ਹੇਠਾਂ ਮੌਜੂਦ ਨਹੀਂ ਸੀ, ਪਰ ਇਸ ਹਾਦਸੇ ਨੇ ਉੱਚੀਆਂ ਇਮਾਰਤਾਂ ਵਿੱਚ ਨਿਰਮਾਣ ਗੁਣਵੱਤਾ ਅਤੇ ਸੁਰੱਖਿਆ ਮਿਆਰਾਂ ਬਾਰੇ ਗੰਭੀਰ ਸਵਾਲ ਖੜ੍ਹੇ ਕੀਤੇ ਹਨ। ਸਥਾਨਕ ਲੋਕ ਹੁਣ ਪ੍ਰਸ਼ਾਸਨ ਵੱਲੋਂ ਉੱਚ ਪੱਧਰੀ ਜਾਂਚ ਦੀ ਮੰਗ ਕਰ ਰਹੇ ਹਨ। ਲਗਾਤਾਰ ਮੀਂਹ ਦੌਰਾਨ ਅੱਜ ਸਵੇਰੇ ਗਾਜ਼ੀਆਬਾਦ ਦੇ ਵਸੁੰਧਰਾ ਖੇਤਰ ਵਿੱਚ ਅਟਲ ਚੌਕ ਦੇ ਨੇੜੇ ਸੜਕ ਦਾ ਇੱਕ ਵੱਡਾ ਹਿੱਸਾ ਅਚਾਨਕ ਡਿੱਗ ਗਿਆ। ਇਹ ਘਟਨਾ ਸੜਕ ਦੇ ਬਿਲਕੁਲ ਨਾਲ ਸਥਿਤ ਇੱਕ ਇਮਾਰਤ ਦੀ ਉਸਾਰੀ ਵਾਲੀ ਥਾਂ 'ਤੇ ਭਾਰੀ ਬਾਰਿਸ਼ ਕਾਰਨ ਮਿੱਟੀ ਖਿਸਕਣ ਅਤੇ ਕਾਫ਼ੀ ਕਟੌਤੀ ਕਾਰਨ ਵਾਪਰੀ। ਇਸ ਢਹਿਣ ਦੇ ਨਤੀਜੇ ਵਜੋਂ, ਇੱਕ ਟਾਟਾ ਪੰਚ ਕਾਰ ਅਤੇ ਇੱਕ ਸਕੂਟਰ ਡੂੰਘੇ ਟੋਏ ਵਿੱਚ ਡਿੱਗ ਗਏ। ਖੁਸ਼ਿਕਸਮਤੀ ਨਾਲ, ਅਚਾਨਕ ਵਾਪਰੀ ਇਸ ਘਟਨਾ ਵਿੱਚ ਕੋਈ ਜ਼ਖਮੀ ਨਹੀਂ ਹੋਇਆ। ਪ੍ਰਸ਼ਾਸਨ ਮੌਕੇ 'ਤੇ ਪਹੁੰਚ ਗਿਆ ਹੈ ਅਤੇ ਸੜਕ ਦੀ ਮੁਰੰਮਤ ਦਾ ਕੰਮ ਸ਼ੁਰੂ ਕਰ ਦਿੱਤਾ ਹੈ ਅਤੇ ਨਾਲ ਹੀ ਮਾਮਲੇ ਦੀ ਜਾਂਚ ਵੀ ਸ਼ੁਰੂ ਕਰ ਦਿੱਤੀ ਹੈ।

## ਜਸਵੰਤ ਸਿੰਘ ਖਾਲਸਾ ਦੇ ਕਤਲ ਕੇਸ 'ਚ ਦੋਸ਼ੀ ਸਾਬਕਾ ਡੀਐਸਪੀ ਜਸਪਾਲ ਸਿੰਘ ਗਾਇਬ !

**ਚੰਡੀਗੜ੍ਹ, 9 ਜੁਲਾਈ (ਆਵਾਜ਼ਿ ਕੌਮ ਬਿਊਰੋ)**-ਮਨੁੱਖੀ ਅਧਿਕਾਰ ਕਾਰਕੁਨ ਜਸਵੰਤ ਸਿੰਘ ਖਾਲੜਾ ਦੇ ਕਤਲ ਮਾਮਲੇ ਵਿੱਚ ਦੋਸ਼ੀ ਸਾਬਕਾ ਡੀਐਸਪੀ ਜਸਪਾਲ ਸਿੰਘ ਨੂੰ ਲੈ ਕੇ ਨਵਾਂ ਮੋੜ ਸਾਹਮਣੇ ਆਇਆ ਹੈ। ਨਾਭਾ ਓਪਨ ਖੇਤੀਬਾੜੀ ਜੇਲ੍ਹ ਨੇ ਹੁਸ਼ਿਆਰਪੁਰ ਪੁਲਿਸ ਨੂੰ ਜਸਪਾਲ ਸਿੰਘ ਦਾ ਥਹੁ-ਪਤਾ ਲਗਾਉਣ ਲਈ ਕਿਹਾ ਹੈ। ਜਸਪਾਲ ਸਿੰਘ ਮਈ 2023 ਤੋਂ ਅਦਾਲਤੀ ਹੁਕਮਾਂ ਤਹਿਤ ਜ਼ਮਾਨਤ 'ਤੇ ਰਿਹਾਅ ਹੈ, ਜਦਕਿ ਉਸ ਦੀ ਸਜ਼ਾ ਮੁਆਫ਼ੀ ਸਬੰਧੀ ਪ੍ਰਸਤਾਵ 'ਤੇ ਅਜੇ ਤੱਕ ਅੰਤਿਮ ਫ਼ੈਸਲਾ ਨਹੀਂ ਆਇਆ। ਫ਼ਿਲਮ 'ਸਤਲੁਜ' ਨੂੰ ਲੈ ਕੇ ਚੱਲ ਰਹੇ ਵਿਵਾਦ ਦਰਮਿਆਨ ਮਨੁੱਖੀ ਅਧਿਕਾਰ ਕਾਰਕੁਨ



ਜਸਵੰਤ ਸਿੰਘ ਖਾਲੜਾ ਦੇ ਕਤਲ ਕੇਸ ਨੇ ਇੱਕ ਵਾਰ ਫਿਰ ਸੁਰਖੀਆਂ ਬਟੋਰੀਆਂ ਹਨ। ਇਸੇ ਵਿਚਾਲੇ ਖਾਲੜਾ ਕਤਲ ਕੇਸ ਵਿੱਚ ਉਮਰ ਕੈਦ ਦੀ ਸਜ਼ਾ ਕੱਟ ਰਹੇ ਸਾਬਕਾ ਡੀਐਸਪੀ ਜਸਪਾਲ ਸਿੰਘ ਨੂੰ ਲੈ ਕੇ ਇੱਕ ਹੋਰ ਵੱਡਾ ਖੁਲਾਸਾ ਸਾਹਮਣੇ ਆਇਆ ਹੈ। ਜਾਣਕਾਰੀ ਮੁਤਾਬਕ, ਜਸਪਾਲ ਸਿੰਘ ਨੂੰ ਮਈ 2023 ਵਿੱਚ ਨਾਭਾ ਓਪਨ ਖੇਤੀਬਾੜੀ ਜੇਲ੍ਹ ਤੋਂ ਇੱਕ ਲੱਖ ਰੁਪਏ ਦੇ ਬਾਂਡ ਅਤੇ ਨਿੱਜੀ ਜ਼ਮਾਨਤ 'ਤੇ ਰਿਹਾਅ ਕੀਤਾ ਗਿਆ ਸੀ। ਇਹ ਰਿਹਾਈ ਹਾਈ ਕੋਰਟ ਦੇ ਉਸ ਫ਼ੈਸਲੇ ਦੇ ਆਧਾਰ 'ਤੇ ਹੋਈ, ਜਿਸ ਵਿੱਚ ਕਿਹਾ ਗਿਆ ਸੀ ਕਿ ਜੇਕਰ ਸਜ਼ਾ ਮੁਆਫ਼ੀ ਸਬੰਧੀ ਸਰਕਾਰ ਦੇ ਪ੍ਰਸਤਾਵ 'ਤੇ ਰਾਜਪਾਲ ਤਿੰਨ ਮਹੀਨਿਆਂ ਤੱਕ ਕੋਈ ਫ਼ੈਸਲਾ ਨਹੀਂ ਲੈਂਦੇ, ਤਾਂ ਅੰਤਿਮ ਫ਼ੈਸਲੇ ਤੱਕ ਕੈਦੀ ਨੂੰ ਜ਼ਮਾਨਤ 'ਤੇ ਰਿਹਾਅ ਕੀਤਾ ਜਾ ਸਕਦਾ ਹੈ। ਦੱਸਿਆ ਜਾ ਰਿਹਾ ਹੈ ਕਿ ਪੰਜਾਬ ਸਰਕਾਰ ਨੇ ਸਤੰਬਰ 2022 ਵਿੱਚ ਜਸਪਾਲ ਸਿੰਘ ਦੀ ਸਜ਼ਾ ਮੁਆਫ਼ੀ ਲਈ ਪ੍ਰਸਤਾਵ ਭੇਜਿਆ ਸੀ, ਪਰ ਇਸ 'ਤੇ ਅਜੇ ਤੱਕ ਕੋਈ ਅੰਤਿਮ ਫ਼ੈਸਲਾ ਨਹੀਂ ਹੋਇਆ। ਇਸੇ ਆਧਾਰ 'ਤੇ ਪਟਿਆਲਾ ਦੀ ਚੀਫ਼ ਜੁਡੀਸ਼ੀਅਲ ਮੈਜਿਸਟਰੇਟ ਨਵਦੀਪ ਕੌਰ ਗਿੱਲ ਨੇ ਜਸਪਾਲ ਸਿੰਘ ਨੂੰ ਜ਼ਮਾਨਤ 'ਤੇ ਰਿਹਾਅ ਕਰਨ ਦੇ ਹੁਕਮ ਦਿੱਤੇ ਸਨ। ਪੰਜਾਬ ਖ਼ਬਰਾਂ ਇਸ ਤੋਂ ਪਹਿਲਾਂ 2019 ਵਿੱਚ ਵੀ ਜਸਪਾਲ ਸਿੰਘ ਨੂੰ ਹਾਈ ਕੋਰਟ ਤੋਂ ਪੈਰੋਲ ਮਿਲੀ ਸੀ। ਹਾਲਾਂਕਿ ਟਾਂਡਾ ਥਾਣੇ ਦੇ ਇੱਕ ਹੋਰ ਮਾਮਲੇ ਵਿੱਚ ਸੁਣਾਈ ਗਈ ਸਜ਼ਾ ਕਾਰਨ ਉਸ ਨੂੰ ਜੇਲ੍ਹ ਵਿੱਚ ਹੀ ਰੱਖਿਆ ਗਿਆ ਸੀ। ਇਸ ਦੇ ਖ਼ਿਲਾਫ਼ ਉਸ ਨੇ ਹਾਈ ਕੋਰਟ ਵਿੱਚ ਹੈਬੀਅਸ ਕੋਰਪਸ ਪਟੀਸ਼ਨ ਵੀ ਦਾਇਰ ਕੀਤੀ ਸੀ, ਜੋ ਬਾਅਦ ਵਿੱਚ ਵਾਪਸ ਲੈ ਲਈ ਗਈ। ਹੁਣ ਨਾਭਾ ਓਪਨ ਖੇਤੀਬਾੜੀ ਜੇਲ੍ਹ ਵੱਲੋਂ ਹੁਸ਼ਿਆਰਪੁਰ ਪੁਲਿਸ ਨੂੰ ਜਸਪਾਲ ਸਿੰਘ ਦਾ ਥਹੁ-ਪਤਾ ਲਗਾਉਣ ਲਈ ਕਿਹਾ ਗਿਆ ਹੈ। ਇਸ ਮਾਮਲੇ ਨੇ ਇੱਕ ਵਾਰ ਫਿਰ ਜਸਵੰਤ ਸਿੰਘ ਖਾਲੜਾ ਕਤਲ ਕੇਸ ਅਤੇ ਇਸ ਨਾਲ ਜੁੜੀਆਂ ਕਾਨੂੰਨੀ ਕਾਰਵਾਈਆਂ ਨੂੰ ਚਰਚਾ ਵਿੱਚ ਲਿਆ ਦਿੱਤਾ ਹੈ।

# ਦੇਗ ਤੇਗ ਫ਼ਤਹਿ
# ਪੰਥ ਕੀ ਜੀਤ



ਗੁਰਦੁਆਰਾ ਸ੍ਰੀ ਗੁਰੂ ਸਿੰਘ ਸਭਾ ਸਾਊਥਾਲ ਪਾਰਕ ਐਵਨਿਊ ਵਿਖੇ

# ਮਹਾਨ ਸ਼ਹੀਦੀ ਸਮਾਗਮ

## 24 ਤੋਂ 26 ਜੁਲਾਈ 2026

**ਅਰੰਭ**
ਸ੍ਰੀ ਅਖੰਡਪਾਠ ਸਾਹਿਬ
24 ਜੁਲਾਈ 2026

**ਭੋਗ**
ਸ੍ਰੀ ਅਖੰਡਪਾਠ ਸਾਹਿਬ
26 ਜੁਲਾਈ 2026

### ਸ਼ਹੀਦ ਸਿੰਘਾਂ ਦੀ ਯਾਦ ਵਿੱਚ

- ਸ਼ਹੀਦ ਜਨਰਲ ਲਾਭ ਸਿੰਘ — ਮੁਖੀ ਖਾਲਿਸਤਾਨ ਕਮਾਂਡੋ ਫੋਰਸ
- ਸ਼ਹੀਦ ਜਨਰਲ ਅਵਤਾਰ ਸਿੰਘ ਬ੍ਰਹਮਾ — ਮੁਖੀ ਖਾਲਿਸਤਾਨ ਲਿਬਰੇਸ਼ਨ ਫੋਰਸ
- ਸ਼ਹੀਦ ਜਨਰਲ ਗੁਰਜੰਟ ਸਿੰਘ ਬੁੱਧਸਿੰਘ ਵਾਲਾ — ਮੁਖੀ ਖਾਲਿਸਤਾਨ ਲਿਬਰੇਸ਼ਨ ਫੋਰਸ
- ਸ਼ਹੀਦ ਭਾਈ ਮਹਿੰਦਰ ਸਿੰਘ ਟੋਰਾਂਟੋ (ਕਨੇਡਾ)
- ਸ਼ਹੀਦ ਭਾਈ ਸੁਖਦੇਵ ਸਿੰਘ ਬੱਬਰ — ਜਥੇਦਾਰ ਬੱਬਰ ਖਾਲਸਾ
- ਸ਼ਹੀਦ ਭਾਈ ਰਸ਼ਪਾਲ ਸਿੰਘ ਛੰਦੜਾ — ਜਨਰਲ ਭਿੰਡਰਾਂ ਵਾਲਾ ਟਾਈਗਰ ਫੋਰਸ

### ਸ਼ਹੀਦੀ ਸਮਾਗਮ

ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਉਪਰੰਤ ਸਵੇਰੇ 11 ਵਜੇ ਤੋਂ 1 ਵਜੇ ਤੱਕ ਦੀਵਾਨ ਸਜਾਏ ਜਾਣਗੇ। ਪੰਥਕ ਬੁਲਾਰੇ ਸ਼ਹੀਦ ਸਿੰਘਾਂ ਦੀਆਂ ਜੀਵਨੀਆਂ ਬਾਰੇ ਆਪਣੇ ਵਿਚਾਰ ਦੇਣਗੇ। ਸਮੂਹ ਪੰਥਕ ਆਗੂਆਂ ਨੂੰ ਸੱਦਾ ਦਿੱਤਾ ਜਾਂਦਾ ਹੈ।

**ਸੰਗਤਾਂ ਨੂੰ ਵਧ-ਚੜ੍ਹ ਕੇ ਪਹੁੰਚਣ ਦੀ ਬੇਨਤੀ ਕੀਤੀ ਜਾਂਦੀ ਹੈ।**

## ਸਿੱਖ ਫੈਡਰੇਸ਼ਨ, ਯੂ. ਕੇ.

| ਪਰਮਿੰਦਰ ਸਿੰਘ ਬੱਲ | ਅਜੀਤਪਾਲ ਸਿੰਘ ਸਹੋਤਾ | ਹਰਮੇਲ ਸਿੰਘ ਖਾਲਸਾ |
|---|---|---|
| ਪ੍ਰਧਾਨ | ਜਨਰਲ ਸਕੱਤਰ | ਆਰਗੇਨਾਈਜ਼ਰ |

ਟੈਲੀਫ਼ੋਨ: 07771608 363 | ਈ-ਮੇਲ: PSBAL46@gmail.com

## ਮੈਂ ਸਰੀਰਕ ਮੌਤ ਨੂੰ ਮੌਤ ਨਹੀ ਮੰਨਦਾ ਜਮੀਰ ਦਾ ਮਰਜਾਣਾ ਯਕੀਨਨ ਮੌਤ ਹੈ।

ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ




Physical death i do not fear
death of conscience is a sure death
Sant Jarnail Singh Ji Khalsa Bhindranwale
www.damdamitaksal.net

---

ਪੰਥਕ ਸ਼ਬਦੁ ਸਚੀ ਟਕਸਾਲ ॥ ਦਮਦਮੀ ਟਕਸਾਲ
ਨਾਮ ਜਪੋ ਕਿਰਤ ਕਰੋ ਵੰਡ ਛੱਕੋ — Naam Japo Kirat Karo Vand Shako
ਜਥਾ ਭਿੰਡਰਾਂ (ਮਹਿਤਾ)
www.damdamitaksal.net

ਵਾਹਿਗੁਰੂ ਜੀ ਕਾ ਖਾਲਸਾ॥ ਵਾਹਿਗੁਰੂ ਜੀ ਕੀ ਫਤਹਿ॥
WAHEGURU JI KA KHALSA WAHEGURU JI KI FATEH

ਖੰਡੇ ਬਾਟੇ ਦੀ ਪਾਹੁਲ ਛੱਕ ਕੇ ਗੁਰੂ ਵਾਲੇ ਬਣੋ
Khande Bate di Pahul Shak Ke Guru Wale Bano

ਗੁਰਬਾਣੀ ਸੰਥਿਆ ਅਤੇ ਗੁਰਮਤਿ ਸਿੱਖਿਆ ਨਾਲ ਜੁੜੋ
Join Gurbani Santhia and Gurmat Sikhia

ਕੀਰਤਨ ਕਥਾ ਕਵੀਸ਼ਰੀ ਅਤੇ ਢਾਡੀ ਵਾਰਾਂ ਸਿੱਖੋ
Learn Kirtan Katha Kavishri and Dhadi Waran

ਗੁਰਮੁਖੀ ਪੰਜਾਬੀ ਸਿੱਖੋ
Learn Gurmukhi Punjabi

ਗਤਕਾ ਸਿੱਖੋ Learn Gatka
www.damdamitaksal.net

---


ਆਵਾਜ਼ਿ ਕੌਮ
Daily Newspaper from U.K.
Publisher/Chief Editor
**Raghbir Singh Walsal**
E-mail : awazeqaumtv@gmail.com
www.awazeqaumtv.com
for AWAZE QAUM Channel
https://youtu.be/LQwolgxDu7I
Contact :
+447458381111
+447976210161
+919729091243


ਆਵਾਜ਼ਿ ਕੌਮ AWAZE QAUM TV



ਭਾਈ ਰਘਵੀਰ ਸਿੰਘ ਵਾਲਸਾਲ
ਯੂ.ਕੇ. ਮੁੱਖ ਸੰਪਾਦਕ
Raghbir Singh Walsall uk

**ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ**

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ। -ਸੰਪਾਦਕ

---

ਦੇਗ ਤੇਗ ਫ਼ਤਿਹ – ਪੰਥ ਕੀ ਜੀਤ

*ਹਮ ਰਾਖਤ ਪਾਤਿਸ਼ਾਹੀ ਦਾਵਾ ॥ ਜਾਂ ਇਤ ਕੋ ਜਾਂ ਅਗਲੋ ਪਾਵਾ ॥*

## ਧੰਨ ਗੁਰੂ ਨਾਨਕ ਦੇਵ ਸਾਹਿਬ ਜੀ ਦੇ ਪ੍ਰਕਾਸ਼ ਪੁਰਬ ਤੇ ਮਾਤਾ ਸਾਹਿਬ ਕੌਰ ਜੀ ਦੇ ਜਨਮ ਦਿਹਾੜੇ ਨੂੰ ਸਮਰਪਿਤ



ਧੰਨ-ਧੰਨ ਮਾਤਾ ਸਾਹਿਬ ਕੌਰ ਜੀ

# ਗੁਰਮਤਿ ਸਮਾਗਮ



ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂ ਵਾਲੇ

**1 ਨਵੰਬਰ 2026, ਦਿਨ ਐਤਵਾਰ ਨੂੰ**
ਬੱਬਰਾਂ ਦੇ ਹਾਈ ਕੋਰਟ ਗੁਰਦੁਆਰਾ ਸ਼ਹੀਦਾਂ, ਜੱਸੋਵਾਲ ਵਿਖੇ
ਬੜੀ ਸ਼ਰਧਾ ਨਾਲ ਕਰਵਾਇਆ ਜਾ ਰਿਹਾ ਹੈ।

ਲੜੀ ਅਰੰਭ ਸ੍ਰੀ ਅਖੰਡ ਪਾਠ ਸਾਹਿਬ -20 ਅਕਤੂਬਰ, ਮੰਗਲਵਾਰ, ਸਵੇਰੇ 10 ਵਜੇ
ਲੜੀ ਭੋਗ ਸ੍ਰੀ ਅਖੰਡ ਪਾਠ ਸਾਹਿਬ -1 ਨਵੰਬਰ, ਐਤਵਾਰ, ਸਵੇਰੇ 9 ਵਜੇ



ਜੋੜ ਮੇਲੇ ਵਿੱਚ ਸਿੰਘ ਸਾਹਿਬਾਨ, ਦਮਦਮੀ ਟਕਸਾਲ, ਸੰਤ ਮਹਾਂਪੁਰਸ਼, ਸੰਪਰਦਾਵਾਂ ਦੇ ਮੁਖੀ, ਨਿਹੰਗ ਸਿੰਘ ਜਥੇਬੰਦੀਆਂ, ਸ਼੍ਰੋਮਣੀ ਕਮੇਟੀ ਮੈਂਬਰ, ਨਿਰਮਲੇ, ਉਦਾਸੀ, ਧਾਰਮਿਕ, ਕਿਸਾਨ ਆਗੂ, ਹਰ ਪਾਰਟੀ ਦੇ ਸਿਆਸੀ ਲੀਡਰ, ਇੰਟਰਨੈਸ਼ਨਲ ਪੰਥਕ ਦਲ ਯੂ.ਕੇ. ਅਤੇ ਭਾਰਤ ਦੇ ਸਮੂਹ ਅਹੁਦੇਦਾਰ ਅਤੇ ਨਾਮਵਰ ਰਾਗੀ-ਢਾਡੀ-ਕਵੀਸ਼ਰ ਜਥੇ ਪਹੁੰਚ ਰਹੇ ਹਨ।

**ਨੋਟ : ਇਹ ਸਮਾਗਮ 13 ਦਿਨ ਚੱਲੇਗਾ**

ਸਮੂਹ ਸੰਗਤ ਨੂੰ ਪਹੁੰਚਣ ਲਈ ਬੇਨਤੀ ਕੀਤੀ ਜਾਂਦੀ ਹੈ। ਗੁਰੂ ਦੇ ਲੰਗਰ ਅਤੇ ਚਾਹ ਪਕੌੜਿਆਂ ਦੇ ਲੰਗਰ ਅਤੁੱਟ ਵਰਤਣਗੇ।

ਬੇਨਤੀ ਕਰਤਾ
**ਸੰਤ ਬਾਬਾ ਚਰਨਜੀਤ ਸਿੰਘ ਜੱਸੋਵਾਲ 98141-27470**
ਜਥੇਦਾਰਨੀ ਬੀਬੀ ਸੁਰਿੰਦਰ ਕੌਰ 73408-35137
ਦਮਦਮੀ ਟਕਸਾਲ ਵਾਲੇ ਅੰਤਰਰਾਸ਼ਟਰੀ ਮੁੱਖ ਬੁਲਾਰਾ ਇੰਟਰਨੈਸ਼ਨਲ ਪੰਥਕ ਦਲ
ਜਾਰੀ ਕਰਤਾ : ਭਾਈ ਜਰਨੈਲ ਸਿੰਘ ਵਿਲੋਂ, ਬੀਬੀ ਅਰਸ਼ਪ੍ਰੀਤ ਕੌਰ 84278-66404, ਜ: ਹਰਜੋਤ ਸਿੰਘ ਵਿਲੋਂ, ਜ: ਮਹਿਤਾਬ ਸਿੰਘ ਵਿਲੋਂ

ਸੰਪਰਕ ਨੰਬਰ 84278-66404


Vehicle360
Professional Car Repairs & Servicing
West Bromwich
CAR SERVICES – ALL MAKES & MODELS
FREE VEHICLE HEALTH CHECK
Full & Interim Servicing
Diagnostics & Fault Finding
Clutches & Gearboxes
Timing Chains & Cambelts
DPF & Engine Repairs
Brakes, Suspension & Exhausts
Experienced mechanics
(7–10 years)
Honest advice & fair pricing
Quality / OEM parts used
CALL NOW: 0121 269 9586
12 Ridgacre Rd, West Bromwich, B71 1DB
Your local trusted garage
ਆਵਾਜ਼ਿ ਕੌਮ
AWAZE QAUM
International Newspaper & WEB TV


ਸਿੱਖ ਪੰਥ ਦੇ ਮਹਾਨ ਵਿਦਵਾਨ
ਸਿੰਘ ਸਾਹਿਬ ਗਿਆਨੀ ਪਰਵਿੰਦਰਪਾਲ ਸਿੰਘ ਜੀ
ਗ੍ਰੰਥੀ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ
ਪ੍ਰਚਾਰ ਦੌਰੇ ਤੇ ਅਮਰੀਕਾ ਵਿਖੇ ਪਹੁੰਚ ਰਹੇ ਹਨ।
24 ਜੂਨ – 21 ਜੁਲਾਈ 2026
ਨਿਊ ਯਾਰਕ
ਨਿਊ ਜਰਸੀ
ਫਿਲਾਡੈਲਫੀਆ
ਇੰਡੀਆਨਾ
ਰਿਵਰਸਾਈਡ
ਬੇਕਰਸਫੀਲਡ
ਫਰਿਜ਼ਨੋ
ਟਰੇਸੀ
ਆਵਾਜ਼ਿ ਕੌਮ AWAZE QAUM International Newspaper & WEB TV
ਵਧੇਰੇ ਜ਼ਾਣਕਾਰੀ ਲਈ ਸੰਪਰਕ ਕਰੋ:
+1 209 740 1731 | +1 209 624 6549 | +1 209 624 91

ਜੇਹਾ ਚੀਰੀ ਲਿਖਿਆ ਤੇਹਾ ਹੁਕਮੁ ਕਮਾਹਿ ॥ ਘਲੇ ਆਵਹਿ ਨਾਨਕਾ ਸਦੇ ਉਠੀ ਜਾਹਿ ॥੧॥

# ਭੋਗ ਅਤੇ ਅੰਤਿਮ ਅਰਦਾਸ




ਬੜੇ ਹੀ ਦੁਖੀ ਹਿਰਦੇ ਨਾਲ ਆਪ ਜੀ ਨੂੰ ਸੂਚਿਤ ਕੀਤਾ ਜਾਂਦਾ ਹੈ ਕਿ ਸਾਡੇ ਸਤਿਕਾਰਯੋਗ ਬਾਪੂ ਨਿਰਮਲ ਸਿੰਘ ਢਿੱਲੋਂ (ਗੁਰਾਇਆ) ਅਕਾਲ ਪੁਰਖ ਵੱਲੋਂ ਬਖ਼ਸ਼ੀ ਹੋਈ ਸਵਾਸਾਂ ਦੀ ਪੂੰਜੀ ਭੋਗਦੇ ਹੋਏ ਮਿਤੀ 1 ਜੁਲਾਈ 2026 ਨੂੰ ਅਕਾਲ ਚਲਾਣਾ ਕਰ ਗਏ ਹਨ। ਵਿਛੜੀ ਰੂਹ ਦੀ ਆਤਮਿਕ ਸ਼ਾਂਤੀ ਲਈ ਰੱਖੇ ਗਏ ਸ੍ਰੀ ਅਖੰਡ ਪਾਠ ਸਾਹਿਬ ਅਤੇ ਅੰਤਿਮ ਅਰਦਾਸ ਦਾ ਪ੍ਰੋਗਰਾਮ ਹੇਠ ਲਿਖੇ ਅਨੁਸਾਰ ਹੈ ਜੀ:

## ਪ੍ਰੋਗਰਾਮ ਦਾ ਵੇਰਵਾ

ਆਵਾਜ਼ਿ ਕੌਮ AWAZE QAUM International Newspaper & WEB TV

**ਸ੍ਰੀ ਅਖੰਡ ਪਾਠ ਸਾਹਿਬ ਅਰੰਭ:**
8 ਜੁਲਾਈ 2026, ਦਿਨ ਬੁੱਧਵਾਰ, ਸਵੇਰੇ 10:00 ਵਜੇ
ਅਸਥਾਨ: ਨਿਵਾਸ ਅਸਥਾਨ, ਪੱਤੀ ਮਾਗਾ (ਘਰ ਵਿੱਚ)

**ਸ੍ਰੀ ਅਖੰਡ ਪਾਠ ਸਾਹਿਬ ਜੀ ਦੇ ਭੋਗ:**
10 ਜੁਲਾਈ 2026, ਦਿਨ ਸ਼ੁੱਕਰਵਾਰ, ਸਵੇਰੇ 10:00 ਵਜੇ
ਅਸਥਾਨ: ਨਿਵਾਸ ਅਸਥਾਨ, ਪੱਤੀ ਮਾਗਾ (ਘਰ ਵਿੱਚ)

**ਇਲਾਹੀ ਗੁਰਬਾਣੀ ਦੇ ਕੀਰਤਨ ਅਤੇ ਅੰਤਿਮ ਅਰਦਾਸ:**
ਦੁਪਹਿਰ 12:00 ਵਜੇ ਤੋਂ 2:00 ਵਜੇ ਤੱਕ
ਅਸਥਾਨ: ਗੁਰਦੁਆਰਾ ਸ੍ਰੀ ਗੁਰੂ ਤੇਗ਼ ਬਹਾਦਰ ਸਾਹਿਬ ਜੀ, ਪੱਤੀ ਮਾਗਾ, ਗੁਰਾਇਆ

ਸਮੂਹ ਸਨੇਹੀਆਂ, ਮਿੱਤਰਾਂ ਅਤੇ ਰਿਸ਼ਤੇਦਾਰਾਂ ਨੂੰ ਨਿਮਰਤਾ ਸਹਿਤ ਬੇਨਤੀ ਹੈ ਕਿ ਬਾਪੂ ਜੀ ਦੀ ਅੰਤਿਮ ਅਰਦਾਸ ਵਿੱਚ ਸ਼ਾਮਲ ਹੋ ਕੇ ਵਿਛੜੀ ਰੂਹ ਦੀ ਸ਼ਾਂਤੀ ਲਈ ਅਰਦਾਸ ਵਿੱਚ ਸਾਥ ਦੇਣ ਦੀ ਕ੍ਰਿਪਾਲਤਾ ਕਰਨੀ ਜੀ।

ਦਰਸ਼ਨ ਅਭਿਲਾਸ਼ੀ: ਗੁਰਚਰਨ ਸਿੰਘ, ਸੁਰਿੰਦਰ ਸਿੰਘ ਅਤੇ ਸਮੂਹ ਗੁਰਾਇਆ ਪਰਿਵਾਰ
ਸੰਪਰਕ ਨੰਬਰ: +91 95014 74153




## ਮੈਲਬਰਨ 'ਚ ਮੋਦੀ ਦੇ ਦੌਰੇ ਦੌਰਾਨ ਖਾਲਿਸਤਾਨ ਸਮਰਥਕਾਂ ਤੇ

# ਮਨੁੱਖੀ ਅਧਿਕਾਰ ਜਥੇਬੰਦੀਆਂ ਦਾ ਜ਼ਬਰਦਸਤ ਰੋਸ ਪ੍ਰਦਰਸ਼ਨ




**ਨਵੀਂ ਦਿੱਲੀ, 9 ਜੁਲਾਈ (ਮਨਪ੍ਰੀਤ ਸਿੰਘ ਖਾਲਸਾ)**-ਆਸਟ੍ਰੇਲੀਆ ਦੇ ਮੈਲਬਰਨ ਵਿੱਚ ਭਾਰਤ ਦੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੇ ਦੌਰੇ ਦੌਰਾਨ ਮਾਰਵਲ ਸਟੇਡੀਅਮ ਦੇ ਬਾਹਰ ਖਾਲਿਸਤਾਨ ਸਮਰਥਕਾਂ ਅਤੇ ਮਨੁੱਖੀ ਅਧਿਕਾਰ ਜਥੇਬੰਦੀਆਂ ਵੱਲੋਂ ਵੱਡੇ ਪੱਧਰ 'ਤੇ ਰੋਸ ਪ੍ਰਦਰਸ਼ਨ ਕੀਤੇ ਗਏ। ਇਹ ਪ੍ਰਦਰਸ਼ਨ "ਮੈਲਬਰਨ ਮੀਟਸ ਮੋਦੀ" ਸਮਾਗਮ ਦੇ ਸਮਾਨਾਂਤਰ ਹੋਏ, ਜਿੱਥੇ ਹਜ਼ਾਰਾਂ ਦੀ ਗਿਣਤੀ ਵਿੱਚ ਭਾਰਤੀ ਭਾਈਚਾਰੇ ਦੇ ਲੋਕ ਇਕੱਠੇ ਹੋਏ ਸਨ। ਖਾਲਿਸਤਾਨ ਸਮਰਥਕ ਕਾਰਕੁਨਾਂ ਨੇ ਭਾਰਤ ਸਰਕਾਰ ਦੀਆਂ ਸਿੱਖ ਵਿਰੋਧੀ ਨੀਤੀਆਂ ਖ਼ਿਲਾਫ਼ ਨਾਅਰੇਬਾਜ਼ੀ ਕਰਦਿਆਂ ਸਿੱਖ ਭਾਈਚਾਰੇ ਨਾਲ ਜੁੜੇ ਮੁੱਦਿਆਂ ਨੂੰ ਉਭਾਰਿਆ। ਐਸਐਫਜੇ ਦੇ ਜਨਰਲ ਕੌਂਸਲ ਗੁਰਪਤਵੰਤ ਸਿੰਘ ਪੰਨੂ ਨੇ ਦਾਅਵਾ ਕੀਤਾ ਕਿ ਪੰਜਾਬ ਦੇ ਕਿਸਾਨਾਂ ਖ਼ਿਲਾਫ਼ ਕਥਿਤ ਕਾਰਵਾਈਆਂ ਅਤੇ ਹਰਦੀਪ ਸਿੰਘ ਨਿੱਜਰ ਦੀ ਹੱਤਿਆ ਦੇ ਮਾਮਲੇ ਵਿੱਚ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੂੰ ਜਵਾਬਦੇਹ ਠਹਿਰਾਇਆ ਜਾਣਾ ਚਾਹੀਦਾ ਹੈ।ਖਾਲਿਸਤਾਨ ਸਮਰਥਕਾਂ ਤੋਂ ਇਲਾਵਾ, ਹਿਊਮਨ ਰਾਈਟਸ ਵਾਚ ਅਤੇ ਐਮਨੈਸਟੀ ਇੰਟਰਨੈਸ਼ਨਲ ਸਮੇਤ ਮਨੁੱਖੀ ਅਧਿਕਾਰਾਂ ਨਾਲ ਜੁੜੇ ਕਾਰਕੁਨਾਂ ਨੇ ਵੀ ਭਾਰਤ ਵਿੱਚ ਘੱਟ ਗਿਣਤੀਆਂ ਦੇ ਹੱਕਾਂ, ਨਾਗਰਿਕ ਆਜ਼ਾਦੀਆਂ ਅਤੇ ਮਨੁੱਖੀ ਅਧਿਕਾਰਾਂ ਦੇ ਮੁੱਦਿਆਂ ਨੂੰ ਲੈ ਕੇ ਰੋਸ ਪ੍ਰਦਰਸ਼ਨ ਕੀਤਾ। ਪ੍ਰਦਰਸ਼ਨਕਾਰੀਆਂ ਨੇ ਵੱਖ-ਵੱਖ ਤਖ਼ਤੀਆਂ ਅਤੇ ਬੈਨਰਾਂ ਰਾਹੀਂ ਆਪਣਾ ਵਿਰੋਧ ਦਰਜ ਕਰਵਾਇਆ। ਪ੍ਰਦਰਸ਼ਨ ਦੌਰਾਨ "ਮੋਦੀ ਗੋ ਬੈਕ" ਅਤੇ ਹੋਰ ਨਾਅਰੇ ਗੂੰਜਦੇ ਰਹੇ। ਇਸੇ ਦੌਰਾਨ ਸੋਸ਼ਲ ਮੀਡੀਆ 'ਤੇ ਵੱਡੀ ਗਿਣਤੀ ਵਿੱਚ ਵੀਡੀਓਜ਼ ਵਾਇਰਲ ਹੋਈਆਂ, ਜਿਨ੍ਹਾਂ ਬਾਰੇ ਦਾਅਵਾ ਕੀਤਾ ਗਿਆ ਕਿ ਕੁਝ ਸਿੱਖ ਪ੍ਰਦਰਸ਼ਨਕਾਰੀਆਂ ਵੱਲੋਂ ਭਾਰਤੀ ਤਿਰੰਗੇ ਦੀ ਬੇਅਦਬੀ ਕੀਤੀ ਗਈ। ਵਾਇਰਲ ਵੀਡੀਓਜ਼ ਵਿੱਚ ਭਾਰੀ ਸੁਰੱਖਿਆ ਪ੍ਰਬੰਧਾਂ ਹੇਠ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦਾ ਕਾਫਲਾ ਲੰਘਦਾ ਦਿਖਾਈ ਦਿੰਦਾ ਹੈ, ਜਦਕਿ ਸੜਕ ਕਿਨਾਰੇ ਖੜ੍ਹੇ ਖਾਲਿਸਤਾਨ ਸਮਰਥਕ ਖਾਲਿਸਤਾਨੀ ਝੰਡੇ ਲਹਿਰਾਉਂਦੇ ਹੋਏ ਵਿਰੋਧ ਪ੍ਰਦਰਸ਼ਨ ਕਰ ਰਹੇ ਹਨ ਅਤੇ ਕੁਝ ਵੀਡੀਓਜ਼ ਵਿੱਚ ਭਾਰਤੀ ਤਿਰੰਗੇ ਨਾਲ ਬੇਅਦਬੀ ਹੁੰਦੀ ਦਿਖਾਈ ਦਿੰਦੀ ਹੈ। ਪ੍ਰਦਰਸ਼ਨ ਦੌਰਾਨ ਸੁਰੱਖਿਆ ਦੇ ਸਖ਼ਤ ਪ੍ਰਬੰਧ ਕੀਤੇ ਗਏ ਸਨ ਅਤੇ ਵੱਡੀ ਗਿਣਤੀ ਵਿੱਚ ਆਸਟ੍ਰੇਲੀਆਈ ਪੁਲਿਸ ਮੌਕੇ 'ਤੇ ਤਾਇਨਾਤ ਰਹੀ। ਰੋਸ ਪ੍ਰਦਰਸ਼ਨਾਂ ਕਾਰਨ ਮੈਲਬਰਨ ਵਿੱਚ ਮੋਦੀ ਦਾ ਦੌਰਾ ਇੱਕ ਵਾਰ ਫਿਰ ਅੰਤਰਰਾਸ਼ਟਰੀ ਪੱਧਰ 'ਤੇ ਚਰਚਾ ਦਾ ਵਿਸ਼ਾ ਬਣ ਗਿਆ।

# ਬੰਦੀ ਸਿੰਘਾਂ ਦੀ ਰਿਹਾਈ ਲਈ ਵੀ ਸਰਕਾਰ ਵੱਲੋਂ ਇੱਕੋ ਜਿਹੇ ਯਤਨ ਨਾ ਕਰਨ 'ਤੇ ਉਠਾਏ ਸਵਾਲ



**ਚੰਡੀਗੜ੍ਹ, 9 ਜੁਲਾਈ (ਸਟਿੰਗ ਆਪ੍ਰੇਸ਼ਨ ਬਿਊਰੋ)**-ਸ਼੍ਰੋਮਣੀ ਅਕਾਲੀ ਦਲ (ਪੁਨਰਸੁਰਜੀਤ) ਦੇ ਪ੍ਰਧਾਨ ਗਿਆਨੀ ਹਰਪ੍ਰੀਤ ਸਿੰਘ ਨੇ ਭਾਈ ਜਸਵੰਤ ਸਿੰਘ ਖਾਲੜਾ ਜੀ ਦੇ ਕਤਲ ਕੇਸ ਵਿੱਚ ਦੋਸ਼ੀ ਕਰਾਰ ਦਿੱਤੇ ਗਏ ਸਾਬਕਾ ਡੀਐਸਪੀ ਜਸਪਾਲ ਸਿੰਘ ਦੀ ਸਜ਼ਾ ਮੁਆਫ਼ੀ ਸਬੰਧੀ ਪੰਜਾਬ ਸਰਕਾਰ ਦੀ ਭੂਮਿਕਾ 'ਤੇ ਗੰਭੀਰ ਸਵਾਲ ਉਠਾਉਂਦਿਆਂ ਮੁੱਖ ਮੰਤਰੀ ਭਗਵੰਤ ਮਾਨ ਤੋਂ ਸਪੱਸ਼ਟੀਕਰਨ ਦੀ ਮੰਗ ਕੀਤੀ ਹੈ। ਉਨ੍ਹਾਂ ਕਿਹਾ ਕਿ ਸਤੰਬਰ 2022 ਵਿੱਚ ਇਸ ਮਾਮਲੇ ਸਬੰਧੀ ਪ੍ਰਸਤਾਵ ਪੰਜਾਬ ਸਰਕਾਰ ਵੱਲੋਂ ਰਾਜਪਾਲ ਕੋਲ ਭੇਜਿਆ ਗਿਆ ਸੀ। ਇਸ ਲਈ ਸਰਕਾਰ ਨੂੰ ਇਹ ਦੱਸਣਾ ਚਾਹੀਦਾ ਹੈ ਕਿ ਸਜ਼ਾ ਮੁਆਫ਼ੀ ਦੀ ਪੂਰੀ ਪ੍ਰਕਿਰਿਆ ਕਿਸ ਤਰ੍ਹਾਂ ਸ਼ੁਰੂ ਹੋਈ ਅਤੇ ਇਸ ਵਿੱਚ ਕਿਹੜੇ-ਕਿਹੜੇ ਅਧਿਕਾਰੀਆਂ ਅਤੇ ਵਿਭਾਗਾਂ ਦੀ ਭੂਮਿਕਾ ਰਹੀ। ਗਿਆਨੀ ਹਰਪ੍ਰੀਤ ਸਿੰਘ ਨੇ ਸਵਾਲ ਕੀਤਾ ਕਿ ਜੇਲ੍ਹ ਪ੍ਰਸ਼ਾਸਨ ਨੇ ਕਿਸ ਆਧਾਰ 'ਤੇ ਅਤੇ ਕਿਸ ਦੀ ਸਿਫ਼ਾਰਸ਼ 'ਤੇ ਸਜ਼ਾ ਮੁਆਫ਼ੀ ਦੀ ਕਾਰਵਾਈ ਸ਼ੁਰੂ ਕੀਤੀ। ਇਸ ਤੋਂ ਇਲਾਵਾ ਜਦੋਂ ਫਾਈਲ ਗ੍ਰਹਿ ਵਿਭਾਗ ਕੋਲ ਪਹੁੰਚੀ ਤਾਂ ਪੁਲਿਸ ਰਿਕਾਰਡ, ਜ਼ਿਲ੍ਹਾ ਪ੍ਰਸ਼ਾਸਨ ਦੀ ਰਾਏ, ਅਦਾਲਤੀ ਫ਼ੈਸਲੇ ਅਤੇ ਕਾਨੂੰਨੀ ਪੱਖਾਂ ਦੀ ਸਮੀਖਿਆ ਕਿਸ ਨੇ ਕੀਤੀ ਅਤੇ ਕਿਸ ਆਧਾਰ 'ਤੇ ਇਸ ਨੂੰ ਅੱਗੇ ਭੇਜਣ ਦੀ ਸਿਫ਼ਾਰਸ਼ ਕੀਤੀ ਗਈ। ਉਨ੍ਹਾਂ ਕਿਹਾ ਕਿ ਜੇ ਇਹ ਮਾਮਲਾ ਮੰਤਰੀ ਮੰਡਲ ਦੇ ਵਿਚਾਰ ਲਈ ਰੱਖਿਆ ਗਿਆ ਸੀ ਤਾਂ ਕੈਬਿਨੇਟ ਮੈਂਬਰਾਂ ਨੂੰ ਵੀ ਦੱਸਣਾ ਚਾਹੀਦਾ ਹੈ ਕਿ ਕੀ ਉਨ੍ਹਾਂ ਨੇ ਫਾਈਲ ਦਾ ਵਿਸਥਾਰ ਨਾਲ ਅਧਿਐਨ ਕਰਕੇ ਫ਼ੈਸਲਾ ਲਿਆ ਸੀ ਜਾਂ ਬਿਨਾਂ ਪੂਰੀ ਪੜਤਾਲ ਦੇ ਮਨਜ਼ੂਰੀ ਦਿੱਤੀ ਗਈ। ਗਿਆਨੀ ਹਰਪ੍ਰੀਤ ਸਿੰਘ ਨੇ ਕਿਹਾ ਕਿ ਜੇ ਗ੍ਰਹਿ ਮੰਤਰੀ ਅਤੇ ਮੁੱਖ ਮੰਤਰੀ ਦੀ ਮਨਜ਼ੂਰੀ ਤੋਂ ਬਾਅਦ ਹੀ ਫਾਈਲ ਰਾਜਪਾਲ ਕੋਲ ਭੇਜੀ ਗਈ ਸੀ ਤਾਂ ਮੁੱਖ ਮੰਤਰੀ ਭਗਵੰਤ ਮਾਨ ਨੂੰ ਇਹ ਸਪੱਸ਼ਟ ਕਰਨਾ ਚਾਹੀਦਾ ਹੈ ਕਿ ਭਾਈ ਜਸਵੰਤ ਸਿੰਘ ਖਾਲੜਾ ਜੀ ਦੇ ਕਤਲ ਕੇਸ ਵਿੱਚ ਦੋਸ਼ੀ ਦੀ ਸਜ਼ਾ ਮੁਆਫ਼ੀ ਦੀ ਪ੍ਰਕਿਰਿਆ ਨੂੰ ਮਨਜ਼ੂਰੀ ਦੇਣ ਦਾ ਫ਼ੈਸਲਾ ਕਿਉਂ ਲਿਆ ਗਿਆ। ਉਨ੍ਹਾਂ ਇਹ ਵੀ ਸਵਾਲ ਉਠਾਇਆ ਕਿ ਜਿਨ੍ਹਾਂ ਬੰਦੀ ਸਿੰਘਾਂ ਨੇ ਆਪਣੀਆਂ ਸਜ਼ਾਵਾਂ ਪੂਰੀਆਂ ਕਰ ਲਈਆਂ ਹਨ, ਉਨ੍ਹਾਂ ਦੀ ਰਿਹਾਈ ਲਈ ਪੰਜਾਬ ਸਰਕਾਰ ਵੱਲੋਂ ਇਸੇ ਤਰ੍ਹਾਂ ਦੇ ਯਤਨ ਕਿਉਂ ਨਹੀਂ ਕੀਤੇ ਗਏ। ਉਨ੍ਹਾਂ ਕਿਹਾ ਕਿ ਇਸ ਮਾਮਲੇ ਵਿੱਚ ਸਰਕਾਰ ਨੂੰ ਪੂਰੀ ਪਾਰਦਰਸ਼ਤਾ ਨਾਲ ਆਪਣਾ ਪੱਖ ਪੰਜਾਬ ਦੇ ਲੋਕਾਂ ਸਾਹਮਣੇ ਰੱਖਣਾ ਚਾਹੀਦਾ ਹੈ।

# ਆਮ ਆਦਮੀ ਪਾਰਟੀ ਦੀ ਸਰਕਾਰ ਦੇ ਸਮੇਂ ਪਿੰਡ ਮੱਲ੍ਹੀਆ ਦਾ ਸਰਵਪੱਖੀ ਵਿਕਾਸ ਹੋਇਆ, ਰਾਜ ਭਨੋਟ ਆਸਟਰੇਲੀਆ



**ਜੰਡਿਆਲਾ ਗੁਰੂ 10 ਜੁਲਾਈ ( ਕੁਲਵੰਤ ਸਿੰਘ ਵਿਰਦੀ )**-ਆਮ ਆਦਮੀ ਪਾਰਟੀ ਦੀ ਸਰਕਾਰ ਨੇ ਆਪਣੇ ਕਾਰਜਕਾਰੀ ਦੇ ਚਾਰ ਸਾਲ ਪੂਰੇ ਕਰ ਲਏ ਹਨ, ਅਤੇ ਪੰਜਵੇਂ ਸਾਲ ਵਿੱਚ ਪੈਰ ਰੱਖ ਲਿਆ ਹੈ ਆਮ ਆਦਮੀ ਪਾਰਟੀ ਦੀ ਸਰਕਾਰ ਨੇ ਸ਼ੁਰੂ ਵਿੱਚ ਆਉਂਦਿਆਂ ਹੀ ਪਿੰਡਾਂ ਦੇ ਵਿਕਾਸ ਨੂੰ ਤਰਵੀਜ ਦਿੱਤੀ, ਅਤੇ ਉਹਨਾ ਨੇ ਬਗੈਰ ਕਿਸੇ ਭੇਦ ਭਾਵ ਅਕਾਲੀ, ਕਾਂਗਰਸੀ ਕਿਸੇ ਵੀ ਨਾਲ ਮਤਭੇਵ ਨਾ ਕਰਦਿਆਂ ਵਿਕਾਸ ਦੀ ਹਰ ਪਿੰਡ ਚ ਹਨੇਰੀ ਲਿਆਂਦੀ ਹੈ।, ਇਹਨਾਂ ਗੱਲਾਂ ਦਾ ਪ੍ਰਗਟਾਵਾ ਕਰਦਿਆਂ ਰਾਜ ਭਨੋਟ ਆਸਟਰੇਲੀਆ ਨੇ ਪ੍ਰੈਸ ਨੋਟ ਜਾਰੀ ਕਰਦਿਆ ਹੋਇਆ ਕਿਹਾ ਕਿ ਆਮ ਆਦਮੀ ਪਾਰਟੀ ਨੇ ਪਿੰਡ ਦਾ ਸਰਵਪੱਖੀ ਵਿਕਾਸ ਕੀਤਾ ਹੈ।ਉਹਨਾਂ ਨੇ ਪਿੰਡ ਦੀ ਪੰਚਾਇਤ ਬਾਰੇ ਚਾਰ ਸ਼ਬਦ ਬੋਲਦਿਆਂ ਕਿਹਾ ਕਿ ਪਿੰਡ ਦੀ ਪੰਚਾਇਤ ਵੀ ਬਹੁਤ ਸੁਲਝੀ ਹੋਈ ਪੰਚਾਇਤ ਹੈ। ਅਤੇ ਉਹ ਧੜਾ ਧੜ ਪਿੰਡ ਦੇ ਕੰਮ ਕਰਵਾ ਰਹੀ ਹੈ, ਉਹਨਾਂ ਕਿਹਾ ਕਿ ਪਿੰਡ ਮੱਲ੍ਹੀਆ ਜੋ ਕੇ ਇੱਕ ਇਤਿਹਾਸਿਕ ਨਗਰ ਹੈ ਪਿਛਲੇ ਕਾਫੀ ਲੰਮੇ ਸਮੇਂ ਤੋਂ ਵਿਕਾਸ ਪੱਖੋਂ ਕਾਫੀ ਪਛੜਿਆ ਹੋਇਆ ਸੀ, ਅੱਗੇ ਉਹਨਾਂ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਬਣਨ ਤੋਂ ਪਹਿਲਾਂ ਮੰਤਰੀ ਹਰਭਜਨ ਸਿੰਘ ਈਟੀਓ ਨੇ ਜੋ ਪਿੰਡ ਨਿਵਾਸੀਆਂ ਨਾਲ ਜੋ ਵਾਅਦੇ ਕੀਤੇ ਸਨ ਵਿਕਾਸ ਦੇ ,ਉਸ ਤੋਂ ਵੀ ਵੱਧ ਚੜ੍ਹ ਕੇ ਪਿੰਡ ਦਾ ਵਿਕਾਸ ਹੋ ਰਿਹਾ ਹੈ ਅਤੇ ਇਹ ਸਾਰਾ ਸਿਹਰਾ ਪਿੰਡ ਦੀ ਪੰਚਾਇਤ ਤੇ ਜਾਂਦਾ ਹੈ। ਅੱਗੇ ਉਹਨਾਂ ਕਿਹਾ ਕਿ ਪਿੰਡ ਮੱਲ੍ਹੀਆ ਨੂੰ ਇੱਕ ਨਵਾਂ ਹਸਪਤਾਲ ਮਿਲਣਾ ,ਪੰਚਾਇਤ ਘਰ ਵਾਸਤੇ ਬਿਲਡਿੰਗ ਦਾ ਤਿਆਰ ਹੋਣਾ, ਅਤੇ ਪਿੰਡ ਦੇ ਸਾਰੇ ਗੁਰਦੁਆਰਾ ਸਾਹਿਬ ਵਿਖੇ ਲਾਈਟਾਂ ਲੱਗਣੀਆ ਅਤੇ ਹੋਰ ਵੀ ਕਈ ਬਾਜ਼ਾਰ ਜੋ ਕਿ ਪਿਛਲੇ 40 ਸਾਲਾਂ ਤੋਂ ਕੱਚੇ ਸਨ ਉਹਨਾਂ ਨੂੰ ਪੱਕਾ ਕੀਤਾ ਜਾ ਰਿਹਾ, ਜੋ ਕਿ ਪਿੰਡ ਦੀ ਇੱਕ ਸੁੰਦਰ ਵਿਲੱਖਤਾ ਨੂੰ ਵੇਖਣ ਦਾ ਵੱਖਰਾ ਹੀ ਨਜ਼ਾਰਾ ਵੇਖਣ ਨੂੰ ਮਿਲਦਾ ਹੈ। ਸਭ ਤੋਂ ਵੱਡੀ ਗੱਲ ਹੈ ਕਿ ਪਿੰਡ ਮੱਲ੍ਹੀਆ ਅਤੇ ਬਾਲੀਆਂ ਮੰਝਪੁਰ ਦੇ ਵਿਚਕਾਰ ਇੱਕ ਪੋਲੀ ਟੈਕਨੀਕਲ ਕਾਲਜ ਤਿਆਰ ਹੋ ਰਿਹਾ ਹੈ ਜੋ ਪਿੰਡ ਵਾਸਤੇ ਬੜੀ ਹੀ ਮਾਣ ਅਤੇ ਫਕਰ ਵਾਲੀ ਗੱਲ ਹੈ ਕਿਉਂਕਿ ਇਸ ਪੋਲੀਟੈਕਨੀਕਲ ਕਾਲਜ ਵਿੱਚ ਬੱਚੇ ਪੜ੍ਹ ਲਿਖ ਕੇ ਆਪਣਾ ਭਵਿੱਖ ਤਿਆਰ ਕਰਨਗੇ। ਅਤੇ ਆਪਣੇ ਪੈਰਾਂ ਤੇ ਸਟੈਂਡ ਹੋ ਕੇ ਆਪਣੇ ਮਾਤਾ ਪਿਤਾ ਦਾ ਸਹਾਰਾ ਬਣਨਗੇ

# ਖਾਲੜਾ ਦੇ ਕਾਤਲ ਡੀ. ਐਸ. ਪੀ. ਨੂੰ ਲੱਭਣ ਦੇ ਹੁਕਮ

**ਜ਼ਮਾਨਤ 'ਤੇ ਰਿਹਾਅ ਹੋਇਆ ਸੀ ਡੀ ਐੱਸ ਪੀ; ਪੰਜਾਬ ਸਰਕਾਰ ਨੇ ਜਸਪਾਲ ਸਿੰਘ ਦੀ ਸਜ਼ਾ ਮੁਆਫ਼ੀ ਲਈ ਭੇਜਿਆ ਸੀ ਪ੍ਰਸਤਾਵ**

ਫਿਲਮ 'ਸਤਲੁਜ' ਵਿਵਾਦ ਮਗਰੋਂ ਜਸਵੰਤ ਸਿੰਘ ਖਾਲੜਾ ਦੇ ਕਾਤਲਾਂ 'ਤੇ ਮੁੜ ਰੌਸ਼ਨੀ ਪੈ ਗਈ। ਨਾਭਾ ਓਪਨ ਖੇਤੀਬਾੜੀ ਜੇਲ੍ਹ ਵੱਲੋਂ ਹੁਸ਼ਿਆਰਪੁਰ ਪੁਲੀਸ ਨੂੰ ਕਾਤਲ ਡੀ ਐੱਸ ਪੀ ਜਸਪਾਲ ਸਿੰਘ ਦਾ ਥਹੁ ਪਤਾ ਲਾਉਣ ਨੂੰ ਕਿਹਾ ਗਿਆ ਹੈ। ਹੁਸ਼ਿਆਰਪੁਰ ਸਦਰ ਥਾਣਾ ਦੇ ਏ ਐੱਸ ਆਈ ਜਸਵਿੰਦਰ ਸਿੰਘ ਨੇ ਇਸ ਦੀ ਪੁਸ਼ਟੀ ਕਰਦੇ ਹੋਏ ਦੱਸਿਆ ਕਿ ਏ ਐੱਸ ਆਈ ਸੁਰਿੰਦਰ ਪਾਲ ਸਿੰਘ ਨੂੰ ਜਸਪਾਲ ਸਿੰਘ ਦਾ ਪਤਾ ਉਸ ਦੇ ਪਿੰਡ ਤੋਂ ਲਾਉਣ ਲਈ ਕਿਹਾ ਗਿਆ ਹੈ। ਉਮਰ ਕੈਦ ਦੀ ਸਜ਼ਾ ਕੱਟ ਰਹੇ ਜਸਪਾਲ ਸਿੰਘ ਨੂੰ ਮਈ 2023 ਵਿੱਚ ਨਾਭਾ ਓਪਨ ਖੇਤੀਬਾੜੀ ਜੇਲ੍ਹ 'ਚੋਂ ਇੱਕ ਲੱਖ ਰੁਪਏ ਅਤੇ ਨਿੱਜੀ ਬਾਂਡ ਭਰਵਾ ਕੇ ਜ਼ਮਾਨਤ 'ਤੇ ਰਿਹਾਅ ਕਰ ਦਿੱਤਾ ਗਿਆ ਸੀ। 2022 ਵਿੱਚ ਪੰਜਾਬ ਸਰਕਾਰ ਵੱਲੋਂ ਜਸਪਾਲ ਸਿੰਘ ਦੀ ਸਜ਼ਾ ਮੁਆਫ਼ੀ ਲਈ ਪ੍ਰਸਤਾਵ ਭੇਜਿਆ ਗਿਆ ਸੀ। ਸੀਨੀਅਰ ਜੇਲ੍ਹ ਅਧਿਕਾਰੀ ਨੇ ਦੱਸਿਆ ਕਿ ਉਸ ਪ੍ਰਸਤਾਵ 'ਤੇ ਹਾਲੇ ਤੱਕ ਰਾਜਪਾਲ ਵੱਲੋਂ ਕੋਈ ਫ਼ੈਸਲਾ ਨਹੀਂ ਆਇਆ। ਉਨ੍ਹਾਂ ਦੱਸਿਆ ਕਿ



ਹਾਈ ਕੋਰਟ ਵੱਲੋਂ ਅਦਾਲਤ ਦੀ ਮਾਣਹਾਨੀ ਦੇ ਕੇਸ ਸੀ ਓ ਸੀ ਪੀ ਨੰਬਰ 2020/2022 ਵਿਚ ਸੁਣਾਏ ਫੈਸਲੇ ਮੁਤਾਬਕ ਜੇ ਤਿੰਨ ਮਹੀਨੇ ਤੱਕ ਰਾਜਪਾਲ ਵੱਲੋਂ ਸਰਕਾਰ ਦੇ ਪ੍ਰਸਤਾਵ 'ਤੇ ਫੈਸਲਾ ਨਾ ਲਿਆ ਜਾਵੇ ਤਾਂ ਫੈਸਲਾ ਆਉਣ ਤੱਕ ਕੈਦੀ ਨੂੰ ਜ਼ਮਾਨਤ 'ਤੇ ਰਿਹਾਅ ਕੀਤਾ ਜਾਵੇ। ਉਸੇ ਨੂੰ ਆਧਾਰ ਬਣਾ ਕੇ ਪਟਿਆਲਾ ਚੀਫ ਜੁਡੀਸ਼ਲ ਮੈਜਿਸਟਰੇਟ ਨਵਦੀਪ ਕੌਰ ਗਿੱਲ ਨੇ ਜਸਪਾਲ ਸਿੰਘ ਦੀ ਰਿਹਾਈ ਦੇ ਹੁਕਮ ਕੀਤੇ।

ਦਿਲਚਸਪ ਹੈ ਕਿ ਅਪਰੈਲ 2019 ਵਿੱਚ ਵੀ ਜਸਪਾਲ ਸਿੰਘ ਨੂੰ ਇਸੇ ਨਿਯਮ ਤਹਿਤ ਹਾਈ ਕੋਰਟ ਤੋਂ ਪਰੋਲ ਮਿਲੀ ਸੀ। ਉਸ ਸਮੇਂ ਨਾਭਾ ਜੇਲ੍ਹ ਸੁਪਰਡੈਂਟ ਨੇ ਜਸਪਾਲ ਸਿੰਘ ਨੂੰ ਖਾਲੜਾ ਕਤਲ ਕੇਸ 'ਚ ਤਾਂ ਪੈਰੋਲ ਦੇ ਦਿੱਤੀ ਪਰ ਉਸ ਨੂੰ ਟਾਂਡਾ ਦੇ ਐੱਫ ਆਈ ਆਰ 81/1996 ਦੇ ਕੇਸ ਵਿੱਚ ਸੁਣਾਈ ਗਈ ਪੰਜ ਸਾਲ ਦੀ ਕੈਦ ਦੇ ਤਹਿਤ ਅੰਦਰ ਹੀ ਰੱਖਿਆ। ਇਸ 'ਤੇ ਜਸਪਾਲ ਸਿੰਘ ਨੇ ਹਾਈ ਕੋਰਟ ਵਿੱਚ ਜੇਲ੍ਹ ਪ੍ਰਸ਼ਾਸਨ ਖ਼ਿਲਾਫ਼ ਕੇਸ ਕੀਤਾ ਕਿ ਉਹ 2005 ਤੋਂ ਜੇਲ੍ਹ ਵਿਚ ਹੈ ਤੇ ਉਸ ਦੀ ਪੰਜ ਸਾਲ ਦੀ ਸਜ਼ਾ ਉਮਰ ਕੈਦ ਦੇ ਨਾਲ ਚੱਲਦੇ ਹੋਏ ਖ਼ਤਮ ਹੋ ਗਈ ਪਰ ਸਤੰਬਰ 2019 ਵਿਚ ਉਸ ਨੇ ਕੇਸ ਵਾਪਸ ਲੈ ਲਿਆ। ਇਸ ਦੌਰਾਨ ਮਈ 2019 ਵਿਚ ਪੰਜਾਬ ਸਰਕਾਰ ਨੇ ਪੱਤਰ ਨੰਬਰ 1/133/2017-2 ਗ 7/143346/1 ਵਿੱਚ ਜੇਲ੍ਹ ਪ੍ਰਸ਼ਾਸਨ ਨੂੰ ਲਿਖਿਆ ਕਿ ਦੋ ਵੱਖ ਅਦਾਲਤਾਂ 'ਚੋਂ ਸੁਣਾਈ ਸਜ਼ਾ ਇਕੱਠੇ ਚੱਲੇਗੀ ਜਾਂ ਨਹੀਂ ਇਸ ਦਾ ਫੈਸਲਾ ਸਰਕਾਰ ਜਾਂ ਅਧਿਕਾਰੀ ਨਹੀਂ ਕਰ ਸਕਦੇ, ਪਟੀਸ਼ਨਕਰਤਾ ਨੂੰ ਇਹ ਫ਼ੈਸਲਾ ਅਦਾਲਤ ਤੋਂ ਲਿਆਉਣਾ ਪਵੇਗਾ।

ਦੂਜੇ ਪਾਸੇ ਇਸੇ ਦਰਮਿਆਨ 2019 ਵਿੱਚ ਰਾਜਪਾਲ ਵੀ ਪੀ ਬਦਨੌਰ ਨੇ ਕੇਂਦਰੀ ਗ੍ਰਹਿ ਵਿਭਾਗ ਦੇ ਜਵਾਬ ਵਿਚ ਇਤਰਾਜ਼ ਆਉਣ ਤੋਂ ਬਾਅਦ ਸਜ਼ਾ ਮੁਆਫ਼ੀ ਦੀ ਅਰਜ਼ੀ ਖਾਰਜ ਕਰ ਦਿੱਤੀ ਜਿਸ ਕਾਰਨ ਜਸਪਾਲ ਸਿੰਘ ਦੀ ਮੁੜ ਤੋਂ ਉਮਰ ਕੈਦ ਸ਼ੁਰੂ ਹੋ ਗਈ। ਫਿਰ ਕਰੋਨਾ ਕਾਲ ਵਿਚ ਸਾਰੇ ਕੈਦੀਆਂ ਸਮੇਤ ਜਸਪਾਲ ਸਿੰਘ ਨੂੰ ਵੀ ਪੈਰੋਲ ਮਿਲੀ। 2021 ਵਿਚ ਜਸਪਾਲ ਨੇ ਹਾਈ ਕੋਰਟ ਵਿਚ ਫੇਰ ਤੋਂ ਸਜ਼ਾ ਮੁਆਫੀ ਦੀ ਅਪੀਲ ਦਾਇਰ ਕੀਤੀ ਪਰ ਅਗਸਤ 2022 ਵਿਚ ਉਹ ਕੇਸ ਵੀ ਵਾਪਸ ਲੈ ਲਿਆ ਤੇ ਅਦਾਲਤ ਨੇ ਜਸਪਾਲ ਸਿੰਘ ਨੂੰ 16 ਅਗਸਤ 2022 ਤੱਕ ਸਮਰਪਣ ਕਰਨ ਨੂੰ ਕਿਹਾ। ਜਸਪਾਲ ਸਿੰਘ ਨੇ ਜ਼ਿਆਦਾਤਰ ਕੈਦ ਓਪਨ ਜੇਲ੍ਹ ਵਿਚ ਹੀ ਕੱਟੀ ਹੈ।

1995 ਵਿਚ ਮਨੁੱਖੀ ਅਧਿਕਾਰ ਕਾਰਕੁਨ ਜਸਵੰਤ ਸਿੰਘ ਖਾਲੜਾ ਨੂੰ ਅਗਵਾ ਕਰ ਕੇ ਮਾਰਨ ਦੇ ਕੇਸ ਦਾ 2005 ਵਿੱਚ ਫੈਸਲਾ ਸੁਣਾਉਂਦੇ ਹੋਏ ਪਟਿਆਲਾ ਸੀ ਬੀ ਆਈ ਕੋਰਟ ਨੇ ਡੀ ਐੱਸ ਪੀ ਜਸਪਾਲ ਸਿੰਘ ਅਤੇ ਏ ਐੱਸ ਆਈ ਅਮਰਜੀਤ ਸਿੰਘ ਨੂੰ ਉਮਰ ਕੈਦ ਅਤੇ ਐੱਸ ਐੱਚ ਓ ਸੁਰਿੰਦਰਪਾਲ ਸਿੰਘ, ਜਸਬੀਰ ਸਿੰਘ, ਸਤਨਾਮ ਸਿੰਘ ਅਤੇ ਹੈਡ ਕਾਂਸਟੇਬਲ ਪ੍ਰਿਥੀਪਾਲ ਸਿੰਘ ਨੂੰ ਸੱਤ ਸਾਲ ਦੀ ਸਜ਼ਾ ਸੁਣਾਈ ਸੀ। ਅਪੀਲ ਦੌਰਾਨ ਹਾਈ ਕੋਰਟ ਨੇ ਜਸਪਾਲ ਦੀ ਸਜ਼ਾ ਬਰਕਰਾਰ ਰੱਖਦੇ ਹੋਏ ਅਮਰਜੀਤ ਸਿੰਘ ਨੂੰ ਬਰੀ ਕੀਤਾ ਅਤੇ ਬਾਕੀ ਚਾਰ ਦੀ ਸਜ਼ਾ ਸੱਤ ਸਾਲ ਤੋਂ ਉਮਰ ਕੈਦ ਕਰ ਦਿੱਤੀ।

## ਡਿਪਟੀ ਕਮਿਸ਼ਨਰ ਵੱਲੋਂ 100 ਫ਼ੀਸਦ ਡੀਜੀਟਲਾਈਜ਼ੇਸ਼ਨ ਦਾ

# ਟੀਚਾ ਪੂਰਾ ਕਰਨ ਵਾਲੇ ਬੀ.ਐੱਲ.ਓਜ਼ ਦਾ ਸਨਮਾਨ



**ਸੰਗਰੂਰ ( ਰਣਜੀਤ ਸਿੰਘ ਪੇਧਨੀ )**-ਪੰਜਾਬ ਰਾਜ ਵਿੱਚ ਸਪੈਸ਼ਲ ਇੰਟੈਂਸਿਵ ਰਿਵੀਜਨ-2026 ਨੂੰ ਮੁੱਖ ਰੱਖਦੇ ਹੋਏ ਚੱਲ ਰਹੀਆਂ ਵੱਖ ਵੱਖ ਗਤੀਵਿਧੀਆਂ ਤਹਿਤ ਮਿਤੀ 25.06.2026 ਤੋਂ ਮਿਤੀ 24.07.2026 ਤਕ ਬੀ.ਐੱਲ.ਓਜ਼ ਵੱਲੋਂ ਕੀਤੇ ਜਾ ਰਹੇ ਡੋਰ ਟੂ ਡੋਰ ਸਰਵੇ ਦੌਰਾਨ ਵੋਟਰਾਂ ਨੂੰ ਗਣਨਾ ਫ਼ਰਮਾਂ ਦੀ ਵੰਡ ਕੀਤੀ ਜਾ ਰਹੀ ਹੈ ਅਤੇ ਵੋਟਰਾਂ ਪਾਸੋਂ ਭਰੇ ਹੋਏ ਫਾਰਮ ਇਕੱਤਰ ਕਰਕੇ ਬੀ.ਐੱਲ.ਓ., ਐੱਪ ਵਿੱਚ ਡੀਜੀਟਾਈਜ਼ ਕੀਤੇ ਜਾ ਰਹੇ ਹਨ। ਮੁੱਖ ਚੋਣ ਅਫਸਰ, ਪੰਜਾਬ, ਚੰਡੀਗੜ੍ਹ ਪਾਸੋਂ ਪ੍ਰਾਪਤ ਹਦਾਇਤਾਂ ਦੀ ਪਾਲਣਾ ਹਿੱਤ ਗਣਨਾ ਫਾਰਮ ਦੀ 100 ਫ਼ੀਸਦ ਡੀਜੀਟਲਾਈਜ਼ੇਸ਼ਨ ਦਾ ਟੀਚਾ ਸਭ ਤੋਂ ਪਹਿਲਾ ਪੂਰਾ ਕਰਨ ਵਾਲੇ ਬੀ.ਐੱਲ.ਓਜ਼ ਨੂੰ ਡਿਪਟੀ ਕਮਿਸ਼ਨਰ-ਕਮ-ਜ਼ਿਲ੍ਹਾ ਚੋਣ ਅਫਸਰ, ਸੰਗਰੂਰ ਵਲੋਂ ਪ੍ਰਸ਼ੰਸਾ ਪੱਤਰ ਦੇ ਕੇ ਜ਼ਿਲ੍ਹਾ ਪੱਧਰ 'ਤੇ ਸਨਮਾਨਿਤ ਕੀਤਾ ਗਿਆ। ਇਸ ਦੌਰਾਨ ਵਿਧਾਨ ਸਭਾ ਚੋਣ ਹਲਕਾ 099-ਲਹਿਰਾ ਦੇ ਬੂਥ ਨੰ 91 ਦੇ ਬੀ.ਐੱਲ.ਓ. ਸ੍ਰੀਮਤੀ ਅਮਨਦੀਪ ਕੌਰ, ਚੋਣ ਹਲਕਾ 100-ਦਿੜ੍ਹਬਾ ਦੇ ਬੂਥ ਨੰ 84 'ਤੇ ਤਾਇਨਾਤ ਬੀ.ਐੱਲ.ਓ. ਸ੍ਰੀ ਸੰਜੀਵ ਜੋਸ਼ੀ ਅਤੇ ਬੂਥ ਨੰ 134 'ਤੇ ਤਾਇਨਾਤ ਬੀ.ਐੱਲ.ਓ. ਸ੍ਰੀ ਜਗਸੀਰ ਸਿੰਘ, ਚੋਣ ਹਲਕਾ 101-ਸੁਨਾਮ ਦੇ ਬੂਥ ਨੰ 04 'ਤੇ ਤਾਇਨਾਤ ਬੀ.ਐੱਲ.ਓ ਸ੍ਰੀ ਰੋਮੀ ਸਿੰਘ ਅਤੇ ਬੂਥ ਨੰ 45 'ਤੇ ਤਾਇਨਾਤ ਬੀ.ਐੱਲ.ਓ. ਸ੍ਰੀ ਜਗਜੀਤ ਸਿੰਘ ਅਤੇ ਵਿਧਾਨ ਸਭਾ ਚੋਣ ਹਲਕਾ 107-ਧੂਰੀ ਦੇ ਬੂਥ ਨੰ 189 'ਤੇ ਤਾਇਨਾਤ ਬੀ.ਐੱਲ.ਓ ਸ਼੍ਰੀ ਲਖਵੀਰ ਸਿੰਘ ਨੂੰ ਡਿਪਟੀ ਕਮਿਸ਼ਨਰ-ਕਮ-ਜ਼ਿਲ੍ਹਾ ਚੋਣ ਅਫਸਰ, ਸੰਗਰੂਰ ਵਲੋਂ ਸ਼ੁਭਕਾਮਨਾਵਾਂ ਦਿੰਦੇ ਹੋਏ ਸਰਟੀਫਿਕੇਟ ਪ੍ਰਦਾਨ ਕੀਤੇ ਗਏ ਅਤੇ ਇਨ੍ਹਾਂ ਜੇਤੂ ਬੀ.ਐੱਲ.ਓਜ਼ ਨੂੰ ਸਪੈਸ਼ਲ ਇੰਟੈਸਿਵ ਰਿਵੀਜਨ-2026 ਦੇ ਅਗਲੇਰੇ ਟੀਚਿਆਂ ਵਿੱਚ ਵੀ ਵਧੀਆਂ ਪ੍ਰਦਰਸ਼ਨ ਕਰਨ ਲਈ ਪ੍ਰੇਰਿਤ ਕੀਤਾ ਗਿਆ। ਇਸ ਸਰਟੀਫਿਕੇਟ ਵੰਡ ਸਮਾਰੋਹ ਦੌਰਾਨ ਸ੍ਰੀ ਅੰਕੁਰ ਮਹਿੰਦਰੂ, ਪੀ.ਸੀ.ਐੱਸ, ਵਧੀਕ ਡਿਪਟੀ ਕਮਿਸ਼ਨਰ (ਜ), ਸੰਗਰੂਰ, ਸ਼੍ਰੀਮਤੀ ਪਰਮਜੀਤ ਕੌਰ, ਚੋਣ ਤਹਿਸੀਲਦਾਰ, ਸਮੂਹ ਜੇਤੂ ਬੀ.ਐੱਲ.ਓਜ਼ ਤੋਂ ਇਲਾਵਾ ਜ਼ਿਲ੍ਹਾ ਚੋਣ ਦਫਤਰ ਦਾ ਚੋਣ ਸਟਾਫ ਹਾਜ਼ਰ ਸੀ।

**ਸਪੈਸ਼ਲ ਇੰਟੈਂਸਿਵ ਰਿਵੀਜਨ-2026 ਦੇ ਅਗਲੇਰੇ ਟੀਚਿਆਂ ਨੂੰ ਵੀ ਬੀ.ਐੱਲ.ਓਜ਼ ਪੂਰੀ ਲਗਨ ਨਾਲ ਪੂਰਾ ਕਰਨ: ਜ਼ਿਲ੍ਹਾ ਚੋਣ ਅਫਸਰ**


## ਜਨਮਦਿਨ ਦੀਆਂ ਵਧਾਈਆਂ




**ਡਾ: ਵਿਜੈ ਸਤਬੀਰ ਸਿੰਘ ਜੀ (ਸਾਬਕਾ ਆਈ ਏ ਐਸ)**
**ਮੁੱਖ ਪ੍ਰਬੰਧਕ ਤਖ਼ਤ ਸੱਚਖੰਡ ਸ੍ਰੀ ਹਜ਼ੂਰ ਸਾਹਿਬ, ਨਾਂਦੇੜ**

ਤੁਹਾਨੂੰ ਜਨਮ ਦਿਨ ਦੇ ਸ਼ੁਭ ਅਵਸਰ 'ਤੇ ਦੇਸ਼-ਵਿਦੇਸ਼ ਦੀਆਂ ਸੰਗਤਾਂ ਅਤੇ ਸਮੂਹ ਗੁਰਦੁਆਰਾ ਸੱਚਖੰਡ ਸ੍ਰੀ ਹਜ਼ੂਰ ਜੀ ਦੇ ਅਧਿਕਾਰੀਆਂ, ਕਰਮਚਾਰੀਆਂ ਵੱਲੋਂ ਕੋਟਿ-ਕੋਟਿ ਵਧਾਈਆਂ ਅਤੇ ਨਿੱਘੀਆਂ ਸ਼ੁਭਕਾਮਨਾਵਾਂ! ਫੋਟੋ ਵੇਰਵਾ ਬਾਬਾ ਸੁਖਵੰਤ ਸਿੰਘ ਚੰਨਣਕੇ ਚੌਕ ਮਹਿਤਾ)

### ਸ੍ਰੀ ਕਰਤਾਰਪੁਰ ਸਾਹਿਬ ਦਾ ਲਾਂਘਾ ਪੱਕੇ ਤੌਰ 'ਤੇ ਖੋਲ੍ਹਣ ਦੀ ਮੰਗ ਨੂੰ ਲੈ ਕੇ

# ਅਕਾਲੀ ਦਲ ਵਾਰਿਸ ਪੰਜਾਬ ਦੇ ਵੱਲੋਂ ਅਰਦਾਸ ਸਮਾਗਮ





**ਡੇਰਾ ਬਾਬਾ ਨਾਨਕ, 9 ਜੁਲਾਈ (ਆਵਾਜ਼ਿ ਕੌਮ ਬਿਊਰੋ)**-ਮੈਂਬਰ ਪਾਰਲੀਮੈਂਟ ਭਾਈ ਅੰਮ੍ਰਿਤਪਾਲ ਸਿੰਘ ਜੀ ਦੇ ਪਿਤਾ ਬਾਪੂ ਤਰਸੇਮ ਸਿੰਘ ਜੀ ਦੀ ਅਗਵਾਈ ਹੇਠ ਅਕਾਲੀ ਦਲ ਵਾਰਿਸ ਪੰਜਾਬ ਦੇ ਵੱਲੋਂ ਸ੍ਰੀ ਕਰਤਾਰਪੁਰ ਸਾਹਿਬ ਦਾ ਲਾਂਘਾ ਪੱਕੇ ਤੌਰ 'ਤੇ ਖੁਲਵਾਉਣ ਦੀ ਅਰਦਾਸ ਨੂੰ ਸਮਰਪਿਤ ਵਿਸ਼ੇਸ਼ ਅਰਦਾਸ ਸਮਾਗਮ ਕਰਵਾਇਆ ਗਿਆ। ਇਸ ਤੋਂ ਪਹਿਲਾਂ ਫਤਿਹਗੜ੍ਹ ਚੂੜੀਆਂ ਵਿਖੇ ਭਾਈ ਜੁਗਰਾਜ ਸਿੰਘ ਲਾਲਾਨੰਗਲ ਅਤੇ ਹਲਕੇ ਦੀਆਂ ਸੰਗਤਾਂ ਵੱਲੋਂ ਬਾਪੂ ਤਰਸੇਮ ਸਿੰਘ ਜੀ ਅਤੇ ਸੀਨੀਅਰ ਲੀਡਰਸ਼ਿਪ ਨੂਰ ਸਿਪਾਓ ਦੇਕੇ ਸਨਮਾਨ ਕੀਤਾ ਗਿਆ ਉਪਰੰਤ ਅਕਾਲੀ ਦਲ ਵਾਰਿਸ ਪੰਜਾਬ ਦੇ ਦੇ ਸਮੂਹ ਆਗੂ ਅਤੇ ਵਰਕਰ ਸਾਹਿਬਾਨ ਕੌਮੀ ਸ਼ਹੀਦ ਭਾਈ ਸਤਵੰਤ ਸਿੰਘ ਜੀ ਦੇ ਜੱਦੀ ਪਿੰਡ ਅਗਵਾਨ ਵਿਖੇ ਇਕੱਤਰ ਹੋਏ, ਜਿੱਥੇ ਭਾਈ ਸੁਖਵਿੰਦਰ ਸਿੰਘ ਅਗਵਾਨ ਵੱਲੋਂ ਬਾਪੂ ਤਰਸੇਮ ਸਿੰਘ ਜੀ ਨੂੰ ਸਿਰੋਪਾਓ ਭੇਟ ਕਰਕੇ ਸਨਮਾਨਿਤ ਕੀਤਾ ਗਿਆ। ਇਸ ਉਪਰੰਤ ਸਮੂਹ ਸੰਗਤ ਅਤੇ ਪਾਰਟੀ ਆਗੂ ਇੱਕ ਵਿਸ਼ਾਲ ਕਾਫ਼ਲੇ ਦੇ ਰੂਪ ਵਿੱਚ ਸ੍ਰੀ ਕਰਤਾਰਪੁਰ ਕੋਰੀਡੋਰ ਲਈ ਰਵਾਨਾ ਹੋਏ ਅਤੇ ਉੱਥੇ ਪਹੁੰਚ ਕੇ ਕੋਰੀਡੋਰ ਦੇ ਕੋਲ ਸਥਿਤ ਗੁਰਦੁਆਰਾ ਸਾਹਿਬ ਵਿਖੇ ਅਰਦਾਸ ਸਮਾਗਮ ਵਿੱਚ ਸ਼ਾਮਲ ਹੋਏ। ਸਮਾਗਮ ਦੌਰਾਨ ਗੁਰੂ ਘਰ ਦੇ ਵਜ਼ੀਰ ਭਾਈ ਅਰਸ਼ਦੀਪ ਸਿੰਘ ਜੀ ਵੱਲੋਂ ਸਮੂਹ ਸੰਗਤ ਦੀ ਹਾਜ਼ਰੀ ਵਿੱਚ ਗੁਰੂ ਸਾਹਿਬ ਅੱਗੇ ਅਰਦਾਸ ਬੇਨਤੀ ਕੀਤੀ ਗਈ, ਅਰਦਾਸ ਵਿੱਚ ਸਮੂਹ ਸੰਗਤ ਵੱਲੋਂ ਸਰਬੱਤ ਦੇ ਭਲੇ ਦੇ ਨਾਲ-ਨਾਲ ਸ੍ਰੀ ਕਰਤਾਰਪੁਰ ਸਾਹਿਬ ਦਾ ਲਾਂਘਾ ਪੱਕੇ ਤੌਰ ਤੇ ਖੋਲਣ ਲਈ ਬੇਨਤੀ ਕੀਤੀ ਗਈ। ਅਰਦਾਸ ਉਪਰੰਤ ਵੱਖ-ਵੱਖ ਬੁਲਾਰਿਆਂ ਨੇ ਆਪਣੇ ਵਿਚਾਰ ਸਾਂਝੇ ਕਰਦਿਆਂ ਕਿਹਾ ਕਿ ਸ੍ਰੀ ਕਰਤਾਰਪੁਰ ਸਾਹਿਬ ਪਹਿਲੇ ਪਾਤਸ਼ਾਹ ਸਾਹਿਬ ਸ੍ਰੀ ਗੁਰੂ ਨਾਨਕ ਦੇਵ ਜੀ ਨਾਲ ਸਬੰਧਤ ਉਹ ਪਾਵਨ ਅਸਥਾਨ ਹੈ ਜਿਸ ਦੇ ਦਰਸ਼ਨਾਂ ਦੀ ਤਾਂਘ ਦੁਨੀਆ ਭਰ ਦੀ ਸਿੱਖ ਸੰਗਤ ਦੇ ਮਨਾਂ ਵਿੱਚ ਵੱਸਦੀ ਹੈ। ਉਨ੍ਹਾਂ ਕਿਹਾ ਕਿ ਧਾਰਮਿਕ ਸਥਾਨਾਂ ਤੱਕ ਪਹੁੰਚ ਹਰ ਇਨਸਾਨ ਦਾ ਬੁਨਿਆਦੀ ਅਧਿਕਾਰ ਹੈ ਅਤੇ ਸ੍ਰੀ ਕਰਤਾਰਪੁਰ ਸਾਹਿਬ ਦਾ ਲਾਂਘਾ ਬਿਨਾਂ ਕਿਸੇ ਰੁਕਾਵਟ ਦੇ ਪੱਕੇ ਤੌਰ 'ਤੇ ਖੁੱਲ੍ਹਾ ਰਹਿਣਾ ਚਾਹੀਦਾ ਹੈ। ਉਨ੍ਹਾਂ ਦੋਵੇਂ ਦੇਸ਼ਾਂ ਦੀਆਂ ਸਰਕਾਰਾਂ ਨੂੰ ਸੰਗਤਾਂ ਦੀਆਂ ਭਾਵਨਾਵਾਂ ਦਾ ਸਤਿਕਾਰ ਕਰਦਿਆਂ ਇਸ ਸਬੰਧੀ ਸਥਾਈ ਹੱਲ ਕਰਨ ਦੀ ਅਪੀਲ ਕੀਤੀ। ਇਸ ਮੌਕੇ ਸੰਬੋਧਨ ਕਰਦਿਆਂ ਬਾਪੂ ਤਰਸੇਮ ਸਿੰਘ ਜੀ ਨੇ ਕਿਹਾ ਕਿ ਸ੍ਰੀ ਕਰਤਾਰਪੁਰ ਸਾਹਿਬ ਸਿਰਫ਼ ਇੱਕ ਧਾਰਮਿਕ ਅਸਥਾਨ ਨਹੀਂ, ਸਗੋਂ ਸਿੱਖ ਕੌਮ ਦੀ ਆਸਥਾ, ਇਤਿਹਾਸ ਅਤੇ ਵਿਰਾਸਤ ਦਾ ਅਨਮੋਲ ਕੇਂਦਰ ਹੈ। ਉਨ੍ਹਾਂ ਕਿਹਾ ਕਿ ਹਰ ਸਿੱਖ ਦੀ ਦਿਲੀ ਇੱਛਾ ਹੁੰਦੀ ਹੈ ਕਿ ਉਹ ਪਹਿਲੇ ਪਾਤਸ਼ਾਹ ਸ੍ਰੀ ਗੁਰੂ ਨਾਨਕ ਜੀ ਦੇ ਇਸ ਪਾਵਨ ਅਸਥਾਨ ਦੇ ਦਰਸ਼ਨ ਬਿਨਾਂ ਕਿਸੇ ਰੁਕਾਵਟ ਦੇ ਕਰ ਸਕੇ। ਉਨ੍ਹਾਂ ਦੋਵੇਂ ਦੇਸ਼ਾਂ ਦੀਆਂ ਸਰਕਾਰਾਂ ਨੂੰ ਅਪੀਲ ਕੀਤੀ ਕਿ ਸਿਆਸੀ ਮਤਭੇਦਾਂ ਤੋਂ ਉੱਪਰ ਉੱਠ ਕੇ ਸੰਗਤਾਂ ਦੀਆਂ ਧਾਰਮਿਕ ਭਾਵਨਾਵਾਂ ਦਾ ਸਤਿਕਾਰ ਕੀਤਾ ਜਾਵੇ ਅਤੇ ਸ੍ਰੀ ਕਰਤਾਰਪੁਰ ਸਾਹਿਬ ਦਾ ਲਾਂਘਾ ਪੱਕੇ ਤੌਰ 'ਤੇ ਅਤੇ ਨਿਰਵਿਘਨ ਖੁੱਲ੍ਹਾ ਰੱਖਣ ਲਈ ਠੋਸ ਪ੍ਰਬੰਧ ਕੀਤੇ ਜਾਣ। ਇਸ ਮੌਕੇ ਤੇ ਸੀਨੀਅਰ ਲੀਡਰਸ਼ਿਪ ਵਿਚੋਂ ਭਾਈ ਅਮਰਜੀਤ ਸਿੰਘ ਵੰਨਚਿੜੀ, ਭਾਈ ਹਰਭਜਨ ਸਿੰਘ ਤੁੜ, ਭਾਈ ਪਰਮਜੀਤ ਸਿੰਘ ਜੌਹਲ, ਭਾਈ ਜਸਕਰਨ ਸਿੰਘ ਕਾਹਨਸਿੰਘ ਵਾਲਾ, ਸ੍ਰ ਬਾਬੂ ਸਿੰਘ ਬਰਾੜ, ਐਡਵੋਕੇਟ ਗਗਨਦੀਪ ਸਿੰਘ ਗੋਰਾਇਆ, ਭਾਈ ਸੁਖਦੇਵ ਸਿੰਘ ਕਾਦੀਆਂ ਤੋਂ ਇਲਾਵਾ, ਭਾਈ ਦਲੇਰ ਸਿੰਘ ਡੋਡ, ਭਾਈ ਪ੍ਰਿਥੀਪਾਲ ਸਿੰਘ, ਭਾਈ ਪ੍ਰਗਟ ਸਿੰਘ ਮੀਆਂਵਿੰਡ, ਭਾਈ ਸ਼ਮਸ਼ੇਰ ਸਿੰਘ ਪੱਧਰੀ, ਐਡਵੋਕੇਟ ਅਜੇਪਾਲ ਸਿੰਘ ਢਿਲੋਂ, ਭਾਈ ਰਛਪਾਲ ਸਿੰਘ ਸੋਸਣ, ਭਾਈ ਸਤਿੰਦਰਜੀਤ ਸਿੰਘ ਗਿੱਲ, ਭਾਈ ਮਨਜਿੰਦਰ ਸਿੰਘ ਬੱਲ, ਭਾਈ ਮਨਜੀਤ ਸਿੰਘ ਪਾੜਾ, ਭਾਈ ਦਲਬੀਰ ਸਿੰਘ ਚਾਹਲ, ਭਾਈ ਅਵਤਾਰ ਸਿੰਘ ਸੇਖੋਂ, ਭਾਈ ਸ਼ਮਸ਼ੇਰ ਸਿੰਘ ਘੁੰਮਣ, ਭਾਈ ਨਰਾਇਣ ਸਿੰਘ ਚੌੜਾ, ਭਾਈ ਅਮਨਦੀਪ ਸਿੰਘ ਡੱਡੂਆਣਾਂ, ਭਾਈ ਜਸਕਰਨ ਸਿੰਘ ਰਿਆੜ, ਬਾਬਾ ਬਿਬੇਕ ਸਿੰਘ, ਭਾਈ ਸਰਬਜੀਤ ਸਿੰਘ ਖ਼ਾਨਪੁਰ, ਭਾਈ ਦਯਾ ਸਿੰਘ, ਭਾਈ ਗੁਰਚਰਨ ਸਿੰਘ ਸੰਘਾ, ਡਾਕਟਰ ਲਖਵੀਰ ਸਿੰਘ, ਭਾਈ ਬਲਦੇਵ ਸਿੰਘ ਜੱਲੂਪੁਰ, ਭਾਈ ਗੁਰਪ੍ਰੀਤ ਸਿੰਘ ਕੰਮੋਕੇ, ਭਾਈ ਸੁਖਬੀਰ ਸਿੰਘ ਚੀਮਾਂ, ਭਾਈ ਸੁਖਰਾਜ ਸਿੰਘ ਸੁਲਤਾਨਵਿੰਡ, ਭਾਈ ਹਰਜੀਤ ਸਿੰਘ ਲਾਲਾਨੰਗਲ, ਬੀਬੀ ਅਮਨਦੀਪ ਕੌਰ ਰੰਧਾਵਾ, ਬੀਬੀ ਕੁਲਦੀਪ ਕੌਰ ਸਹੋਤਾ, ਭਾਈ ਸੁਰਿੰਦਰਪਾਲ ਸਿੰਘ ਤਾਲਿਬਪੁਰਾ, ਭਾਈ ਚਰਨਜੀਤ ਸਿੰਘ ਗਾਲਿਬ, ਭਾਈ ਦਲਜੀਤ ਸਿੰਘ ਮਿਆਦੀਆਂ, ਭਾਈ ਜਸਕਰਨ ਸਿੰਘ ਲੋਪੋਕੇ, ਭਾਈ ਗੁਰਪ੍ਰੀਤ ਸਿੰਘ ਢਪੱਈਆਂ, ਭਾਈ ਜਰਮਨਦੀਪ ਸਿੰਘ, ਭਾਈ ਕੁਲਵੰਤ ਸਿੰਘ ਸੈਦੋਲੈਲ, ਬਾਈ ਨਛੱਤਰ ਸਿੰਘ, ਭਾਈ ਗੁਰਦੇਵ ਸਿੰਘ ਸ਼ਾਹੀ, ਭਾਈ ਮਨਵਿੰਦਰ ਸਿੰਘ ਦਕੋਹਾ, ਭਾਈ ਬਚਿੱਤਰ ਸਿੰਘ ਜੀ ਅਤੇ ਵੱਡੀ ਗਿਣਤੀ ਵਿੱਚ ਆਗੂ, ਵਰਕਰ ਅਤੇ ਸੰਗਤ ਹਾਜਰ ਸੀ।

ਆਵਾਜ਼ਿ ਕੌਮ AWAZE QAUM International Newspaper & WEB TV

**ਸ੍ਰੀ ਕਰਤਾਰਪੁਰ ਸਾਹਿਬ ਸਿੱਖ ਕੌਮ ਦੀ ਆਸਥਾ ਦਾ ਕੇਂਦਰ ਹੈ, ਇਸ ਦੇ ਦਰਸ਼ਨਾਂ ਲਈ ਲਾਂਘਾ ਪੱਕੇ ਤੌਰ 'ਤੇ ਅਤੇ ਬਿਨਾਂ ਕਿਸੇ ਰੁਕਾਵਟ ਦੇ ਖੁੱਲ੍ਹਾ ਰੱਖਿਆ ਜਾਵੇ : ਬਾਪੂ ਤਰਸੇਮ ਸਿੰਘ**

### ਪਿੰਡ ਭੋਜੋਵਾਲੀ ਅਤੇ ਭੱਦਲਵੱਡ ਵਿਖੇ ਦਿਖਾਈ ਗਈ ਸ੍ਰੀ ਗੁਰੂ ਰਵਿਦਾਸ ਜੀ ਮਹਾਰਾਜ ਦੇ ਜੀਵਨ ਅਤੇ ਸਿੱਖਿਆਵਾਂ 'ਤੇ ਆਧਾਰਿਤ ਡਾਕੂਮੈਂਟਰੀ

# ਪੰਜਾਬ ਸਰਕਾਰ ਵੱਲੋਂ ਸ੍ਰੀ ਗੁਰੂ ਰਵਿਦਾਸ ਜੀ ਮਹਾਰਾਜ ਦਾ ਸੰਦੇਸ਼ ਘਰ-ਘਰ ਪਹੁੰਚਾਉਣ ਲਈ ਚਲਾਈ ਜਾ ਰਹੀ ਹੈ ਵਿਸ਼ੇਸ਼ ਮੁਹਿੰਮ



**ਧੂਰੀ ( ਰਣਜੀਤ ਸਿੰਘ ਪੇਧਨੀ )**-ਪੰਜਾਬ ਸਰਕਾਰ ਵੱਲੋਂ ਸ੍ਰੀ ਗੁਰੂ ਰਵਿਦਾਸ ਜੀ ਮਹਾਰਾਜ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਉਨ੍ਹਾਂ ਦੇ ਜੀਵਨ, ਫ਼ਲਸਫ਼ੇ ਅਤੇ ਮਹਾਨ ਸਿੱਖਿਆਵਾਂ ਨੂੰ ਲੋਕਾਂ ਤੱਕ ਪਹੁੰਚਾਉਣ ਲਈ ਚਲਾਈ ਜਾ ਰਹੀ ਵਿਸ਼ੇਸ਼ ਮੁਹਿੰਮ ਤਹਿਤ ਦੂਜੇ ਦਿਨ ਧੂਰੀ ਹਲਕੇ ਦੇ ਪਿੰਡ ਭੋਜੋਵਾਲੀ ਅਤੇ ਭੱਦਲਵੱਡ ਵਿਖੇ ਸ੍ਰੀ ਗੁਰੂ ਰਵਿਦਾਸ ਜੀ ਮਹਾਰਾਜ ਦੇ ਜੀਵਨ ਅਤੇ ਸਿੱਖਿਆਵਾਂ 'ਤੇ ਆਧਾਰਿਤ 30 ਮਿੰਟ ਦੀ ਡਾਕੂਮੈਂਟਰੀ ਦਿਖਾਈ ਗਈ। ਡਾਕੂਮੈਂਟਰੀ ਰਾਹੀਂ ਸ੍ਰੀ ਗੁਰੂ ਰਵਿਦਾਸ ਜੀ ਮਹਾਰਾਜ ਵੱਲੋਂ ਦਿੱਤੇ ਸਮਾਨਤਾ, ਮਨੁੱਖਤਾ, ਸਮਾਜਿਕ ਨਿਆਂ, ਭਾਈਚਾਰੇ ਅਤੇ ਸੇਵਾ ਦੇ ਸੰਦੇਸ਼ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਪੇਸ਼ ਕੀਤਾ ਗਿਆ। ਪਿੰਡਾਂ ਦੇ ਵੱਡੀ ਗਿਣਤੀ ਵਿੱਚ ਲੋਕਾਂ, ਨੌਜਵਾਨਾਂ ਅਤੇ ਮਹਿਲਾਵਾਂ ਨੇ ਡਾਕੂਮੈਂਟਰੀ ਦੇਖਦਿਆਂ ਗੁਰੂ ਸਾਹਿਬ ਦੇ ਜੀਵਨ ਤੋਂ ਪ੍ਰੇਰਣਾ ਪ੍ਰਾਪਤ ਕੀਤੀ। ਇਸ ਮੌਕੇ ਪਿੰਡ ਭੱਦਲਵੱਡ ਦੇ ਸਰਪੰਚ ਕਰਮਜੀਤ ਸਿੰਘ ਅਤੇ ਪਿੰਡ ਭੋਜੋਵਾਲੀ ਦੇ ਸਰਪੰਚ ਜਗਸੀਰ ਸਿੰਘ ਨੇ ਪੰਜਾਬ ਸਰਕਾਰ ਦੇ ਇਸ ਉਪਰਾਲੇ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਅਜਿਹੀਆਂ ਡਾਕੂਮੈਂਟਰੀਆਂ ਬੱਚਿਆਂ ਅਤੇ ਨੌਜਵਾਨਾਂ ਨੂੰ ਆਪਣੇ ਗੁਰੂਆਂ ਦੀਆਂ ਸਿੱਖਿਆਵਾਂ ਨਾਲ ਜੋੜਨ ਦਾ ਇੱਕ ਪ੍ਰਭਾਵਸ਼ਾਲੀ ਮਾਧਿਅਮ ਹਨ। ਉਨ੍ਹਾਂ ਕਿਹਾ ਕਿ ਸ੍ਰੀ ਗੁਰੂ ਰਵਿਦਾਸ ਜੀ ਮਹਾਰਾਜ ਵੱਲੋਂ ਦਿੱਤਾ ਸਮਾਨਤਾ, ਆਪਸੀ ਭਾਈਚਾਰੇ ਅਤੇ ਮਨੁੱਖਤਾ ਦਾ ਸੰਦੇਸ਼ ਅੱਜ ਵੀ ਸਮਾਜ ਲਈ ਉਨਾ ਹੀ ਪ੍ਰਸੰਗਿਕ ਹੈ ਅਤੇ ਹਰ ਵਿਅਕਤੀ ਨੂੰ ਇਨ੍ਹਾਂ ਸਿੱਖਿਆਵਾਂ ਨੂੰ ਆਪਣੇ ਜੀਵਨ ਵਿੱਚ ਅਪਣਾਉਣਾ ਚਾਹੀਦਾ ਹੈ। ਪਿੰਡ ਵਾਸੀਆਂ ਨੇ ਵੀ ਪੰਜਾਬ ਸਰਕਾਰ ਵੱਲੋਂ ਸ਼ੁਰੂ ਕੀਤੀ ਇਸ ਵਿਲੱਖਣ ਪਹਿਲ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਅਜਿਹੇ ਉਪਰਾਲਿਆਂ ਨਾਲ ਨੌਜਵਾਨ ਪੀੜ੍ਹੀ ਨੂੰ ਆਪਣੇ ਮਹਾਨ ਗੁਰੂਆਂ ਦੇ ਜੀਵਨ, ਵਿਚਾਰਾਂ ਅਤੇ ਸਮਾਜ ਨੂੰ ਦਿੱਤੇ ਅਮੁੱਲੇ ਯੋਗਦਾਨ ਬਾਰੇ ਜਾਣਕਾਰੀ ਮਿਲ ਰਹੀ ਹੈ।

ਆਵਾਜ਼ਿ ਕੌਮ AWAZE QAUM International Newspaper & WEB TV

## ਗੁਰੂ ਸਾਹਿਬਾਨਾਂ ਵਿਰੁੱਧ ਜ਼ਹਿਰ ਉਗਲਣ ਵਾਲੇ ਚੇਤਨ ਸ਼ਰਮਾ 'ਤੇ ਸਖ਼ਤ ਧਾਰਾਵਾਂ ਲਗਾਉਣ ਦੀ ਮੰਗ

### ਗ੍ਰਿਫ਼ਤਾਰੀ ਲਈ ਸਿੱਖ ਲੀਗਲ ਵਿੰਗ ਪੰਜਾਬ ਨੇ ਪੁਲਿਸ ਕਮਿਸ਼ਨਰ ਦਫ਼ਤਰ ਨੂੰ ਦਿੱਤਾ ਮੰਗ ਪੱਤਰ



**ਨਵੀਂ ਦਿੱਲੀ, 9 ਜੁਲਾਈ (ਮਨਪ੍ਰੀਤ ਸਿੰਘ ਖਾਲਸਾ)**-ਸ੍ਰੀ ਗੁਰੂ ਸਾਹਿਬਾਨ, ਸਿੱਖ ਧਰਮ, ਗੁਰੂ ਘਰ ਅਤੇ ਸਿੱਖਾਂ ਦੀ ਸ਼ਾਨ ਦਸਤਾਰ ਬਾਰੇ ਲਗਾਤਾਰ ਇਤਰਾਜ਼ਯੋਗ ਅਤੇ ਅਪਮਾਨਜਨਕ ਟਿੱਪਣੀਆਂ ਕਰਕੇ ਸੋਸ਼ਲ ਮੀਡੀਆ ਰਾਹੀਂ ਧਾਰਮਿਕ ਭਾਵਨਾਵਾਂ ਨੂੰ ਭੜਕਾਉਣ ਦੇ ਦੋਸ਼ਾਂ ਦਾ ਸਾਹਮਣਾ ਕਰ ਰਹੇ ਚੇਤਨ ਸ਼ਰਮਾ ਖ਼ਿਲਾਫ਼ ਦਰਜ ਮਾਮਲੇ ਵਿੱਚ ਹੋਰ ਸਖ਼ਤ ਧਾਰਾਵਾਂ ਸ਼ਾਮਲ ਕਰਨ ਅਤੇ ਉਸ ਦੀ ਤੁਰੰਤ ਗ੍ਰਿਫ਼ਤਾਰੀ ਦੀ ਮੰਗ ਨੂੰ ਲੈ ਕੇ ਸਿੱਖ ਲੀਗਲ ਵਿੰਗ ਪੰਜਾਬ ਦਾ ਵਫ਼ਦ ਪੁਲਿਸ ਕਮਿਸ਼ਨਰ ਲੁਧਿਆਣਾ ਨੂੰ ਮਿਲਿਆ ਅਤੇ ਵਿਸਥਾਰਪੂਰਵਕ ਮੈਮੋਰੈਂਡਮ ਸੌਂਪਿਆ। ਸਿੱਖ ਲੀਗਲ ਵਿੰਗ ਦੇ ਚੇਅਰਮੈਨ ਐਡਵੋਕੇਟ ਗੁਰਜਿੰਦਰ ਸਿੰਘ ਸਾਹਨੀ ਨੇ ਕਿਹਾ ਕਿ ਚੇਤਨ ਸ਼ਰਮਾ ਵੱਲੋਂ ਜਾਰੀ ਕੀਤੀਆਂ ਵੀਡੀਓਆਂ ਅਤੇ ਵਰਤੀ ਗਈ ਸ਼ਬਦਾਵਲੀ ਇਹ ਸੰਕੇਤ ਦਿੰਦੀ ਹੈ ਕਿ ਇਹ ਮਾਮਲਾ ਗੰਭੀਰ ਹੈ ਅਤੇ ਇਸ ਦੀ ਪੂਰੀ ਕਾਨੂੰਨੀ ਜਾਂਚ ਹੋਣੀ ਚਾਹੀਦੀ ਹੈ। ਉਨ੍ਹਾਂ ਦੋਸ਼ ਲਾਇਆ ਕਿ ਅਜਿਹੀ ਸਮੱਗਰੀ ਸਮਾਜ ਵਿੱਚ ਨਫ਼ਰਤ ਫੈਲਾਉਣ, ਭਾਈਚਾਰਕ ਸਾਂਝ ਨੂੰ ਠੇਸ ਪਹੁੰਚਾਉਣ ਅਤੇ ਪੰਜਾਬ ਦੇ ਅਮਨ-ਚੈਨ ਨੂੰ ਪ੍ਰਭਾਵਿਤ ਕਰਨ ਦੀ ਕੋਸ਼ਿਸ਼ ਵਜੋਂ ਵੇਖੀ ਜਾ ਸਕਦੀ ਹੈ। ਉਨ੍ਹਾਂ ਮੰਗ ਕੀਤੀ ਕਿ ਦਰਜ ਮਾਮਲੇ ਵਿੱਚ ਧਾਰਮਿਕ ਭਾਵਨਾਵਾਂ ਨੂੰ ਠੇਸ ਪਹੁੰਚਾਉਣ ਦੇ ਨਾਲ-ਨਾਲ ਭਾਈਚਾਰਿਆਂ ਵਿਚਕਾਰ ਵੈਰ-ਵਿਰੋਧ ਫੈਲਾਉਣ ਅਤੇ ਜਨਤਕ ਸ਼ਾਂਤੀ ਭੰਗ ਕਰਨ ਨਾਲ ਸੰਬੰਧਿਤ ਲਾਗੂ ਹੋਣ ਵਾਲੀਆਂ ਸਖ਼ਤ ਕਾਨੂੰਨੀ ਧਾਰਾਵਾਂ ਵੀ ਸ਼ਾਮਲ ਕੀਤੀਆਂ ਜਾਣ। ਨਾਲ ਹੀ ਚੇਤਨ ਸ਼ਰਮਾ ਨੂੰ ਜਲਦ ਤੋਂ ਜਲਦ ਗ੍ਰਿਫ਼ਤਾਰ ਕਰਕੇ ਕਾਨੂੰਨ ਅਨੁਸਾਰ ਕਾਰਵਾਈ ਕੀਤੀ ਜਾਵੇ। ਐਡਵੋਕੇਟ ਸਾਹਨੀ ਨੇ ਇਹ ਵੀ ਮੰਗ ਕੀਤੀ ਕਿ ਸੋਸ਼ਲ ਮੀਡੀਆ 'ਤੇ ਸਿੱਖ ਧਰਮ, ਸ੍ਰੀ ਗੁਰੂ ਸਾਹਿਬਾਨ ਅਤੇ ਦਸਤਾਰ ਵਿਰੁੱਧ ਅਪਮਾਨਜਨਕ ਸਮੱਗਰੀ ਸਾਂਝੀ ਕਰਨ ਵਾਲੇ ਹੋਰ ਅਕਾਊਂਟਾਂ ਦੀ ਵੀ ਪਛਾਣ ਕਰਕੇ, ਜਿੱਥੇ ਕਾਨੂੰਨੀ ਤੌਰ 'ਤੇ ਬਣਦਾ ਹੋਵੇ, ਉਨ੍ਹਾਂ ਖ਼ਿਲਾਫ਼ ਵੀ ਸਖ਼ਤ ਕਾਰਵਾਈ ਕੀਤੀ ਜਾਵੇ ਤਾਂ ਜੋ ਅਜਿਹੀਆਂ ਘਟਨਾਵਾਂ ਦੀ ਦੁਹਰਾਈ ਨੂੰ ਰੋਕਿਆ ਜਾ ਸਕੇ। ਇਸ ਮੌਕੇ ਸਿੱਖ ਲੀਗਲ ਵਿੰਗ ਪੰਜਾਬ ਦੇ ਹੋਰ ਅਹੁਦੇਦਾਰ ਅਤੇ ਮੈਂਬਰ ਵੀ ਹਾਜ਼ਰ ਸਨ। ਵਫ਼ਦ ਅਨੁਸਾਰ ਪੁਲਿਸ ਕਮਿਸ਼ਨਰ ਨੇ ਮਾਮਲੇ ਦੀ ਗੰਭੀਰਤਾ ਨੂੰ ਧਿਆਨ ਵਿੱਚ ਰੱਖਦਿਆਂ ਸ਼ਿਕਾਇਤ 'ਤੇ ਕਾਨੂੰਨ ਅਨੁਸਾਰ ਬਣਦੀ ਕਾਰਵਾਈ ਕਰਨ ਦਾ ਭਰੋਸਾ ਦਿੱਤਾ।

ਆਵਾਜ਼ਿ ਕੌਮ AWAZE QAUM International Newspaper & WEB TV

### 'ਸ਼ੈਲਿੰਦਰਜੀਤ ਸਿੰਘ ਰਾਜਨ' ਦੁਆਰਾ ਸੰਪਾਦਿਤ ਕਾਵਿ ਸੰਗ੍ਰਹਿ 'ਕਲਮਾਂ ਦੀ ਉਡਾਣ' ਲੋਕ ਅਰਪਿਤ ਸਮਾਗਮ 12 ਜੁਲਾਈ ਨੂੰ




**ਚੌਕ ਮਹਿਤਾ,9 ਜੁਲਾਈ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਪਿਛਲੇ 41 ਸਾਲਾਂ ਤੋਂ ਲਗਾਤਾਰ ਪੰਜਾਬੀ ਮਾਂ ਬੋਲੀ ਨੂੰ ਸਮਰਪਿਤ ਸਾਹਿਤਕ ਸਰਗਰਮੀਆਂ ਰਚਾ ਰਹੀ ਪੰਜਾਬ ਦੀ ਨਾਮਵਰ ਸਾਹਿਤਕ ਸੰਸਥਾ, ਪੰਜਾਬੀ ਸਾਹਿਤ ਸਭਾ ਬਾਬਾ ਬਕਾਲਾ ਸਾਹਿਬ (ਸਬੰਧਿਤ ਕੇਂਦਰੀ ਪੰਜਾਬੀ ਲੇਖਕ ਸਭਾ) ਵੱਲੋਂ ਸਭਾ ਦੇ ਮੁੱਖ ਸੰਚਾਲਕ ਸ਼ੈਲਿੰਦਰਜੀਤ ਸਿੰਘ ਰਾਜਨ ਦੁਆਰਾ ਸੰਪਾਦਿਤ 15ਵਾਂ ਸਾਂਝਾ ਕਾਵਿ ਸੰਗ੍ਰਹਿ 'ਕਲਮਾਂ ਦੀ ਉਡਾਣ' ਦਾ ਲੋਕ ਅਰਪਿਤ ਸਮਾਗਮ ਮਿਤੀ 12 ਜੁਲਾਈ, ਦਿਨ ਐਤਵਾਰ ਨੂੰ ਮੀਟਿੰਗ ਹਾਲ ਬਾਬਾ ਮੱਖਣ ਸ਼ਾਹ ਲੁਬਾਣਾ ਸਰਾਂ, ਬਾਬਾ ਬਕਾਲਾ ਸਾਹਿਬ ਵਿਖੇ ਕਰਵਾਇਆ ਜਾ ਰਿਹਾ ਹੈ । ਸਭਾ ਦੇ ਪ੍ਰਿੰ: ਰਘਬੀਰ ਸਿੰਘ ਸੋਹਲ, ਪ੍ਰਧਾਨ ਸੰਤੋਖ ਸਿੰਘ ਗੁਰਾਇਆ, ਖਜ਼ਾਨਚੀ ਮਾ: ਮਨਜੀਤ ਸਿੰਘ ਵੱਸੀ, ਸੀ: ਮੀਤ ਪ੍ਰਧਾਨ ਮੱਖਣ ਸਿੰਘ ਭੈਣੀਵਾਲਾ ਅਤੇ ਡਾ: ਪਰਮਜੀਤ ਸਿੰਘ ਬਾਠ, ਸਕੱਤਰ ਨਵਦੀਪ ਸਿੰਘ ਬਦੇਸ਼ਾ ਅਤੇ ਪ੍ਰੈੱਸ ਸਕੱਤਰ ਬਲਵਿੰਦਰ ਸਿੰਘ ਅਠੌਲਾ ਨੇ ਦੱਸਿਆ ਹੈ ਕਿ ਕਾਵਿ ਸੰਗ੍ਰਹਿ 'ਕਲਮਾਂ ਦੀ ਉਡਾਣ' ਵਿੱਚ 31 ਦੇ ਕਰੀਬ ਕਵੀਆਂ ਦੀਆਂ ਕਾਵਿ ਕਿਰਤਾਂ ਦਰਜ ਹਨ ਅਤੇ ਇਸ ਸਮਾਗਮ ਦੌਰਾਨ ਹਾਜ਼ਰ ਕਵੀਆਂ ਵੱਲੋਂ ਕਵੀ ਦਰਬਾਰ ਵੀ ਹੋਵੇਗਾ । ਸਮਾਗਮ ਦੇ ਮੁੱਖ ਮਹਿਮਾਨ ਪ੍ਰਿੰ: ਹਰਬੰਸ ਸਿੰਘ ਘੇਈ ਸਾ: ਐਕਸਾਈਜ ਐਂਡ ਟੈਕਸੇਸ਼ਨ ਕਮਿਸ਼ਨਰ ਪੰਜਾਬ ਹੋਣਗੇ ।

ਆਵਾਜ਼ਿ ਕੌਮ AWAZE QAUM International Newspaper & WEB TV

## ਵਿਸਾਖੀ ਵਾਲੀ ਮਠਿਆਈ

ਇਹ ਗੱਲ ਕਾਫੀ ਪੁਰਾਣੀ ਹੈ ਜਦੋਂ ਸਾਡੇ ਬਿਆਸ ਦਰਿਆ ਤੇ ਵਿਸਾਖੀ ਦਾ ਮੇਲਾ ਲੱਗਦਾ ਹੁੰਦਾ ਸੀ ਜੋ ਸਾਡੇ ਪਿੰਡ ਤੋਂ 3-4 ਕਿਲੋਮੀਟਰ ਦੀ ਦੂਰੀ ਤੇ ਹੈ। ਅਸੀ ਛੋਟੀ ਉਮਰੇ ਇਕੱਠੇ ਹੋ ਕੇ ਯਾਰਾ,ਦੋਸਤਾਂ ਅਤੇ ਹਮਜਮਾਤੀਆਂ ਨਾਲ ਇਹ ਮੇਲਾ ਵੇਖਣ ਜਾਂਦੇ ਹੁੰਦੇ ਸੀ। ਇੱਕ ਵਾਰੀ ਜਦੋਂ ਮੇਲਾ ਵੇਖਣ ਗਏ ਸੀ ਤਾ ਇੱਕ ਮਠਿਆਈ ਦੀ ਦੁਕਾਨ ਦੇ ਅੱਗੋਂ ਦੀ ਲੰਘੇ ਤਾ ਅਸੀ ਵੇਖਿਆ ਸਾਰੀਆ ਦੁਕਾਨਾਂ ਤੇ ਕਾਫੀ ਭੀੜ ਸੀ ਪਰ ਇਕ ਦੁਕਾਨ ਤੇ ਇੱਕ ਵੀ ਗਾਹਕ ਨਹੀ ਸੀ ਤੇ ਦੁਕਾਨਦਾਰ ਅਫਸੋਸ਼ ਵਾਲਾ ਮੂੰਹ ਬਣਾ ਕੇ ਖੜ੍ਹਾ ਸੀ।

ਜਿਸਨੂੰ ਵੇਖ ਕੇ ਸਾਨੂੰ ਸਾਰਿਆਂ ਨੂੰ ਤਰਸ਼ ਆ ਗਿਆ ਤੇ ਫੈਸਲਾ ਕੀਤਾ ਕਿ ਆਪਾਂ ਇਸ ਕੋਲੋ ਮਠਿਆਈ ਖਰੀਦਦੇ ਹਾ, ਹੋ ਸਕਦਾ ਮਠਿਆਈ ਨਾ ਵਿਕਣ ਕਰਕੇ ਇਸ ਤਰ੍ਹਾ ਦਾ ਮੂੰਹ ਬਣਾ ਕੇ ਖੜ੍ਹਾ ਹੈ। ਅਸੀ ਸਾਰਆਿਂ ਨੇ ਉਸ ਕੋਲੋ ਮਠਿਆਈ ਲੈ ਲਈ ਅਤੇ ਕੁਝ ਕ ਦੂਰੀ ਤੇ ਜਾ ਕੇ ਖਾਣ ਲੱਗੇ ਤਾ ਉਹ ਬਹੁਤ ਖੱਟੀ ਨਿਕਲੀ ਅਤੇ ਸਾਨੂੰ ਸਾਰਿਆਂ ਨੂੰ ਉਹ ਮਠਿਆਈ ਸੁੱਟਣੀ ਪਈ। ਸਾਡਾ ਮੂੰਹ ਵੀ ਉਸ ਦੁਕਾਨ ਵਾਲੇ ਵਰਗ੍ਹਾ ਬਣ ਗਿਆ ਤੇ ਅਸੀ ਸੋਚਿਆ ਇਸੇ ਕਰਕੇ ਇਸਦੀ ਦੁਕਾਨ ਖਾਲੀ ਪਈ ਸੀ। ਖੱਟੀ ਮਠਆਇਈ ਵੇਚੀ ਜਾਂਦਾ।

**-ਐਸ. ਪੀ. ਰਣਬੀਰ ਸਿੰਘ ਦੋਲੋਨੰਗਲ( ਬਾਬਾ ਸੁਖਵੰਤ ਸਿੰਘ ਚੰਨਣਕੇ ਚੌਕ ਮਹਿਤਾ)**

ਕਾਲਕਾ ਤੇ ਸਿਰਸਾ ਡੀਐਸਜੀਐਮਸੀ ਦੇ 'ਚੰਪਤ ਰਾਏ'

# ਗੁਰੂ ਕੀ ਗੋਲਕ ਖਾਲੀ ਕਰਕੇ ਗੁਰਦੁਆਰਾ ਜਾਇਦਾਦਾਂ ਰੱਖੀਆਂ ਹਾਈ ਕੋਰਟ ਅੱਗੇ : ਸਰਨਾ



ਨਵੀਂ ਦਿੱਲੀ, 9 ਜੁਲਾਈ (ਮਨਪ੍ਰੀਤ ਸਿੰਘ ਖਾਲਸਾ): ਦਿੱਲੀ ਅਕਾਲੀ ਦਲ ਦੇ ਪ੍ਰਧਾਨ ਪਰਮਜੀਤ ਸਿੰਘ ਸਰਨਾ ਨੇ ਡੀਐਸਜੀਐਮਸੀ ਦੇ ਪ੍ਰਧਾਨ ਹਰਮੀਤ ਸਿੰਘ ਕਾਲਕਾ ਅਤੇ ਉਨ੍ਹਾਂ ਦੇ "ਡੀ-ਫੈਕਟੋ ਬੌਸ" ਮਨਜਿੰਦਰ ਸਿੰਘ ਸਿਰਸਾ 'ਤੇ ਤਿੱਖਾ ਹਮਲਾ ਬੋਲਦਿਆਂ ਦੋਵਾਂ ਨੂੰ ਡੀਐਸਜੀਐਮਸੀ ਦੇ "ਚੰਪਤ ਰਾਏ" ਕਰਾਰ ਦਿੱਤਾ ਹੈ। ਉਨ੍ਹਾਂ ਕਿਹਾ ਕਿ ਮੌਜੂਦਾ ਪ੍ਰਬੰਧਕਾਂ ਨੇ ਗੁਰੂ ਕੀ ਗੋਲਕ ਅਤੇ ਸੰਗਤ ਦੇ ਦਸਵੰਧ ਦੀ ਰਕਮ ਨੂੰ ਕਥਿਤ ਤੌਰ 'ਤੇ ਇਸ ਤਰ੍ਹਾਂ ਬਰਬਾਦ ਕੀਤਾ ਕਿ ਅੱਜ ਡੀਐਸਜੀਐਮਸੀ ਨੂੰ ਆਪਣੇ ਕਰਮਚਾਰੀਆਂ ਦੀਆਂ ਤਨਖ਼ਾਹਾਂ ਅਤੇ ਪੈਨਸ਼ਨਾਂ ਦੇ ਬਕਾਏ ਅਦਾ ਕਰਨ ਲਈ ਗੁਰਦੁਆਰਾ ਜਾਇਦਾਦਾਂ ਨੂੰ ਦਿੱਲੀ ਹਾਈ ਕੋਰਟ ਅੱਗੇ ਸੁਰੱਖਿਆ ਵਜੋਂ ਰੱਖਣ ਦਾ ਭਰੋਸਾ ਦੇਣਾ ਪਿਆ ਹੈ। ਸਰਨਾ ਨੇ 7 ਜੁਲਾਈ ਨੂੰ ਦਿੱਲੀ ਹਾਈ ਕੋਰਟ ਦੇ ਹੁਕਮ ਦਾ ਹਵਾਲਾ ਦਿੰਦਿਆਂ ਕਿਹਾ ਕਿ ਡੀਐਸਜੀਐਮਸੀ ਨੇ ਅਦਾਲਤ ਨੂੰ ਭਰੋਸਾ ਦਿੱਤਾ ਹੈ ਕਿ ਸ਼ਾਹਦਰਾ (ਦਿੱਲੀ) ਸਥਿਤ 10 ਏਕੜ ਅਤੇ ਹਰਿਆਣਾ ਦੇ ਬਿਘੜ ਵਿਖੇ 300 ਏਕੜ ਦੀ ਜਾਇਦਾਦ ਨੂੰ ਕਿਸੇ ਵੀ ਤਰ੍ਹਾਂ ਦੇ ਬੋਝ ਤੋਂ ਮੁਕਤ ਰੱਖਿਆ ਜਾਵੇਗਾ, ਤਾਂ ਜੋ ਅਦਾਲਤ ਦੀ ਨਿਗਰਾਨੀ ਹੇਠ ਕਰਮਚਾਰੀਆਂ ਦੇ ਬਕਾਇਆ ਦਾ ਭੁਗਤਾਨ ਯਕੀਨੀ ਬਣਾਇਆ ਜਾ ਸਕੇ। ਸਰਨਾ ਨੇ ਕਿਹਾ, ਜਿਹੜੀ ਸੰਸਥਾ ਕਦੇ ਸੈਂਕੜੇ ਕਰੋੜ ਰੁਪਏ ਦੀ ਵਿੱਤੀ ਸਮਰੱਥਾ ਰੱਖਦੀ ਸੀ, ਅੱਜ ਉਹ ਆਪਣੇ ਮੁਲਾਜ਼ਮਾਂ ਦੀਆਂ ਤਨਖ਼ਾਹਾਂ ਦੇਣ ਲਈ ਵੀ ਸੰਗਤ ਦੀਆਂ ਜਾਇਦਾਦਾਂ ਦਾ ਸਹਾਰਾ ਲੈਣ ਲਈ ਮਜਬੂਰ ਹੋ ਗਈ ਹੈ। ਇਹ ਮੌਜੂਦਾ ਪ੍ਰਬੰਧਨ ਦੀ ਕਥਿਤ ਵਿੱਤੀ ਨਾਕਾਮੀ ਦਾ ਸਭ ਤੋਂ ਵੱਡਾ ਸਬੂਤ ਹੈ। ਉਨ੍ਹਾਂ ਦਾਅਵਾ ਕੀਤਾ ਕਿ ਜਦੋਂ ਉਨ੍ਹਾਂ ਨੇ ਡੀਐਸਜੀਐਮਸੀ ਦੀ ਜ਼ਿੰਮੇਵਾਰੀ ਛੱਡੀ ਸੀ, ਉਸ ਵੇਲੇ ਕਮੇਟੀ ਦੇ ਖ਼ਜ਼ਾਨੇ ਵਿੱਚ 125 ਕਰੋੜ ਰੁਪਏ ਦਾ ਸਰਪਲੱਸ ਸੀ, ਜਦਕਿ ਅੱਜ ਸਥਿਤੀ ਇਹ ਹੈ ਕਿ ਸੰਗਤ ਦੀਆਂ ਜਾਇਦਾਦਾਂ ਨੂੰ ਕਰਮਚਾਰੀਆਂ ਦੇ ਹੱਕਾਂ ਦੀ ਅਦਾਇਗੀ ਲਈ ਸੁਰੱਖਿਆ ਵਜੋਂ ਰੱਖਣਾ ਪੈ ਰਿਹਾ ਹੈ। ਸਰਨਾ ਨੇ ਮੰਗ ਕੀਤੀ ਕਿ ਮੌਜੂਦਾ ਪ੍ਰਬੰਧਨ ਤੁਰੰਤ ਡਿਲੋਇਟ ਦੀ ਆਡਿਟ ਰਿਪੋਰਟ ਸੰਗਤ ਦੇ ਸਾਹਮਣੇ ਰੱਖੇ। ਉਨ੍ਹਾਂ ਕਿਹਾ ਕਿ ਜੇਕਰ ਕਾਲਕਾ ਅਤੇ ਸਿਰਸਾ ਨੇ ਇਮਾਨਦਾਰੀ ਨਾਲ ਡੀਐਸਜੀਐਮਸੀ ਦਾ ਪ੍ਰਬੰਧ ਚਲਾਇਆ ਹੈ ਤਾਂ ਆਡਿਟ ਰਿਪੋਰਟ ਜਨਤਕ ਕਰਨ ਵਿੱਚ ਕੋਈ ਹਿਚਕਿਚਾਹਟ ਨਹੀਂ ਹੋਣੀ ਚਾਹੀਦੀ। ਉਨ੍ਹਾਂ ਦੋਸ਼ ਲਗਾਇਆ ਕਿ ਰਿਪੋਰਟ ਨੂੰ ਲੁਕਾਉਣਾ ਇਸ ਗੱਲ ਵੱਲ ਇਸ਼ਾਰਾ ਕਰਦਾ ਹੈ ਕਿ ਗੁਰੂ ਕੀ ਗੋਲਕ ਦੀ ਵਰਤੋਂ ਨੂੰ ਲੈ ਕੇ ਗੰਭੀਰ ਸਵਾਲਾਂ ਦੇ ਜਵਾਬ ਨਹੀਂ ਹਨ। ਉਨ੍ਹਾਂ ਕਿਹਾ ਕਿ ਦਿੱਲੀ ਹਾਈ ਕੋਰਟ ਵੱਲੋਂ ਸਮੇਂ-ਸਮੇਂ 'ਤੇ ਹਲਫ਼ਨਾਮਿਆਂ ਰਾਹੀਂ ਭੁਗਤਾਨ ਪ੍ਰਕਿਰਿਆ ਦੀ ਨਿਗਰਾਨੀ ਕਰਨ ਦਾ ਫ਼ੈਸਲਾ ਵੀ ਡੀਐਸਜੀਐਮਸੀ ਦੀ ਗੰਭੀਰ ਵਿੱਤੀ ਹਾਲਤ ਨੂੰ ਉਜਾਗਰ ਕਰਦਾ ਹੈ। ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਸੰਗਤ ਦੇ ਧਨ ਅਤੇ ਜਾਇਦਾਦਾਂ ਦੇ ਪ੍ਰਬੰਧ ਵਿੱਚ ਪੂਰੀ ਪਾਰਦਰਸ਼ਤਾ ਅਤੇ ਜਵਾਬਦੇਹੀ ਯਕੀਨੀ ਬਣਾਈ ਜਾਣੀ ਚਾਹੀਦੀ ਹੈ। ਇਸ ਮੌਕੇ ਮੰਜੀਤ ਸਿੰਘ ਜੀਕੇ, ਸਤਨਾਮ ਸਿੰਘ ਖੀਵਾ, ਕਰਤਾਰ ਸਿੰਘ ਚਾਵਲਾ, ਡਾ ਪਰਮਿੰਦਰਪਾਲ ਸਿੰਘ ਸਮੇਤ ਵਡੀ ਗਿਣਤੀ ਵਿਚ ਪਾਰਟੀ ਮੈਂਬਰ ਅਤੇ ਕਾਰਕੁਨ ਹਾਜਿਰ ਸਨ।

ਗੁਰੂ ਕਾਸ਼ੀ ਯੂਨੀਵਰਸਿਟੀ ਦੇ ਚਾਂਸਲਰ

# ਗੁਰਲਾਭ ਸਿੰਘ ਸਿੱਧੂ ਗੁਰੂ ਨਾਨਕ ਕਮਿਊਨਿਟੀ ਸਰਵਿਸਿਜ਼ ਫਾਊਂਡੇਸ਼ਨ, ਕੈਨੇਡਾ ਵੱਲੋਂ ਸਨਮਾਨਿਤ





**ਤਲਵੰਡੀ ਸਾਬੋ, 09 ਜੁਲਾਈ (ਗੁਰਜੰਟ ਸਿੰਘ ਨਥੇਹਾ)**-ਗੁਰੂ ਨਾਨਕ ਕਮਿਊਨਿਟੀ ਸਰਵਿਸਿਜ਼ ਫਾਊਂਡੇਸ਼ਨ ਕੈਨੇਡਾ, ਬਰੈਂਪਟਨ ਵੱਲੋਂ ਇੱਕ ਵਿਸ਼ੇਸ਼ ਸਮਾਗਮ ਦੌਰਾਨ ਗੁਰੂ ਕਾਸ਼ੀ ਯੂਨੀਵਰਸਿਟੀ ਦੇ ਚਾਂਸਲਰ ਸ.ਗੁਰਲਾਭ ਸਿੰਘ ਸਿੱਧੂ ਨੂੰ ਪੰਜਾਬ ਦੇ ਪੇਂਡੂ ਖੇਤਰਾਂ ਵਿੱਚ ਉੱਚ ਸਿੱਖਿਆ ਦੇ ਪ੍ਰਸਾਰ ਅਤੇ ਵਿਕਾਸ ਲਈ ਉਹਨਾਂ ਵੱਲੋਂ ਪਾਏ ਗਏ ਵਿਲੱਖਣ ਯੋਗਦਾਨ ਵਜੋਂ ਸਨਮਾਨਿਤ ਕੀਤਾ ਗਿਆ। ਸਮਾਗਮ ਵਿੱਚ ਫਾਊਂਡੇਸ਼ਨ ਦੇ ਚੇਅਰਮੈਨ ਮੇਜਰ ਸਿੰਘ ਨਾਗਰਾ, ਚਾਂਸਲਰ ਦੇ ਸਲਾਹਕਾਰ ਡਾ. ਦਵਿੰਦਰ ਸਿੰਘ ਲੱਧੜ, ਅਜੈਬ ਸਿੰਘ ਸੰਘਾ, ਕਰਨਰਾਜ ਸਿੰਘ, ਗੁਰਮੇਲ ਸਿੰਘ ਸੰਧੂ, ਫਾਊਂਡੇਸ਼ਨ ਦੇ ਡਾਇਰੈਕਟਰ, ਹਰਜੀਤ ਬਾਜਵਾ ਅਤੇ ਹੋਰ ਪ੍ਰਮੁੱਖ ਮੈਂਬਰ ਹਾਜ਼ਰ ਸਨ। ਫਾਊਂਡੇਸ਼ਨ ਦੇ ਸਮੂਹ ਮੈਂਬਰਾਂ ਨੇ ਚਾਂਸਲਰ ਸਿੱਧੂ ਦੀ ਦੂਰਅੰਦੇਸ਼ੀ ਦੀ ਸ਼ਲਾਘਾ ਵਿੱਚ ਕਿਹਾ ਕਿ ਉਹਨਾਂ ਨੇ ਗੁਣਵੱਤਾ ਭਰਪੂਰ ਉੱਚ ਸਿੱਖਿਆ ਸੰਸਥਾਵਾਂ ਦੀ ਸਥਾਪਨਾ ਕਰਕੇ ਪੇਂਡੂ ਨੌਜਵਾਨਾਂ, ਖ਼ਾਸ ਕਰਕੇ ਲੜਕੀਆਂ ਅਤੇ ਮਹਿਲਾਵਾਂ, ਲਈ ਉੱਚ ਸਿੱਖਿਆ ਦੇ ਨਵੇਂ ਮੌਕੇ ਸਿਰਜੇ ਹਨ। ਲੋੜ ਆਧਾਰਿਤ ਅਕਾਦਮਿਕ ਕੋਰਸਾਂ, ਹੁਨਰ ਵਿਕਾਸ, ਰੁਜ਼ਗਾਰ ਯੋਗਤਾ ਅਤੇ ਟਿਕਾਊ ਰੋਜ਼ੀ-ਰੋਟੀ ਦੇ ਮੌਕਿਆਂ ਰਾਹੀਂ ਉਹਨਾਂ ਨੇ ਹਜ਼ਾਰਾਂ ਨੌਜਵਾਨਾਂ ਦੇ ਜੀਵਨ ਵਿੱਚ ਸਕਾਰਾਤਮਕ ਬਦਲਾਅ ਲਿਆਂਦਾ ਹੈ। ਸਨਮਾਨ ਪ੍ਰਾਪਤ ਕਰਨ ਉਪਰੰਤ ਚਾਂਸਲਰ ਸਿੱਧੂ ਨੇ ਗੁਰੂ ਨਾਨਕ ਕਮਿਊਨਿਟੀ ਸਰਵਿਸਿਜ਼ ਫਾਊਂਡੇਸ਼ਨ ਕੈਨੇਡਾ ਦਾ ਧੰਨਵਾਦ ਕਰਦਿਆਂ ਕਿਹਾ ਕਿ ਇਹ ਸਨਮਾਨ ਉਹਨਾਂ ਲਈ ਹੋਰ ਵੱਧ ਸਮਰਪਣ ਨਾਲ ਕੰਮ ਕਰਨ ਦੀ ਪ੍ਰੇਰਣਾ ਹੈ। ਉਹਨਾਂ ਕਿਹਾ ਕਿ ਨੌਜਵਾਨਾਂ, ਖ਼ਾਸ ਕਰਕੇ ਲੜਕੀਆਂ ਅਤੇ ਮਹਿਲਾਵਾਂ ਨੂੰ ਸਿੱਖਿਆ ਅਤੇ ਹੁਨਰ ਵਿਕਾਸ ਨਾਲ ਜੋੜਨਾ ਉਹਨਾਂ ਦਾ ਮਿਸ਼ਨ ਹੈ, ਕਿਉਂਕਿ ਸਿੱਖਿਆ ਹੀ ਸਮਾਜਿਕ ਪਰਿਵਰਤਨ, ਆਰਥਿਕ ਵਿਕਾਸ ਅਤੇ ਰਾਸ਼ਟਰ ਨਿਰਮਾਣ ਦਾ ਸਭ ਤੋਂ ਪ੍ਰਭਾਵਸ਼ਾਲੀ ਸਾਧਨ ਹੈ। ਸਨਮਾਨ ਵਜੋਂ ਸ਼ਾਲ ਅਤੇ ਫੁੱਲਾਂ ਦਾ ਗੁੱਲਦਸਤਾ ਭੇਂਟ ਕਰਦਿਆਂ ਮੇਜਰ ਸਿੰਘ ਨਾਗਰਾ ਨੇ ਕਿਹਾ ਕਿ ਚਾਂਸਲਰ ਸਿੱਧੂ ਨੇ ਪੇਂਡੂ ਨੌਜਵਾਨਾਂ ਨੂੰ ਵੱਖ-ਵੱਖ ਅਕਾਦਮਿਕ ਅਤੇ ਹੁਨਰ-ਅਧਾਰਿਤ ਸਿੱਖਿਆ ਨਾਲ ਜੋੜ ਕੇ ਉੱਚ ਸਿੱਖਿਆ ਦੇ ਪ੍ਰਸਾਰ ਵਿੱਚ ਮੋਹਰੀ ਭੂਮਿਕਾ ਨਿਭਾਈ ਹੈ। ਇਸ ਤੋਂ ਇਲਾਵਾ ਉਹਨਾਂ ਨੇ ਗੁਰੂ ਕਾਸ਼ੀ ਯੂਨੀਵਰਸਿਟੀ ਦੇ ਆਲੇ-ਦੁਆਲ਼ੇ ਦੇ ਪਿੰਡਾਂ ਦੇ ਕਿਸਾਨਾਂ ਨੂੰ ਵਿਗਿਆਨਕ ਖੇਤੀ ਤਕਨੀਕਾਂ ਅਤੇ ਆਮਦਨ ਵਧਾਉਣ ਵਾਲੇ ਉੱਦਮਾਂ ਨੂੰ ਅਪਣਾਉਣ ਲਈ ਵੀ ਪ੍ਰੇਰਿਤ ਕੀਤਾ ਹੈ। ਡਾ. ਦਵਿੰਦਰ ਸਿੰਘ ਲੱਧੜ ਨੇ ਆਪਣੇ ਸੰਬੋਧਨ ਵਿੱਚ ਚਾਂਸਲਰ ਸਿੱਧੂ ਦੇ ਇੱਕ ਸਾਧਾਰਨ ਪੇਂਡੂ ਪਰਿਵਾਰ ਤੋਂ ਉੱਠ ਕੇ ਭਾਰਤ ਦੇ ਉੱਘੇ ਸਿੱਖਿਆ ਆਗੂ ਬਣਨ ਦੇ ਪ੍ਰੇਰਣਾਦਾਇਕ ਸਫ਼ਰ ਦਾ ਜ਼ਿਕਰ ਕੀਤਾ। ਉਹਨਾਂ ਕਿਹਾ ਕਿ ਚਾਂਸਲਰ ਸਿੱਧੂ ਦੀ ਦੂਰਦ੍ਰਿਸ਼ਟੀ ਅਤੇ ਸਮਾਜ ਸੇਵਾ ਦੀ ਭਾਵਨਾ ਨੇ ਨਾ ਸਿਰਫ਼ ਪੰਜਾਬ ਦੇ ਲੋਕਾਂ ਨੂੰ, ਸਗੋਂ ਵਿਸ਼ਵ ਭਰ ਵਿੱਚ ਵਸਦੇ ਪੰਜਾਬੀ ਭਾਈਚਾਰੇ ਨੂੰ ਵੀ ਪ੍ਰਭਾਵਿਤ ਕੀਤਾ ਹੈ। ਗੁਰੂ ਕਾਸ਼ੀ ਯੂਨੀਵਰਸਿਟੀ ਦੇ ਵਾਈਸ ਚਾਂਸਲਰ ਡਾ. ਬਲਰਾਜ ਸਿੰਘ ਅਤੇ ਯੂਨੀਵਰਸਿਟੀ ਦੀ ਸਮੂਹ ਪ੍ਰਬੰਧਨ ਕਮੇਟੀ ਨੇ ਚਾਂਸਲਰ ਸਿੱਧੂ ਨੂੰ ਇਹ ਵੱਕਾਰੀ ਅੰਤਰਰਾਸ਼ਟਰੀ ਸਨਮਾਨ ਪ੍ਰਾਪਤ ਹੋਣ 'ਤੇ ਵਧਾਈ ਦਿੱਤੀ। ਉਹਨਾਂ ਕਿਹਾ ਕਿ ਇਹ ਸਨਮਾਨ ਨਾ ਸਿਰਫ਼ ਚਾਂਸਲਰ ਸਿੱਧੂ ਦੀਆਂ ਵਿਅਕਤੀਗਤ ਪ੍ਰਾਪਤੀਆਂ ਦਾ ਸਨਮਾਨ ਹੈ, ਸਗੋਂ ਗੁਰੂ ਕਾਸ਼ੀ ਯੂਨੀਵਰਸਿਟੀ ਦੀ ਉੱਚ ਸਿੱਖਿਆ, ਪੇਂਡੂ ਵਿਕਾਸ ਅਤੇ ਸਮਾਜਿਕ ਪਰਿਵਰਤਨ ਪ੍ਰਤੀ ਦ੍ਰਿੜ੍ਹ ਵਚਨਬੱਧਤਾ ਦਾ ਵੀ ਪ੍ਰਤੀਕ ਹੈ। ਗੁਰੂ ਕਾਸ਼ੀ ਯੂਨੀਵਰਸਿਟੀ ਦੇ ਪ੍ਰੋ. ਵਾਈਸ ਚਾਂਸਲਰ ਡਾ. ਜਗਤਾਰ ਸਿੰਘ ਧੀਮਾਨ ਨੇ ਯੂਨੀਵਰਸਿਟੀ ਦੀਆਂ ਸੱਭਿਆਚਾਰਕ ਗਤੀਵਿਧੀਆਂ ਦੀ ਸਰਾਹਨਾ ਕਰਨ ਲਈ ਕਰਨਰਾਜ ਸਿੰਘ ਸੰਘਾ ਦਾ ਧੰਨਵਾਦ ਕੀਤਾ। ਉਹਨਾਂ ਨੇ ਅੰਤਰਰਾਸ਼ਟਰੀ ਮਹਿਲਾ ਦਿਵਸ ਮੌਕੇ ਵਿਦਿਆਰਥੀਆਂ ਵੱਲੋਂ ਪੇਸ਼ ਕੀਤੇ ਗਏ ਪ੍ਰਸਿੱਧ ਨਾਟਕ ਰੇਤ ਦੀਆਂ ਕੰਧਾਂ ਦੀ ਸ਼ਲਾਘਾ ਕਰਦਿਆਂ ਯੂਨੀਵਰਸਿਟੀ ਨੂੰ 51,000 ਰੁਪਏ ਦੀ ਰਾਸ਼ੀ ਭੇਟ ਕਰਨ ਲਈ ਵੀ ਉਹਨਾਂ ਦਾ ਵਿਸ਼ੇਸ਼ ਧੰਨਵਾਦ ਕੀਤਾ। ਡਾ. ਧੀਮਾਨ ਨੇ ਚਾਂਸਲਰ ਸਿੱਧੂ ਨੂੰ ਸਨਮਾਨਿਤ ਕਰਨ ਲਈ ਵੀ ਉਨ੍ਹਾਂ ਦਾ ਆਭਾਰ ਪ੍ਰਗਟਾਇਆ।

# ਦਸ਼ਮੇਸ਼ ਸਕੂਲ ਮਹਿਤਾ ਦੇ ਅੱਠਵੀਂ, ਦਸਵੀਂ, ਬਾਰਵੀਂ ਕਲਾਸ ਦੇ 90% ਤੋਂ ਵੱਧ ਅੰਕ ਲੈਣ ਵਾਲੇ ਵਿਦਿਆਰਥੀਆਂ ਦਾ ਕੈਬਨਿਟ ਮੰਤਰੀ ਵੱਲੋਂ ਸਨਮਾਨ



**ਚੌਕ ਮਹਿਤਾ, 9 ਜੁਲਾਈ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਇਲਾਕੇ ਦੀ ਨਾਮਵਰ ਸੰਸਥਾ *ਦਸ਼ਮੇਸ਼ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਮਹਿਤਾ ਚੌਕ ਦੇ ਅੱਠਵੀਂ, ਦਸਵੀਂ ਅਤੇ ਬਾਰਵੀਂ ਕਲਾਸ ਵਿੱਚੋਂ 90% ਤੋਂ ਉੱਪਰ ਅੰਕ ਲੈਣ ਵਾਲੇ ਹੋਣਹਾਰ ਵਿਦਿਆਰਥੀਆਂ ਨੂੰ ਕੈਬਨਿਟ ਮੰਤਰੀ *ਸ਼੍ ਹਰਭਜਨ ਸਿੰਘ ਈ.ਟੀ.ਓ.* ਵੱਲੋਂ ਇੱਕ ਵਿਸ਼ੇਸ਼ ਸਮਾਰੋਹ ਦੌਰਾਨ ਸਨਮਾਨਿਤ ਕੀਤਾ ਗਿਆ।ਇਸ ਸ਼ਾਨਦਾਰ ਸਨਮਾਨ ਸਮਾਰੋਹ ਵਿੱਚ ਸਨਮਾਨ ਪ੍ਰਾਪਤ ਕਰਨ ਵਾਲੇ ਅੱਠਵੀਂ ਕਲਾਸ ਦੇ ਕੁੱਲ 16 ਵਿਦਿਆਰਥੀ ਹਨ। ਦਸਵੀਂ ਕਲਾਸ ਦੇ ਕੁੱਲ 12 ਵਿਦਿਆਰਥੀ ਅਤੇ ਬਾਰਵੀਂ ਕਲਾਸ: ਸਾਇੰਸ, ਕਾਮਰਸ ਅਤੇ ਆਰਟਸ ਗਰੁੱਪ ਦੇ ਕੁੱਲ 15 ਵਿਦਿਆਰਥੀ ਹਨ। ਕੈਬਨਿਟ ਮੰਤਰੀ ਸ.ਹਰਭਜਨ ਸਿੰਘ ਨੇ ਬੱਚਿਆਂ ਨੂੰ ਜੀਵਨ ਵਿੱਚ ਕਾਮਯਾਬ ਹੋਣ ਲਈ ਮਿਹਨਤ ਕਰਨ ਅਤੇ ਬੁਰੀ ਸੰਗਤ ਤੋਂ ਹਮੇਸ਼ਾ ਦੂਰ ਰਹਿਣ ਦੀ ਪ੍ਰੇਰਨਾ ਦਿੱਤੀ। ਉਨ੍ਹਾਂ ਨੇ ਸਿੱਖਿਆ ਦੀ ਮਹੱਤਤਾ 'ਤੇ ਜ਼ੋਰ ਦਿੰਦਿਆਂ ਕਿਹਾ ਕਿ ਜਿਨ੍ਹਾਂ ਵੀ ਸੂਬਿਆਂ ਵਿੱਚ ਬੱਚਿਆਂ ਦੀ ਪੜ੍ਹਾਈ ਵੱਲ ਖਾਸ ਧਿਆਨ ਦਿੱਤਾ ਜਾਂਦਾ ਹੈ, ਉਹ ਸੂਬੇ ਬਹੁਤ ਤਰੱਕੀ ਕਰਦੇ ਹਨ। ਉਨ੍ਹਾਂ ਵਿਦਿਆਰਥੀਆਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ "ਸਿੱਖਿਆ ਇੱਕ ਅਜਿਹਾ ਹਥਿਆਰ ਹੈ, ਜਿਸ ਦੀ ਬਦੌਲਤ ਸਮਾਜ ਵਿੱਚ ਬਹੁਤ ਜਲਦੀ ਕ੍ਰਾਂਤੀ ਲਿਆਂਦੀ ਜਾ ਸਕਦੀ ਹੈ।÷ਕੈਬਨਿਟ ਮੰਤਰੀ ਨੇ ਇਨ੍ਹਾਂ ਬੱਚਿਆਂ ਦੀ ਇਸ ਸ਼ਾਨਦਾਰ ਪ੍ਰਾਪਤੀ 'ਤੇ ਉਨ੍ਹਾਂ ਦਾ ਮਾਨ-ਸਨਮਾਨ ਕਰਦਿਆਂ, ਬੱਚਿਆਂ ਨੂੰ, ਉਨ੍ਹਾਂ ਦੇ ਮਾਪਿਆਂ ਨੂੰ ਅਤੇ ਅਧਿਆਪਕਾਂ ਨੂੰ ਦਿਲੋਂ ਬਹੁਤ-ਬਹੁਤ ਵਧਾਈ ਦਿੱਤੀ। ਸੰਸਥਾ ਦੇ ਚੇਅਰਮੈਨ ਸ. ਗੁਰਦੀਪ ਸਿੰਘ ਰੰਧਾਵਾ ਅਤੇ ਐਮ ਡੀ ਹਰਸ਼ਦੀਪ ਸਿੰਘ ਰੰਧਾਵਾ ਨੇ ਵਿਦਿਆਰਥੀਆਂ ਨੂੰ ਸਨਮਾਨ ਮਿਲਣ ਤੋਂ ਬਾਅਦ, ਸਨਮਾਨਿਤ ਹੋਏ ਸਾਰੇ ਬੱਚਿਆਂ ਨੂੰ ਮੁਬਾਰਕਬਾਦ ਦਿੱਤੀ। ਉਨ੍ਹਾਂ ਕਿਹਾ ਕਿ ਪ੍ਰਮਾਤਮਾ ਦੇ ਓਟ ਆਸਰੇ ਅਤੇ ਬੱਚਿਆਂ ਦੀ ਦਿਨ-ਰਾਤ ਦੀ ਲਗਨ ਸਦਕਾ ਹੀ ਇਹ ਪ੍ਰਾਪਤੀ ਸੰਭਵ ਹੋ ਸਕੀ ਹੈ ਉਨ੍ਹਾਂ ਨੇ ਵਿਦਿਆਰਥੀਆਂ ਨੂੰ ਭਵਿੱਖ ਵਿੱਚ ਵੀ ਹੋਰ ਜ਼ਿਆਦਾ ਮਿਹਨਤ ਕਰਨ ਅਤੇ ਇਸੇ ਤਰ੍ਹਾਂ ਨਿਰੰਤਰ ਅੱਗੇ ਵੱਧ ਕੇ ਹੋਰ ਸਨਮਾਨ ਹਾਸਲ ਕਰਨ ਲਈ ਪ੍ਰੇਰਿਤ ਕੀਤਾ।

# ਦੀ ਖੱਬੇ ਰਾਜਪੂਤਾਂ ਬਹੁਮੰਤਵੀ ਸਹਿਕਾਰੀ ਸਭਾ ਦੀ ਹੋਈ ਨਵੀਂ ਚੋਣ, ਨਿਸਾਨ ਸਿੰਘ ਪ੍ਰਧਾਨ ਅਤੇ ਧਰਮ ਸਿੰਘ ਬਣੇ ਉਪ ਪ੍ਰਧਾਨ




**ਚੌਕ ਮਹਿਤਾ, 9 ਜੁਲਾਈ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਖੱਬੇ ਰਾਜਪੂਤਾਂ ਬਹੁਮੰਤਵੀ ਸਹਿਕਾਰੀ ਸਭਾ (ਕੋਆਪ੍ਰੇਟਿਵ ਸੁਸਾਇਟੀ) ਵਿਖੇ ਸ਼੍ਰੀ ਮਨਜਿੰਦਰ ਸਿੰਘ ਆਰ.ਓ. ਅਤੇ ਹਰਿੰਦਰਪਾਲ ਸਿੰਘ ਏ.ਆਰ.ਓ. ਦੀ ਨਿਗਰਾਨੀ ਹੇਠ ਨਵੀਂ ਕਮੇਟੀ ਦੀ ਚੋਣ ਸਰਬਸੰਮਤੀ ਦੇ ਨਾਲ ਕਰ ਲਈ ਗਈ। ਜਿਸ ਵਿਚ ਨਿਸਾਨ ਸਿੰਘ ਨੂੰ ਕਮੇਟੀ ਦਾ ਪ੍ਰਧਾਨ, ਧਰਮ ਸਿੰਘ ਨੂੰ ਉਪ ਪ੍ਰਧਾਨ ਅਤੇ ਗੁਰਦਿਆਲ ਸਿੰਘ ਬੱਲ ਨੂੰ ਖਾਜਨਚੀ ਚੁਣ ਲਿਆ ਗਿਆ। ਇਸੇ ਤਰਾਂ ਬਲਵਿੰਦਰ ਸਿੰਘ ਭਿੰਦਾ, ਲਖਵਿੰਦਰ ਸਿੰਘ, ਸਰਬਜੀਤ ਸਿੰਘ, ਸ਼੍ਰੀਮਤੀ ਕਸ਼ਮੀਰ ਕੌਰ, ਸ਼੍ਰੀਮਤੀ ਸਵਿੰਦਰ ਕੌਰ, ਭਗਵੰਤ ਸਿੰਘ ਬੱਲ, ਬਲਵਿੰਦਰ ਸਿੰਘ ਸੈਦੂਕੇ ਅਤੇ ਮਨਜਿੰਦਰ ਸਿੰਘ ਸੈਦੂਕੇ ਸਰਬਸੰਮਤੀ ਨਾਲ ਕਮੇਟੀ ਦੇ ਮੈਂਬਰ ਚੁਣ ਲਏ ਗਏ। ਇਸ ਚੋਣ ਪ੍ਰਕ੍ਰਿਆ ਦੌਰਾਨ ਖੱਬੇ ਰਾਜਪੂਤਾਂ ਬਹੁਮੰਤਵੀ ਸਹਿਕਾਰੀ ਸਭਾ ਦੇ ਸਕੱਤਰ ਅਮਨਦੀਪ ਸਿੰਘ ਅਮਨ ਵੀ ਮੌਜੂਦ ਸਨ। ਅੱਜ ਇਥੇ ਚੇਅਰਮੈਨ ਡਾ. ਗੁਰਵਿੰਦਰ ਸਿੰਘ ਰੰਧਾਵਾ, ਬਲਾਕ ਸੰਮਤੀ ਮੈਂਬਰ ਹਰਜੀਤ ਸਿੰਘ ਰੰਧਾਵਾ, ਹਰਜੀਤ ਸਿੰਘ ਪ੍ਰਧਾਨ ਅਤੇ ਨੰਬਰਦਾਰ ਪੰਜਾਬ ਸਿੰਘ ਦੇ ਵੱਲੋਂ ਪਿੰਡ ਖੱਬੇਰਾਜਪੁਤਾਂ, ਟਕਾਪੁਰ ਅਤੇ ਸੈਦੂਕੇ ਦੇ ਮੁਹਤਬਰ ਵਿਅਕਤੀਆਂ ਦੀ ਮੌਜੂਦਗੀ ਵਿਚ ਇਸ ਨਵੀਂ ਚੁਣੀ ਗਈ ਗਿਆਰਾਂ ਮੈਂਬਰੀ ਕਮੇਟੀ ਨੂੰ ਸਿਰੋਪਾਓ ਦੇਕੇ ਸਨਮਾਨਿਤ ਕੀਤਾ ਗਿਆ। ਇਸ ਮੌਕੇ ਬਾਬਾ ਅਜੀਤ ਸਿੰਘ, ਜਥੇਦਾਰ ਅਮਰੀਕ ਸਿੰਘ, ਸ਼ਮਸ਼ੇਰ ਸਿੰਘ ਸ਼ੇਰਾ, ਮੈਂਬਰ ਸੁਖਦੇਵ ਸਿੰਘ ਮੱਲੀ, ਮੈਂਬਰ ਕੇਵਲ ਸਿੰਘ, ਮਾ. ਸੁਖਵਿੰਦਰ ਸਿੰਘ, ਗੁਰਸੇਵਕ ਸਿੰਘ ਸੋਨਾ, ਜਰਮਨਜੀਤ ਸਿੰਘ, ਪ੍ਰਗਟ ਸਿੰਘ, ਰਾਣਾ ਸ਼ਾਹ ਧਰਦਿਉ ਮਾਸਟਰ ਅਮਰਜੀਤ ਸਿੰਘ, ਪ੍ਰਧਾਨ ਸੁੱਚਾ ਸਿੰਘ, ਅਵਤਾਰ ਸਿੰਘ, ਪ੍ਰੇਮ ਸਿੰਘ, ਅਵਤਾਰ ਸਿੰਘ ਬਿੱਲੂ, ਕੁਲਜੀਤ ਸਿੰਘ, ਜੋਗਾ ਸਿੰਘ ਚੱਕੀ ਵਾਲਾ, ਗੁਰਭੇਜ ਸਿੰਘ, ਰਣਜੀਤ ਸਿੰਘ, ਡਾ. ਸਰਦੂਲ ਸਿੰਘ ਬਾਘਾ, ਹਰਪਾਲ ਸਿੰਘ, ਸਰਦਾਰੀ ਲਾਲ, ਕੈਪਟਨ ਸਿੰਘ, ਕਸ਼ਮੀਰ ਸਿੰਘ, ਜੋਗਾ ਸਿੰਘ, ਗਗਨਦੀਪ ਸਿੰਘ, ਹਰਵਿੰਦਰ ਸਿੰਘ, ਪਾਲ ਸਿੰਘ, ਜਸਬੀਰ ਸਿੰਘ ਸੋਹੀਆਂ, ਰਣਧੀਰ ਸਿੰਘ, ਗੁਰਦਿਆਲ ਸਿੰਘ ਬਿੱਟੂ ਪ੍ਰਗਟ ਸਿੰਘ ਫੌਜੀ, ਦੀਦਾਰ ਸਿੰਘ ਫੌਜੀ, ਜਸਵੰਤ ਸਿੰਘ ਮੈਂਬਰ, ਰਾਣਾ ਸਿੰਘ, ਕਰਮ ਸਿੰਘ, ਮਹਿੰਦਰ ਸਿੰਘ ਤੇ ਕੁਲਜੀਤ ਸਿੰਘ ਤੋਂ ਇਲਾਵਾ ਹੋਰ ਵੀ ਲੋਕ ਹਾਜਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

## ਖਾਲਿਸਤਾਨ ਤੇ ਸਿੱਖ ਰਾਜਭਾਗ ਨੂੰ ਲੈ ਕੇ

# ਦਮਦਮੀ ਟਕਸਾਲ ਦੇ ਮੁਖੀ ਸੰਤ ਗਿਆਨੀ ਹਰਨਾਮ ਸਿੰਘ ਖਾਲਸਾ ਦਾ ਵੱਡਾ ਬਿਆਨ




## "ਜਜ਼ਬਾਤ ਨਹੀ, ਰਣਨੀਤੀ ਚਾਹੀਦੀ

ਸਿੱਖ ਜਵਾਨੀ ਦਾ ਨੁਕਸਾਨ ਰੋਕਣਾ ਕੌਮ ਦੀ ਪਹਿਲੀ ਜ਼ਿੰਮੇਵਾਰੀ ਹੈ।

– ਸੰਤ ਗਿਆਨੀ ਹਰਨਾਮ ਸਿੰਘ ਖਾਲਸਾ"

ਸੰਤ ਗਿਆਨੀ ਹਰਨਾਮ ਸਿੰਘ ਖਾਲਸਾ ਨੇ ਕਿਹਾ ਕਿ ਸਿੱਖ ਕੌਮ ਹਮੇਸ਼ਾ ਰਾਜਭਾਗ ਦੀ ਹਾਮੀ ਰਹੀ ਹੈ, ਪਰ ਕੌਮੀ ਮਸਲਿਆਂ ਦਾ ਹੱਲ ਜਜ਼ਬਾਤਾਂ ਨਾਲ ਨਹੀਂ, **ਸਪਸ਼ਟ ਰੂਪਰੇਖਾ**, **ਸ਼ਾਂਤਮਈ ਸੰਘਰਸ਼** ਅਤੇ **ਇਕਜੁੱਟ ਰਣਨੀਤੀ** ਨਾਲ ਹੀ ਸੰਭਵ ਹੈ।

ਪਹਿਲਾਂ ਹੀ ਕਈ ਸਿੰਘ ਬੰਦੀ ਹਨ, ਇਸ ਲਈ ਹੋਰ ਨੌਜਵਾਨਾਂ ਨੂੰ ਅਜਿਹੇ ਰਾਹ 'ਤੇ ਨਹੀਂ ਧੱਕਣਾ ਚਾਹੀਦਾ ਜਿਸ ਨਾਲ ਕੌਮ ਦਾ ਹੋਰ ਨੁਕਸਾਨ ਹੋਵੇ।

## ਸੰਤ ਗਿਆਨੀ ਹਰਨਾਮ ਸਿੰਘ ਖਾਲਸਾ ਦੇ ਮੁੱਖ ਵਿਚਾਰ

- ਸਿੱਖ ਕੌਮ ਨੇ ਇਤਿਹਾਸ ਵਿੱਚ ਕਦੇ ਰਾਜ ਕੀਤਾ ਹੈ, ਕਦੇ ਜ਼ੁਲਮ ਦੇ ਖਿਲਾਫ਼ ਬਾਗੀ ਰਹੀ ਹੈ।
- ਗੁਲਾਮੀ ਕੋਈ ਵੀ ਬਰਦਾਸ਼ਤ ਨਹੀਂ ਕਰਦਾ – ਪੰਛੀ ਵੀ ਆਜ਼ਾਦੀ ਚਾਹੁੰਦਾ ਹੈ।
- ਅੱਜ ਕੌਮ ਵਿੱਚ ਦੁਵਿਧਾ ਹੈ – ਮਨ ਵਿੱਚ ਕੁਝ ਹੋਰ, ਮੂੰਹ ਨਾਲ ਕੁਝ ਹੋਰ ਅਤੇ ਅਮਲ ਵਿੱਚ ਕੁਝ ਹੋਰ।
- ਸੰਵਿਧਾਨ ਨੂੰ ਮੰਨਦੇ ਹੋਏ ਉਸਦੇ ਉਲਟ ਗੱਲਾਂ ਕਰਨ ਨਾਲ ਲੋਕਾਂ ਵਿੱਚ ਸ਼ੰਕਾ ਪੈਦਾ ਹੁੰਦੀ ਹੈ।
- ਕੌਮ ਨੂੰ ਸਪਸ਼ਟ ਲਕੀਰ ਖਿੱਚਣੀ ਪਵੇਗੀ – ਕਿੱਥੇ ਖੜ੍ਹਨਾ ਹੈ ਅਤੇ ਕਿਹੜੇ ਰਾਹ 'ਤੇ ਚੱਲਣਾ ਹੈ।
- ਸਿੱਖਾਂ ਦਾ ਰਾਜਭਾਗ ਹੋਣਾ ਚਾਹੀਦਾ ਹੈ, ਪਰ ਉਸ ਲਈ ਸਾਫ਼ ਰੂਪਰੇਖਾ ਤੇ ਸਪਸ਼ਟ ਰਾਹ ਦੀ ਲੋੜ ਹੈ।
- ਸੰਘਰਸ਼ ਸ਼ਾਂਤਮਈ ਢੰਗ ਨਾਲ ਹੋਣਾ ਚਾਹੀਦਾ ਹੈ, ਜਜ਼ਬਾਤਾਂ ਵਿੱਚ ਆ ਕੇ ਨੌਜਵਾਨਾਂ ਦਾ ਨੁਕਸਾਨ ਨਹੀਂ ਕਰਨਾ ਚਾਹੀਦਾ।
- ਕੌਮ ਦੇ ਲੰਮੇ ਪਏ ਮਸਲਿਆਂ ਦਾ ਹੱਲ ਸ਼ਾਂਤਮਈ, ਸੋਚ-ਵਿਚਾਰ ਅਤੇ ਇਕਜੁੱਟ ਰਣਨੀਤੀ ਨਾਲ ਲੱਭਿਆ ਜਾਣਾ ਚਾਹੀਦਾ ਹੈ।

**ਸਪਸ਼ਟ ਰੂਪਰੇਖਾ | ਸ਼ਾਂਤਮਈ ਸੰਘਰਸ਼ | ਇਕਜੁੱਟ ਰਣਨੀਤੀ**

# ਗਿਆਨੀ ਹਰਪ੍ਰੀਤ ਸਿੰਘ ਵੱਲੋਂ ਗ੍ਰਹਿ ਮੰਤਰੀ ਭਾਰਤ ਨੂੰ ਲਿਖੀ ਚਿੱਠੀ ਦਾ ਪੰਜਾਬੀ/ਅੰਗਰੇਜ਼ੀ ਉਤਾਰਾ

ਮੁੱਖ ਦਫ਼ਤਰ ਸ਼੍ਰੋਮਣੀ ਅਕਾਲੀ ਦਲ | ਪੁਨਰ ਸੁਰਜੀਤ | Head Office Shiromani Akali Dal

SPL 9/07/26

To,
**Shri Amit Shah Ji,**
The Home Minister of India,
Ministry of Home Affairs, Government of India,
New Delhi.

*Subject: Immediate Constitution of a Punjab Truth Commission to Investigate over 25,000 enforced disappearances and illegal killings, ensuring Justice to victims, and facilitate the unobstructed release of the film Satluj.*

*Respected Sir,*

I write this representation with a profound sense of responsibility towards justice, constitutional values and the collective future of Punjab.

No discussion on Punjab's painful decades of violence can begin without remembering the supreme sacrifice of Sardar Jaswant Singh Khalra, the fearless human rights defender who courageously exposed and relentlessly fought for the rights of families of over 25,000 innocent citizens of this country. He himself was brutally abducted, tortured and murdered by those very elements whose crimes he sought to expose. His assassination was not merely the killing of an individual but was an attempt to bury the truth itself.

The recent release and subsequent withdrawal of the Punjabi film ***Satluj*** (based on Jaswant Singh Khalra Sahib's struggle) has once again revived public debate. I strongly request you to make use of your good office to ensure re-release of the film. A mature democracy cannot allow historical wounds to remain permanently unsettled. Truth, accountability and reconciliation are essential prerequisites for lasting harmony.

The families who endured these darkest years sadly became instruments of politics instead of beneficiaries of justice. It is pertinent to mention that the Badal Dal had promised in its 1997 Election Manifesto to develop a Truth Commission in the state if voted to power. It was explicitly promised to probe cases of "disappearances" and "extrajudicial killings" of innocent Punjabi youth. Nearly three decades have passed, and Badal family were voted in power numerous times by electoral exploitation of these vulnerable families, yet that solemn promise remains unfulfilled.

It was personally very shocking to hear about struggle and agony Jaswant Singh Khalra's wife and daughter had to face after his enforced disappearance. Through an interview to a news channel they said that Badal family in power, always treated them with a complete absence of compassion, empathy, and basic human courtesy, compounding their grief through repeated acts of neglect and betrayal at every crucial juncture and merely used enforced disappearances of youth as a tool to garner votes.

ਮੁੱਖ ਦਫ਼ਤਰ ਸ਼੍ਰੋਮਣੀ ਅਕਾਲੀ ਦਲ | ਪੁਨਰ ਸੁਰਜੀਤ | Head Office Shiromani Akali Dal

Still after three decades thousands of families like Mr Khalra's, continue to await justice. They deserve closure and It is the moral and constitutional duty of the State to ensure truth, justice and a dignified acknowledgement of the loved ones they have lost.

I, therefore, respectfully urge the Government of India to constitute independent **Punjab Truth, Accountability and Reconciliation Commission** headed by a retired Judge of the Hon'ble Supreme Court of India, with adequate statutory powers, complete independence and a fixed time-bound mandate. The Commission should, inter alia, be entrusted with the following responsibilities:

1. To establish, as far as possible, an impartial, comprehensive and authoritative account of the events relating to Punjab's period of militancy, terrorism and violence between **1980 and 2000**.
2. To provide every victim, irrespective of religion, caste, political affiliation or background, including their families and other stakeholders, a fair opportunity to place their testimony, evidence and experiences on official record.
3. To examine cases involving terrorism, enforced disappearances, illegal detentions, custodial deaths, fake encounters, unlawful cremations, human rights violations and all other serious offences committed during the period.
4. To recommend appropriate compensation, rehabilitation, recognition and other suitable relief for every category of victim, including victims of terrorism, victims of human rights violations and all other affected persons.
5. To identify institutional failures, fix political and administrative accountability wherever warranted by evidence, and recommend legal, constitutional and institutional reforms to strengthen the rule of law, democratic accountability and protection of human rights. To recommend measures that promote healing, reconciliation, public confidence and national unity so that future generations inherit a Punjab free from the burdens of unresolved historical grievances.

Punjab cannot rewrite its past. However, it can confront its history with honesty, acknowledge every victim with dignity and ensure that justice is neither selective nor forgotten. This initiative should not be viewed as reopening old wounds; rather, it is an opportunity to finally heal them. Nations become stronger when they possess the courage to truthfully examine difficult chapters of their history. Democracies earn legitimacy not by concealing uncomfortable truths, but by confronting them through constitutional institutions.

I, therefore, earnestly request your personal intervention to initiate this historic process in the larger interest of justice, national unity, constitutional governance and enduring peace.

Yours Sincerely
Giani Harpreet Singh
Former Jathedar Shri Akal Takath Sahib
President Shiromani Akalidal (Punarsurjit)

ਆਵਾਜ਼ਿ ਕੌਮ AWAZE QAUM International Newspaper & WEB TV

Head Office: 56,57 City Center Market. Opp. Pingalwara Near - Bus Stand, G.T. Road Amritsar Sahib Ph. +919915800524 +918699663440 Email id:- akalidalofficial@gmail.com

Sub Office: 696 3rd Floor, New Chandigarh Manohar Singh Palm Residency Ph. +919915800524 +918699663440 Email id:- akalidalofficial@gmail.com





ਮਾਨਯੋਗ ਸ਼੍ਰੀ ਅਮਿਤ ਸ਼ਾਹ ਜੀ
ਗ੍ਰਹਿ ਮੰਤਰੀ, ਭਾਰਤ ਸਰਕਾਰ
ਗ੍ਰਹਿ ਮੰਤਰਾਲਾ
ਨਵੀਂ ਦਿੱਲੀ।

**ਵਿਸ਼ਾ: ਪੰਜਾਬ ਵਿੱਚ 25,000 ਤੋਂ ਵੱਧ ਜਬਰੀ ਲਾਪਤਾ ਕੀਤੇ ਗਏ ਵਿਅਕਤੀਆਂ ਅਤੇ ਗੈਰ-ਕਾਨੂੰਨੀ ਹੱਤਿਆਵਾਂ ਦੀ ਜਾਂਚ ਲਈ ਤੁਰੰਤ "ਪੰਜਾਬ ਸੱਚ ਕਮਿਸ਼ਨ" ਦੇ ਗਠਨ, ਪੀੜਤਾਂ ਨੂੰ ਇਨਸਾਫ਼ ਦਿਵਾਉਣ ਅਤੇ ਫ਼ਿਲਮ "ਸਤਲੁਜ" ਦੀ ਬਿਨਾਂ ਕਿਸੇ ਰੁਕਾਵਟ ਮੁੜ ਰਿਲੀਜ਼ ਯਕੀਨੀ ਬਣਾਉਣ ਸਬੰਧੀ।**

ਮੈਂ ਇਹ ਪ੍ਰਤੀਨਿਧਤਾ ਇਨਸਾਫ਼, ਸੰਵਿਧਾਨਕ ਕਦਰਾਂ-ਕੀਮਤਾਂ ਅਤੇ ਪੰਜਾਬ ਦੇ ਸਾਂਝੇ ਭਵਿੱਖ ਪ੍ਰਤੀ ਆਪਣੀ ਗਹਿਰੀ ਜ਼ਿੰਮੇਵਾਰੀ ਦੀ ਭਾਵਨਾ ਨਾਲ ਤੁਹਾਡੇ ਧਿਆਨ ਵਿੱਚ ਲਿਆ ਰਿਹਾ ਹਾਂ।

ਪੰਜਾਬ ਦੇ ਹਿੰਸਾ-ਪ੍ਰਭਾਵਿਤ ਦਹਾਕਿਆਂ ਬਾਰੇ ਕੋਈ ਵੀ ਚਰਚਾ ਸ੍ਰੀ ਜਸਵੰਤ ਸਿੰਘ ਖਾਲੜਾ ਜੀ ਦੇ ਅਦੁੱਤੀਯ ਬਲਿਦਾਨ ਨੂੰ ਯਾਦ ਕੀਤੇ ਬਿਨਾਂ ਸੰਪੂਰਨ ਨਹੀਂ ਹੋ ਸਕਦੀ। ਉਹ ਇੱਕ ਨਿਡਰ ਮਨੁੱਖੀ ਅਧਿਕਾਰ ਕਾਰਕੁਨ ਸਨ, ਜਿਨ੍ਹਾਂ ਨੇ ਦੇਸ਼ ਦੇ 25,000 ਤੋਂ ਵੱਧ ਬੇਕਸੂਰ ਨਾਗਰਿਕਾਂ ਦੇ ਪਰਿਵਾਰਾਂ ਦੇ ਹੱਕਾਂ ਲਈ ਨਿਰੰਤਰ ਸੰਘਰਸ਼ ਕੀਤਾ। ਜਿਨ੍ਹਾਂ ਅਪਰਾਧਾਂ ਨੂੰ ਉਹ ਬੇਨਕਾਬ ਕਰ ਰਹੇ ਸਨ, ਉਨ੍ਹਾਂ ਹੀ ਤਾਕਤਾਂ ਨੇ ਉਨ੍ਹਾਂ ਦਾ ਅਗਵਾ ਕੀਤਾ, ਤਸ਼ੱਦਦ ਕੀਤਾ ਅਤੇ ਅੰਤ ਵਿੱਚ ਉਨ੍ਹਾਂ ਦੀ ਹੱਤਿਆ ਕਰ ਦਿੱਤੀ। ਉਨ੍ਹਾਂ ਦੀ ਹੱਤਿਆ ਕੇਵਲ ਇੱਕ ਵਿਅਕਤੀ ਦੀ ਹੱਤਿਆ ਨਹੀਂ ਸੀ, ਸਗੋਂ ਸੱਚ ਨੂੰ ਦਫ਼ਨ ਕਰਨ ਦੀ ਇੱਕ ਕੋਸ਼ਿਸ਼ ਸੀ।

ਹਾਲ ਹੀ ਵਿੱਚ ਜਸਵੰਤ ਸਿੰਘ ਖਾਲੜਾ ਜੀ ਦੇ ਸੰਘਰਸ਼ 'ਤੇ ਆਧਾਰਿਤ ਪੰਜਾਬੀ ਫ਼ਿਲਮ "ਸਤਲੁਜ" ਦੀ ਰਿਲੀਜ਼ ਅਤੇ ਉਸ ਤੋਂ ਬਾਅਦ ਉਸ ਦੀ ਵਾਪਸੀ ਨੇ ਇੱਕ ਵਾਰ ਫਿਰ ਇਸ ਮਸਲੇ ਨੂੰ ਜਨਤਕ ਚਰਚਾ ਦਾ ਵਿਸ਼ਾ ਬਣਾ ਦਿੱਤਾ ਹੈ। ਮੈਂ ਤੁਹਾਨੂੰ ਨਿਮਰਤਾ ਸਹਿਤ ਬੇਨਤੀ ਕਰਦਾ ਹਾਂ ਕਿ ਆਪਣੇ ਅਹੁਦੇ ਦੀਆਂ ਸ਼ਕਤੀਆਂ ਦੀ ਵਰਤੋਂ ਕਰਦਿਆਂ ਇਸ ਫ਼ਿਲਮ ਦੀ ਮੁੜ ਰਿਲੀਜ਼ ਯਕੀਨੀ ਬਣਾਈ ਜਾਵੇ। ਇੱਕ ਪਰਿਪੱਕ ਲੋਕਤੰਤਰ ਇਤਿਹਾਸਕ ਜ਼ਖ਼ਮਾਂ ਨੂੰ ਸਦਾ ਲਈ ਅਣਸੁਲਝਿਆ ਨਹੀਂ ਛੱਡ ਸਕਦਾ। ਸੱਚ, ਜਵਾਬਦੇਹੀ ਅਤੇ ਮੇਲ-ਮਿਲਾਪ ਹੀ ਸਥਾਈ ਸ਼ਾਂਤੀ ਅਤੇ ਸਮਾਜਿਕ ਸਦਭਾਵਨਾ ਦੀ ਨੀਂਹ ਹਨ।

ਉਹ ਪਰਿਵਾਰ, ਜਿਨ੍ਹਾਂ ਨੇ ਪੰਜਾਬ ਦੇ ਸਭ ਤੋਂ ਦੁਖਦਾਈ ਦੌਰ ਨੂੰ ਸਹਿਣਾ ਪਿਆ, ਉਨ੍ਹਾਂ ਨੂੰ ਇਨਸਾਫ਼ ਦੀ ਬਜਾਏ ਰਾਜਨੀਤੀ ਦਾ ਸਾਧਨ ਬਣਾਇਆ ਗਿਆ। ਇਹ ਵੀ ਜ਼ਿਕਰਯੋਗ ਹੈ ਕਿ ਸ਼੍ਰੋਮਣੀ ਅਕਾਲੀ ਦਲ (ਬਾਦਲ) ਨੇ ਆਪਣੇ 1997 ਦੇ ਚੋਣ ਮਨੋਰਥ ਪੱਤਰ ਵਿੱਚ ਵਾਅਦਾ ਕੀਤਾ ਸੀ ਕਿ ਸੱਤਾ ਵਿੱਚ ਆਉਣ 'ਤੇ ਪੰਜਾਬ ਵਿੱਚ ਇੱਕ ਸੱਚ ਕਮਿਸ਼ਨ ਬਣਾਇਆ ਜਾਵੇਗਾ, ਜੋ ਜਬਰੀ ਲਾਪਤਾ ਕੀਤੇ ਗਏ ਲੋਕਾਂ ਅਤੇ ਗੈਰ-ਨਿਆਂਇਕ ਹੱਤਿਆਵਾਂ ਦੀ ਜਾਂਚ ਕਰੇਗਾ। ਤਿੰਨ ਦਹਾਕਿਆਂ ਤੋਂ ਵੱਧ ਸਮਾਂ ਬੀਤ ਜਾਣ ਦੇ ਬਾਵਜੂਦ ਇਹ ਵਾਅਦਾ ਅੱਜ ਤੱਕ ਪੂਰਾ ਨਹੀਂ ਕੀਤਾ ਗਿਆ।

ਸ੍ਰੀ ਜਸਵੰਤ ਸਿੰਘ ਖਾਲੜਾ ਜੀ ਦੀ ਪਤਨੀ ਅਤੇ ਧੀ ਦੇ ਸੰਘਰਸ਼ ਬਾਰੇ ਜਾਣ ਕੇ ਮੈਨੂੰ ਨਿੱਜੀ ਤੌਰ 'ਤੇ ਬਹੁਤ ਦੁੱਖ ਹੋਇਆ। ਇੱਕ ਨਿਊਜ਼ ਚੈਨਲ ਨੂੰ ਦਿੱਤੇ ਇੰਟਰਵਿਊ ਵਿੱਚ ਉਨ੍ਹਾਂ ਨੇ ਦੱਸਿਆ ਕਿ ਸੱਤਾ ਵਿੱਚ ਰਹਿੰਦਿਆਂ ਬਾਦਲ ਪਰਿਵਾਰ ਨੇ ਉਨ੍ਹਾਂ ਨਾਲ ਹਮਦਰਦੀ, ਸੰਵੇਦਨਾ ਅਤੇ ਬੁਨਿਆਦੀ ਮਨੁੱਖੀ ਸਨਮਾਨ ਦਾ ਵਿਵਹਾਰ ਨਹੀਂ ਕੀਤਾ, ਸਗੋਂ ਹਰ ਅਹਿਮ ਮੌਕੇ 'ਤੇ ਉਨ੍ਹਾਂ ਨੂੰ ਨਿਰਾਸ਼ ਕੀਤਾ ਅਤੇ ਉਨ੍ਹਾਂ ਦੇ ਦੁੱਖ ਨੂੰ ਸਿਆਸੀ ਲਾਭ ਲਈ ਵਰਤਿਆ।

ਆਵਾਜ਼ਿ ਕੌਮ AWAZE QAUM International Newspaper & WEB TV

ਅੱਜ ਵੀ ਤਿੰਨ ਦਹਾਕਿਆਂ ਬਾਅਦ ਹਜ਼ਾਰਾਂ ਪਰਿਵਾਰ, ਜਸਵੰਤ ਸਿੰਘ ਖਾਲੜਾ ਜੀ ਦੇ ਪਰਿਵਾਰ ਵਾਂਗ, ਇਨਸਾਫ਼ ਦੀ ਉਡੀਕ ਕਰ ਰਹੇ ਹਨ। ਉਨ੍ਹਾਂ ਨੂੰ ਸੱਚ ਜਾਣਨ, ਇਨਸਾਫ਼ ਪ੍ਰਾਪਤ ਕਰਨ ਅਤੇ ਆਪਣੇ ਪਿਆਰਿਆਂ ਦੀ ਇੱਜ਼ਤ ਨਾਲ ਯਾਦਗਾਰੀ ਦਾ ਅਧਿਕਾਰ ਹੈ।

ਇਸ ਲਈ ਮੈਂ ਭਾਰਤ ਸਰਕਾਰ ਨੂੰ ਨਿਮਰਤਾ ਸਹਿਤ ਅਪੀਲ ਕਰਦਾ ਹਾਂ ਕਿ ਇੱਕ ਸੁਤੰਤਰ "ਪੰਜਾਬ ਸੱਚ, ਜਵਾਬਦੇਹੀ ਅਤੇ ਮੇਲ-ਮਿਲਾਪ ਕਮਿਸ਼ਨ" (Punjab Truth, Accountability and Reconciliation Commission) ਦਾ ਗਠਨ ਕੀਤਾ ਜਾਵੇ, ਜਿਸ ਦੀ ਅਗਵਾਈ ਸੁਪਰੀਮ ਕੋਰਟ ਦੇ ਸੇਵਾਮੁਕਤ ਜੱਜ ਵੱਲੋਂ ਕੀਤੀ ਜਾਵੇ ਅਤੇ ਜਿਸ ਨੂੰ ਪੂਰੇ ਕਾਨੂੰਨੀ ਅਧਿਕਾਰ, ਸੰਪੂਰਨ ਸੁਤੰਤਰਤਾ ਅਤੇ ਨਿਰਧਾਰਤ ਸਮਾਂ-ਸੀਮਾ ਪ੍ਰਦਾਨ ਕੀਤੀ ਜਾਵੇ।

**ਕਮਿਸ਼ਨ ਦੀਆਂ ਮੁੱਖ ਜ਼ਿੰਮੇਵਾਰੀਆਂ**

1. 1980 ਤੋਂ 2000 ਤੱਕ ਪੰਜਾਬ ਵਿੱਚ ਹੋਈ ਹਿੰਸਾ, ਅੱਤਵਾਦ ਅਤੇ ਉਗਰਵਾਦ ਨਾਲ ਸੰਬੰਧਿਤ ਸਾਰੀਆਂ ਘਟਨਾਵਾਂ ਦੀ ਨਿਰਪੱਖ, ਵਿਸਤ੍ਰਿਤ ਅਤੇ ਅਧਿਕਾਰਤ ਜਾਂਚ ਕਰਨੀ।

2. ਹਰ ਪੀੜਤ, ਉਸ ਦੇ ਪਰਿਵਾਰ ਅਤੇ ਹੋਰ ਸੰਬੰਧਿਤ ਵਿਅਕਤੀਆਂ ਨੂੰ, ਧਰਮ, ਜਾਤ, ਰਾਜਨੀਤਿਕ ਵਿਚਾਰਧਾਰਾ ਜਾਂ ਪਿਛੋਕੜ ਤੋਂ ਬਿਨਾਂ, ਆਪਣੀ ਗਵਾਹੀ ਅਤੇ ਸਬੂਤ ਪੇਸ਼ ਕਰਨ ਦਾ ਪੂਰਾ ਮੌਕਾ ਦੇਣਾ।

3. ਅੱਤਵਾਦ, ਜਬਰੀ ਲਾਪਤਾ ਕੀਤੇ ਜਾਣ, ਗੈਰ-ਕਾਨੂੰਨੀ ਹਿਰਾਸਤ, ਹਿਰਾਸਤੀ ਮੌਤਾਂ, ਜਾਅਲੀ ਪੁਲਿਸ ਮੁਕਾਬਲੇ, ਗੈਰ-ਕਾਨੂੰਨੀ ਸਸਕਾਰ, ਮਨੁੱਖੀ ਅਧਿਕਾਰਾਂ ਦੀ ਉਲੰਘਣਾ ਅਤੇ ਹੋਰ ਗੰਭੀਰ ਅਪਰਾਧਾਂ ਦੀ ਜਾਂਚ ਕਰਨੀ।

4. ਸਾਰੇ ਪੀੜਤਾਂ ਲਈ ਉਚਿਤ ਮੁਆਵਜ਼ਾ, ਪੁਨਰਵਾਸ, ਸਨਮਾਨ ਅਤੇ ਹੋਰ ਲੋੜੀਂਦੀ ਰਾਹਤ ਸੰਬੰਧੀ ਸਿਫ਼ਾਰਸ਼ਾਂ ਕਰਨੀ।

5. ਜਿੱਥੇ ਸਬੂਤ ਮੌਜੂਦ ਹੋਣ, ਉੱਥੇ ਸੰਸਥਾਗਤ ਨਾਕਾਮੀਆਂ ਅਤੇ ਰਾਜਨੀਤਿਕ ਜਾਂ ਪ੍ਰਸ਼ਾਸਕੀ ਜਵਾਬਦੇਹੀ ਨਿਰਧਾਰਤ ਕਰਕੇ ਕਾਨੂੰਨੀ, ਸੰਵਿਧਾਨਕ ਅਤੇ ਸੰਸਥਾਗਤ ਸੁਧਾਰਾਂ ਦੀ ਸਿਫ਼ਾਰਸ਼ ਕਰਨੀ, ਤਾਂ ਜੋ ਕਾਨੂੰਨ ਦਾ ਰਾਜ ਮਜ਼ਬੂਤ ਹੋਵੇ, ਲੋਕਾਂ ਦਾ ਭਰੋਸਾ ਬਹਾਲ ਹੋਵੇ ਅਤੇ ਭਵਿੱਖ ਦੀਆਂ ਪੀੜ੍ਹੀਆਂ ਨੂੰ ਅਣਸੁਲਝੇ ਇਤਿਹਾਸਕ ਵਿਵਾਦਾਂ ਦਾ ਬੋਝ ਨਾ ਝੱਲਣਾ ਪਵੇ।

ਪੰਜਾਬ ਆਪਣਾ ਅਤੀਤ ਨਹੀਂ ਬਦਲ ਸਕਦਾ, ਪਰ ਉਹ ਸੱਚਾਈ ਅਤੇ ਇਮਾਨਦਾਰੀ ਨਾਲ ਆਪਣੇ ਇਤਿਹਾਸ ਦਾ ਸਾਹਮਣਾ ਜ਼ਰੂਰ ਕਰ ਸਕਦਾ ਹੈ। ਹਰ ਪੀੜਤ ਨੂੰ ਸਨਮਾਨ ਦੇਣਾ ਅਤੇ ਇਹ ਯਕੀਨੀ ਬਣਾਉਣਾ ਕਿ ਇਨਸਾਫ਼ ਨਾ ਤਾਂ ਚੋਣਵਾਂ ਹੋਵੇ ਅਤੇ ਨਾ ਹੀ ਭੁਲਾਇਆ ਜਾਵੇ, ਸਾਡੀ ਸਾਂਝੀ ਜ਼ਿੰਮੇਵਾਰੀ ਹੈ। ਇਸ ਪਹਿਲ ਨੂੰ ਪੁਰਾਣੇ ਜ਼ਖ਼ਮਾਂ ਨੂੰ ਮੁੜ ਖੋਲ੍ਹਣ ਦੀ ਕੋਸ਼ਿਸ਼ ਨਹੀਂ, ਸਗੋਂ ਉਨ੍ਹਾਂ ਨੂੰ ਭਰਨ ਦੇ ਮੌਕੇ ਵਜੋਂ ਦੇਖਿਆ ਜਾਣਾ ਚਾਹੀਦਾ ਹੈ।

ਇਸ ਲਈ ਮੈਂ ਤੁਹਾਡੇ ਨਿੱਜੀ ਦਖ਼ਲ ਦੀ ਨਿਮਰਤਾ ਸਹਿਤ ਬੇਨਤੀ ਕਰਦਾ ਹਾਂ ਕਿ ਇਨਸਾਫ਼, ਰਾਸ਼ਟਰੀ ਏਕਤਾ, ਸੰਵਿਧਾਨਕ ਸ਼ਾਸਨ ਅਤੇ ਸਥਾਈ ਸ਼ਾਂਤੀ ਦੇ ਵਿਸ਼ਾਲ ਹਿੱਤ ਵਿੱਚ ਇਸ ਇਤਿਹਾਸਕ ਪ੍ਰਕਿਰਿਆ ਦੀ ਸ਼ੁਰੂਆਤ ਕੀਤੀ ਜਾਵੇ।

**-ਗਿਆਨੀ ਹਰਪ੍ਰੀਤ ਸਿੰਘ**
**ਸਾਬਕਾ ਜਥੇਦਾਰ, ਸ੍ਰੀ ਅਕਾਲ ਤਖ਼ਤ ਸਾਹਿਬ**
**ਪ੍ਰਧਾਨ, ਸ਼੍ਰੋਮਣੀ ਅਕਾਲੀ ਦਲ (ਪੁਨਰਸੁਰਜੀਤ)**
**Singh Sahib Giani Harpreet Singh Shiromani Akali Dal - ਪੁਨਰ ਸੁਰਜੀਤ**

ਡਾ. ਸਤਿੰਦਰਜੀਤ ਸਿੰਘ ਬਾਜਾਜ ਅਤੇ ਡਾ. ਰਸ਼ਮੀ ਵਿਜ ਨੂੰ ਸਿਹਤ ਸੇਵਾਵਾਂ ਵਿੱਚ ਸ਼ਾਨਦਾਰ ਯੋਗਦਾਨ ਲਈ

# ਪੰਜਾਬ ਸਰਕਾਰ ਵੱਲੋਂ ਰਾਜ ਪੱਧਰੀ ਸਨਮਾਨ




**ਚੌਕ ਮਹਿਤਾ, 9 ਜੁਲਾਈ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਸਿਵਲ ਸਰਜਨ, ਅੰਮ੍ਰਿਤਸਰ ਡਾ. ਸਤਿੰਦਰਜੀਤ ਸਿੰਘ ਬਾਜਾਜ ਅਤੇ ਜ਼ਿਲ੍ਹਾ ਟੀਕਾਕਰਨ ਅਫ਼ਸਰ ਡਾ. ਰਸ਼ਮੀ ਵਿਜ ਨੂੰ ਪੰਜਾਬ ਸਰਕਾਰ ਦੇ ਸਿਹਤ ਅਤੇ ਪਰਿਵਾਰ ਭਲਾਈ ਵਿਭਾਗ ਵੱਲੋਂ ਆਯੋਜਿਤ ਰਾਜ ਪੱਧਰੀ ਡਾਕਟਰ ਸਨਮਾਨ ਸਮਾਰੋਹ ਵਿੱਚ ਸਿਹਤ ਸੇਵਾਵਾਂ ਵਿੱਚ ਉਨ੍ਹਾਂ ਦੇ ਸ਼ਾਨਦਾਰ ਪ੍ਰਦਰਸ਼ਨ ਅਤੇ ਵਿਸ਼ੇਸ਼ ਯੋਗਦਾਨ ਲਈ ਸਨਮਾਨਿਤ ਕੀਤਾ ਗਿਆ। ਡਾ. ਸਤਿੰਦਰਜੀਤ ਸਿੰਘ ਬਾਜਾਜ ਨੂੰ ਸਿਵਲ ਹਸਪਤਾਲ ਜਲੰਧਰ ਵਿੱਚ ਡਿਪਲੋਮੇਟ ਆਫ਼ ਨੈਸ਼ਨਲ ਬੋਰਡ (DNB) ਪੋਸਟ ਗ੍ਰੈਜੂਏਟ ਪ੍ਰੋਗਰਾਮ ਦੀ ਸ਼ੁਰੂਆਤ ਕਰਨ ਲਈ ਸਨਮਾਨਿਤ ਕੀਤਾ ਗਿਆ। ਇਸ ਪਹਿਲਕਦਮੀ ਨੇ ਸਰਕਾਰੀ ਸਿਹਤ ਖੇਤਰ ਵਿੱਚ ਮਾਹਿਰ ਡਾਕਟਰਾਂ ਦੀ ਸਿਖਲਾਈ ਨੂੰ ਨਵੀਂ ਦਿਸ਼ਾ ਦਿੱਤੀ ਅਤੇ ਹੋਰ ਮਜ਼ਬੂਤ ਕੀਤਾ। ਇਸ ਤੋਂ ਇਲਾਵਾ, ਮੈਡੀਕਲ ਸਿੱਖਿਆ ਦੇ ਖੇਤਰ ਵਿੱਚ ਉਨ੍ਹਾਂ ਦੇ ਮਹੱਤਵਪੂਰਨ ਯੋਗਦਾਨ ਨੂੰ ਵੀ ਮਾਨਤਾ ਦਿੱਤੀ ਗਈ। ਉਨ੍ਹਾਂ ਵੱਲੋਂ ਲਿਖੀ ਗਈ ਕੰਪੀਟੈਂਸੀ-ਬੇਸਡ ਮੈਡੀਕਲ ਐਜੂਕੇਸ਼ਨ ਅਨੁਸਾਰ ਫਾਰਮਾਕੋਲੋਜੀ ਦੀ ਪੁਸਤਕ ਮੈਡੀਕਲ ਵਿਦਿਆਰਥੀਆਂ ਵੱਲੋਂ ਵਿਆਪਕ ਤੌਰ 'ਤੇ ਵਰਤੀ ਜਾ ਰਹੀ ਹੈ। ਡਾ. ਰਸ਼ਮੀ ਵਿਜ ਨੂੰ ਪੰਜਾਬ ਵਿੱਚ ਹਿਊਮਨ ਪੈਪੀਲੋਮਾ ਵਾਇਰਸ ਟੀਕਾਕਰਨ ਮੁਹਿੰਮ ਵਿੱਚ ਸਭ ਤੋਂ ਵੱਧ ਕਵਰੇਜ ਹਾਸਲ ਕਰਨ ਵਿੱਚ ਅਹਿਮ ਭੂਮਿਕਾ ਨਿਭਾਉਣ ਲਈ ਸਨਮਾਨਿਤ ਕੀਤਾ ਗਿਆ। ਇਸ ਤੋਂ ਇਲਾਵਾ, ਉਨ੍ਹਾਂ ਨੂੰ ਸਿਵਲ ਹਸਪਤਾਲ ਲਈ ਪਹਿਲਾ ਮਸਕਾਨ ਸਰਟੀਫਿਕੇਸ਼ਨ ਪ੍ਰਾਪਤ ਕਰਨ ਲਈ ਵੀ ਸਨਮਾਨਿਆ ਗਿਆ, ਜੋ ਮਾਤਾ ਅਤੇ ਬਾਲ ਸਿਹਤ ਸੇਵਾਵਾਂ ਦੀ ਗੁਣਵੱਤਾ ਵਿੱਚ ਸੁਧਾਰ ਵੱਲ ਇੱਕ ਮਹੱਤਵਪੂਰਨ ਉਪਲਬਧੀ ਹੈ। ਇਸ ਮੌਕੇ ਡਾ. ਸਤਿੰਦਰਜੀਤ ਸਿੰਘ ਬਾਜਾਜ ਨੇ ਸਨਮਾਨ ਲਈ ਧੰਨਵਾਦ ਪ੍ਰਗਟ ਕਰਦਿਆਂ ਕਿਹਾ ਕਿ ਇਹ ਸਨਮਾਨ ਉਨ੍ਹਾਂ ਲਈ ਬਹੁਤ ਮਾਣ ਵਾਲੀ ਗੱਲ ਹੈ ਅਤੇ ਇਹ ਉਨ੍ਹਾਂ ਨੂੰ ਜਨਤਕ ਸਿਹਤ ਸੇਵਾਵਾਂ ਨੂੰ ਹੋਰ ਮਜ਼ਬੂਤ ਬਣਾਉਣ ਲਈ ਹੋਰ ਵੀ ਵੱਧ ਸਮਰਪਣ ਨਾਲ ਕੰਮ ਕਰਨ ਦੀ ਪ੍ਰੇਰਣਾ ਦੇਵੇਗਾ। ਉਨ੍ਹਾਂ ਨੇ ਇਹ ਸਨਮਾਨ ਸਿਹਤ ਵਿਭਾਗ ਦੀ ਪੂਰੀ ਟੀਮ ਨੂੰ ਸਮਰਪਿਤ ਕਰਦਿਆਂ ਉਨ੍ਹਾਂ ਦੇ ਸਾਂਝੇ ਯਤਨਾਂ ਅਤੇ ਵਚਨਬੱਧਤਾ ਦੀ ਸ਼ਲਾਘਾ ਕੀਤੀ। ਇਹ ਸਨਮਾਨ ਦੋਵਾਂ ਅਧਿਕਾਰੀਆਂ ਦੀ ਸਮਰਪਣ ਭਾਵਨਾ, ਪ੍ਰਭਾਵਸ਼ਾਲੀ ਅਗਵਾਈ ਅਤੇ ਜਨਤਕ ਸਿਹਤ ਪ੍ਰਣਾਲੀ ਨੂੰ ਮਜ਼ਬੂਤ ਕਰਨ ਵਿੱਚ ਉਨ੍ਹਾਂ ਵੱਲੋਂ ਨਿਭਾਈਆਂ ਗਈਆਂ ਮਿਸਾਲੀ ਸੇਵਾਵਾਂ ਦਾ ਪ੍ਰਤੀਕ ਹੈ। ਉਨ੍ਹਾਂ ਦੀਆਂ ਉਪਲਬਧੀਆਂ ਨੇ ਸਿਹਤ ਵਿਭਾਗ, ਅੰਮ੍ਰਿਤਸਰ ਦਾ ਮਾਣ ਵਧਾਇਆ ਹੈ ਅਤੇ ਇਹ ਪੰਜਾਬ ਭਰ ਦੇ ਸਿਹਤ ਕਰਮਚਾਰੀਆਂ ਲਈ ਪ੍ਰੇਰਣਾ ਸਰੋਤ ਹਨ।

# ਗੁਰੂ ਤੇ.ਗ ਬਹਾਦਰ ਮਾਰਗ ਤੇ ਵਣ ਮਹਾਂਉਤਸਵ ਮਨਾਇਆ ਗਿਆ

ਫ਼ਿਰੋਜ਼ਪੁਰ, 09 ਜੁਲਾਈ (ਮਨੋਹਰ ਲਾਲ) :– ਪੰਜਾਬ ਫੋਰੈਸਟ ਪੈਨਸ਼ਨਰਜ ਐਸੋਸੀਏਸ਼ਨ ਦੇ ਰੋਪੜ ਮੰਡਲ ਦੇ ਵਣ ਪੈਨਸ਼ਨਰਜ ਵੱਲੋਂ ਕਿਲਾ ਅਨੰਦਗੜ ਸਾਹਿਬ ਦੇ ਮਹਾਂਪੁਰਸ਼ ਬਾਬਾ ਸਤਨਾਮ ਸਿੰਘ ਦੀ ਅਗਵਾਈ ਵਿੱਚ ਵਣ ਮਹਾਂਉਤਸਵ ਮਨਾਇਆ ਗਿਆ। ਇਸ ਸਬੰਧੀ ਜਾਣਕਾਰੀ ਦਿੰਦਿਆਂ ਮੋਹਿੰਦਰ ਸਿੰਘ ਧਾਲੀਵਾਲ ਜਨਰਲ ਸਕੱਤਰ ਪੰਜਾਬ ਫੋਰੈਸਟ ਪੈਨਸ਼ਨਰਜ ਐਸੋਸੀਏਸ਼ਨ ਨੇ ਦੱਸਿਆ ਕਿ ਇਸ ਸਮੇਂ ਸ਼੍ਰੀ ਹਰਮੰਦਿਰ ਸਾਹਿਬ ਸ਼੍ਰੀ ਅੰਮ੍ਰਿਤਸਰ ਦੇ ਹੈਡ ਗ੍ਰੰਥੀ ਸ੍ਰੀ ਬਲਜੀਤ ਸਿੰਘ, ਬਾਬਾ ਭਾਗ ਸਿੰਘ ਬੰਗੇ ਵਾਲੇ ਵਿਸ਼ੇਸ ਤੌਰ ਤੇ ਸ਼ਾਮਿਲ ਹੋਏ। ਪੰਜਾਬ ਫੋਰੈਸਟ ਪੈਨਸ਼ਨਰਜ ਐਸੋਸੀਏਸ਼ਨ ਮੈਂਬਰ ਪੰਜਾਬ ਦੇ ਵੱਖ–ਵੱਖ ਜਿਲ੍ਹਿਆਂ ਤੋਂ ਵੱਡੀ ਗਿਣਤੀ ਵਿੱਚ ਸ਼ਾਮਿਲ ਹੋਏ। ਵਣ ਮਹਾਂਉਤਸਵ ਦੀ ਸ਼ੁਰੂਆਤ ਸ਼੍ਰੀ ਅਨੰਦਪੁਰ ਸਾਹਿਬ ਤੋਂ ਗੜਸ਼ੰਕਰ ਸੜਕ ਕਾਹਨਪੁਰ ਖੂਹੀ ਰੈਸਟ ਹਾਉਸ ਨੇੜੇ ਤ੍ਰਿਵੇਣੀ ਲਗਾ ਕੇ ਕੀਤੀ ਗਈ। ਪੰਜਾਬ ਫੋਰੈਸਟ ਪੈਨਸ਼ਨਰਜ ਐਸੋਸੀਏਸ਼ਨ ਦੇ ਸਮੂਹ ਸਾਥੀਆਂ ਨੇ ਆਪਣੇ ਹੱਥੀਂ ਪੌਦੇ ਲਗਾਏ। ਇਸ ਮੌਕੇ ਵੱਖ–ਵੱਖ ਬੁਲਾਰਿਆਂ ਨੇ ਵਾਤਾਵਰਨ ਬਚਾਉਣ, ਪਾਣੀ ਦੀ ਸੰਜਮ ਨਾਲ਼ ਵਰਤੋਂ ਕਰਨ ਤੇ ਜੋਰ ਦਿੱਤਾ। ਮਹਾਂ ਪੁਰਸ਼ ਸ਼੍ਰੀ ਬਲਜੀਤ ਸਿੰਘ ਹੈਡ ਗ੍ਰੰਥੀ ਸ੍ਰੀ ਦਰਬਾਰ ਸਾਹਿਬ ਅੰਮ੍ਰਿਤਸਰ, ਬਾਬਾ ਭਾਗ ਸਿੰਘ ਬੰਗੇਵਾਲੇ ਅਤੇ ਮਹਾਂਪੁਰਸ਼ ਬਾਬਾ ਸਤਨਾਮ ਸਿੰਘ ਵੱਲੋਂ ਪੰਜਾਬ ਫੋਰੈਸਟ ਪੈਨਸ਼ਨਰਜ ਐਸੋਸੀਏਸ਼ਨ ਦੇ ਸਾਥੀਆਂ ਨੂੰ ਸਨਮਾਨਿਤ ਕੀਤਾ ਗਿਆ। ਇਸ ਸਮੇਂ ਪੰਜਾਬ ਮੁਲਾਜ਼ਮ ਅਤੇ ਪੈਨਸ਼ਨਰਜ ਸਾਂਝਾ ਮੋਰਚਾ ਵੱਲੋਂ 17 ਜਲਾਈ ਨੂੰ ਚੰਡੀਗੜ੍ਹ ਵਿਖੇ ਕੀਤੀ ਜਾ ਰਹੀ ਮਹਾਂ ਰੈਲੀ ਵਿੱਚ ਸ਼ਾਮਿਲ ਹੋਣ ਦਾ ਐਲਾਨ ਕੀਤਾ। ਇਸ ਮੌਕੇ ਜਗਦੀਪ ਸਿੰਘ ਢਿੱਲੋਂ ਸਰਪਰਸਤ, ਰਣਧੀਰ ਸਿੰਘ ਚੱਕਾਲ ਚੇਅਰਮੈਨ, ਮਲਕੀਤ ਸਿੰਘ ਸ਼੍ਰੀ ਅਨੰਦਪੁਰ ਸਾਹਿਬ, ਮੋਹਿੰਦਰ ਸਿੰਘ ਧਾਲੀਵਾਲ ਜਨਰਲ ਸਕੱਤਰ, ਜਸਵੰਤ ਸਿੰਘ ਭੱਟੀ, ਬਲਵਿੰਦਰ ਕੁਮਾਰ ਹੁਸ਼ਿਆਰਪੁਰ, ਰਵੀ ਕੁਮਾਰ ਬਰਗਾੜੀ, ਮਨਜੀਤ ਸਿੰਘ ਹੁਸ਼ਿਆਰਪੁਰ, ਕਰਮਜੀਤ ਸਿੰਘ ਜਗਰਾਓ, ਗੁਰਸੇਵਕ ਸਿੰਘ ਮੋਗਾ, ਹੁਸਨ ਚੰਦ, ਰਾਮ, ਰਵਿੰਦਰ ਸਿੰਘ, ਸੁਰਜੀਤ ਸਿੰਘ, ਹਰਚੰਦ ਸਿੰਘ ਆਦਿ ਨੇ ਸੰਬੋਧਨ ਕੀਤਾ।




# ਤਿੰਨ ਮੋਟਰਸਾਈਕਲਾਂ 'ਤੇ ਸਵਾਰ ਹਥਿਆਰਬੰਦ ਹਮਲਾਵਰਾਂ ਨੇ 15 ਤੋਂ ਵੱਧ ਕੀਤਾ ਫਾਇਰ

## ਪਰਿਵਾਰ ਦਾ ਦਾਅਵਾ–ਹਮਲਾਵਰਾਂ ਦੇ ਚਿਹਰੇ ਢੱਕੇ ਹੋਏ ਸਨ, ਦੋਸ਼ੀਆਂ ਦੀ ਗ੍ਰਿਫ਼ਤਾਰੀ ਦੀ ਕੀਤੀ ਮੰਗ

ਜੰਡਿਆਲਾ ਗੁਰੂ 9 ਜੁਲਾਈ (ਕੁਲਵੰਤ ਸਿੰਘ ਵਿਰਦੀ ) ਮਿਲੀ ਜਾਣਕਾਰੀ ਅਨੁਸਾਰ ਜੰਡਿਆਲਾ ਗੁਰੂ ਵਿੱਚ ਇੱਕ ਵਾਰ ਫਿਰ ਗੋਲੀਬਾਰੀ ਦੀ ਘਟਨਾ ਨੇ ਇਲਾਕੇ ਵਿੱਚ ਦਹਿਸ਼ਤ ਦਾ ਮਾਹੌਲ ਪੈਦਾ ਕਰ ਦਿੱਤਾ ਹੈ। ਸ਼ੇਖੂਪੁਰਾ ਮੁਹੱਲੇ ਵਿੱਚ ਸਥਿਤ ਇੱਕ ਮਕਾਨ ਨੂੰ ਨਿਸ਼ਾਨਾ ਬਣਾਉਂਦਿਆਂ ਅਣਪਛਾਤੇ ਹਥਿਆਰਬੰਦ ਵਿਅਕਤੀਆਂ ਵੱਲੋਂ ਅੰਨ੍ਹੇਵਾਹ ਗੋਲੀਆਂ ਚਲਾਈਆਂ ਗਈਆਂ। ਜਾਣਕਾਰੀ ਅਨੁਸਾਰ ਤਿੰਨ ਮੋਟਰਸਾਈਕਲਾਂ 'ਤੇ ਸਵਾਰ ਕਰੀਬ ਨੌਂ ਹਮਲਾਵਰ 15 ਤੋਂ ਵੱਧ ਫਾਇਰ ਕਰਕੇ ਫਰਾਰ ਹੋ ਗਏ। ਖੁਸ਼ਿਕਸਮਤੀ ਨਾਲ ਇਸ ਗੋਲੀਬਾਰੀ ਵਿੱਚ ਕਿਸੇ ਜਾਨੀ ਨੁਕਸਾਨ ਦੀ ਖ਼ਬਰ ਨਹੀਂ ਹੈ, ਪਰ ਘਟਨਾ ਤੋਂ ਬਾਅਦ ਇਲਾਕੇ ਚ ਸਹਿਮ ਦਾ ਮਾਹੌਲ ਬਣਿਆ ਹੋਇਆ ਹੈ ਵਾਰਦਾਤ ਦੀ ਸੂਚਨਾ ਮਿਲਦੇ ਹੀ ਜੰਡਿਆਲਾ ਗੁਰੂ ਪੁਲਿਸ ਮੌਕੇ 'ਤੇ ਪਹੁੰਚ ਗਈ। ਐਸ.ਐਚ.ਓ. ਵੱਲੋਂ ਘਟਨਾ ਸਥਾਨ ਦਾ ਜਾਇਜ਼ਾ ਲੈ ਕੇ ਪਰਿਵਾਰਕ ਮੈਂਬਰਾਂ ਅਤੇ ਆਸ-ਪਾਸ ਦੇ ਲੋਕਾਂ ਨਾਲ ਪੁੱਛਗਿੱਛ ਕੀਤੀ ਗਈ। ਪੁਲਿਸ ਵੱਲੋਂ ਇਲਾਕੇ ਵਿੱਚ ਲੱਗੇ ਸੀਸੀਟੀਵੀ ਕੈਮਰਿਆਂ ਦੀ ਫੁਟੇਜ ਖੰਗਾਲੀ ਜਾ ਰਹੀ ਹੈ ਤਾਂ ਜੋ ਹਮਲਾਵਰਾਂ ਦੀ ਪਛਾਣ ਕਰਕੇ ਉਨ੍ਹਾਂ ਨੂੰ ਜਲਦ ਤੋਂ ਜਲਦ ਕਾਬੂ ਕੀਤਾ ਜਾ ਸਕੇ ਚਸ਼ਮਦੀਦ ਮਹਿਲਾ ਬਲਵਿੰਦਰ ਕੌਰ ਨੇ ਦੱਸਿਆ ਕਿ ਉਹ ਆਪਣੇ ਪਰਿਵਾਰ ਨਾਲ ਘਰ ਦੇ ਅੰਦਰ ਬੈਠੇ ਹੋਏ ਸਨ। ਪਹਿਲਾਂ ਉਨ੍ਹਾਂ ਨੂੰ ਲੱਗਿਆ ਕਿ ਸ਼ਾਇਦ ਪਟਾਕਿਆਂ ਦੀ ਆਵਾਜ਼ ਹੈ, ਪਰ ਕੁਝ ਹੀ ਪਲਾਂ ਵਿੱਚ ਸਮਝ ਆ ਗਿਆ ਕਿ ਘਰ 'ਤੇ ਗੋਲੀਆਂ ਚਲਾਈਆਂ ਜਾ ਰਹੀਆਂ ਹਨ। ਉਨ੍ਹਾਂ ਕਿਹਾ ਕਿ ਅਚਾਨਕ ਅੱਠ ਤੋਂ ਨੌਂ ਵਿਅਕਤੀ ਤਿੰਨ ਮੋਟਰਸਾਈਕਲਾਂ 'ਤੇ ਆਏ ਅਤੇ ਤਾਬੜਤੋੜ ਫਾਇਰਿੰਗ ਕਰਕੇ ਫਰਾਰ ਹੋ ਗਏ। ਉਨ੍ਹਾਂ ਕਿਹਾ ਕਿ ਜੇ ਉਸ ਸਮੇਂ ਕੋਈ ਬੱਚਾ ਜਾਂ ਪਰਿਵਾਰ ਦਾ ਮੈਂਬਰ ਘਰ ਦੇ ਬਾਹਰ ਹੁੰਦਾ ਤਾਂ ਵੱਡਾ ਹਾਦਸਾ ਵਾਪਰ ਸਕਦਾ ਸੀ। ਉਨ੍ਹਾਂ ਨੇ ਪੁਲਿਸ ਪ੍ਰਸ਼ਾਸਨ ਤੋਂ ਮੰਗ ਕੀਤੀ ਕਿ ਦੋਸ਼ੀਆਂ ਨੂੰ ਜਲਦੀ ਗ੍ਰਿਫ਼ਤਾਰ ਕਰਕੇ ਉਨ੍ਹਾਂ ਦੇ ਹਮਲੇ ਦੇ ਮਕਸਦ ਦਾ ਖੁਲਾਸਾ ਕੀਤਾ ਜਾਵੇ ਇਸੇ ਦੌਰਾਨ ਰਣਜੀਤ ਕੌਰ ਨੇ ਵੀ ਦੱਸਿਆ ਕਿ ਗੋਲੀਬਾਰੀ ਵੇਲੇ ਪਰਿਵਾਰ ਦੇ ਸਾਰੇ ਮੈਂਬਰ ਘਰ ਅੰਦਰ ਮੌਜੂਦ ਸਨ। ਪਹਿਲਾਂ ਉਨ੍ਹਾਂ ਨੂੰ ਪਟਾਕਿਆਂ ਦੀ ਆਵਾਜ਼ ਲੱਗੀ, ਪਰ ਬਾਅਦ ਵਿੱਚ ਪਤਾ ਲੱਗਿਆ ਕਿ ਹਥਿਆਰਬੰਦ ਹਮਲਾਵਰ ਗੋਲੀਆਂ ਚਲਾ ਰਹੇ ਹਨ। ਉਨ੍ਹਾਂ ਦਾ ਕਹਿਣਾ ਸੀ ਕਿ ਹਮਲਾਵਰਾਂ ਨੇ ਆਪਣੇ ਚਿਹਰੇ ਕੱਪੜਿਆਂ ਨਾਲ ਢੱਕੇ ਹੋਏ ਸਨ ਅਤੇ ਉਹ ਤੇਜ਼ੀ ਨਾਲ ਵਾਰਦਾਤ ਨੂੰ ਅੰਜਾਮ ਦੇ ਕੇ ਫਰਾਰ ਹੋ ਗਏ। ਪੁਲਿਸ ਨੇ ਮਾਮਲਾ ਦਰਜ ਕਰਕੇ ਵੱਖ-ਵੱਖ ਪਹਿਲੂਆਂ ਤੋਂ ਜਾਂਚ ਸ਼ੁਰੂ ਕਰ ਦਿੱਤੀ ਹੈ ਅਤੇ ਦਾਅਵਾ ਕੀਤਾ ਹੈ ਕਿ ਜਲਦ ਹੀ ਦੋਸ਼ੀਆਂ ਨੂੰ ਕਾਬੂ ਕਰ ਲਿਆ ਜਾਵੇਗਾ।



# 'ਸਤਲੁਜ' ਫਿਲਮ ਹਟਾ ਕੇ ਸਰਕਾਰ ਨੇ ਆਪਣੀ ਸਿੱਖ ਵਿਰੋਧੀ ਸੋਚ ਮੁੜ ਕੀਤੀ ਬੇਨਕਾਬ — ਭਾਈ ਅਤਲਾ

**ਨਵੀਂ ਦਿੱਲੀ, 9 ਜੁਲਾਈ (ਮਨਪ੍ਰੀਤ ਸਿੰਘ ਖਾਲਸਾ)**:-ਸ਼ਹੀਦ ਬਾਬਾ ਦੀਪ ਸਿੰਘ ਸੇਵਾ ਦਲ ਪੰਜਾਬ ਦੇ ਮੁੱਖ ਸੇਵਾਦਾਰ ਭਾਈ ਸੁਖਚੈਨ ਸਿੰਘ ਅਤਲਾ ਨੇ ਪ੍ਰੈਸ ਨੋਟ ਜਾਰੀ ਕਰਦਿਆਂ ਕਿਹਾ ਕਿ ਭਾਈ ਜਸਵੰਤ ਸਿੰਘ ਖਾਲੜਾ ਦੇ ਜੀਵਨ ਸੰਘਰਸ਼ ਅਤੇ 1990 ਦੇ ਦਹਾਕੇ ਦੌਰਾਨ ਸਿੱਖਾਂ 'ਤੇ ਹੋਏ ਕਥਿਤ ਤਸ਼ੱਦਦ ਨੂੰ ਦਰਸਾਉਣ ਵਾਲੀ 'ਸਤਲੁਜ' ਫਿਲਮ ਨੂੰ ਓਟੀਟੀ ਪਲੇਟਫਾਰਮ ਤੋਂ ਹਟਾਉਣਾ ਸਰਕਾਰ ਦੀ ਸਿੱਖ ਵਿਰੋਧੀ ਸੋਚ ਦਾ ਇੱਕ ਹੋਰ ਸਬੂਤ ਹੈ। ਉਨ੍ਹਾਂ ਕਿਹਾ ਕਿ ਇਸ ਕਾਰਵਾਈ ਨੇ ਸਰਕਾਰ ਦੀ ਅਸਲ ਮਾਨਸਿਕਤਾ ਨੂੰ ਮੁੜ ਬੇਨਕਾਬ ਕਰ ਦਿੱਤਾ ਹੈ ਅਤੇ ਸਮੁੱਚੀ ਸਿੱਖ ਕੌਮ ਇਸ ਦੀ ਸਖ਼ਤ ਨਿੰਦਾ ਕਰਦੀ ਹੈ। ਭਾਈ ਅਤਲਾ ਨੇ ਕਿਹਾ ਕਿ ਫਿਲਮ ਆਪਣੇ ਨਿਰਮਾਣ ਤੋਂ ਹੀ ਰੁਕਾਵਟਾਂ ਦਾ ਸਾਹਮਣਾ ਕਰਦੀ ਰਹੀ। ਪਹਿਲਾਂ ਇਸ ਨੂੰ ਸਿਨੇਮਾਘਰਾਂ ਵਿੱਚ ਰਿਲੀਜ਼ ਨਹੀਂ ਹੋਣ ਦਿੱਤਾ ਗਿਆ ਅਤੇ ਹੁਣ ਤਿੰਨ ਸਾਲ ਦੀ ਲੰਬੀ ਉਡੀਕ ਤੋਂ ਬਾਅਦ ਜਦੋਂ ਇਹ ਜ਼ੀ-5 'ਤੇ ਦਰਸ਼ਕਾਂ ਲਈ ਉਪਲਬਧ ਹੋਈ ਤਾਂ ਇਸ ਨੂੰ ਉੱਥੋਂ ਵੀ ਹਟਾ ਦਿੱਤਾ ਗਿਆ। ਉਨ੍ਹਾਂ ਕਿਹਾ ਕਿ ਇਹ ਕਦਮ ਪ੍ਰਗਟਾਵੇ ਦੀ ਆਜ਼ਾਦੀ ਅਤੇ ਇਤਿਹਾਸਕ ਸੱਚਾਈ ਨੂੰ ਦਬਾਉਣ ਦੀ ਕੋਸ਼ਿਸ਼ ਹੈ। ਉਨ੍ਹਾਂ ਕਿਹਾ ਕਿ ਜੇਕਰ ਕਿਸੇ ਫਿਲਮ ਵਿੱਚ ਇਤਿਹਾਸ ਦੇ ਦਰਦਨਾਕ ਪੱਖ ਨੂੰ ਦਰਸਾਇਆ ਜਾਂਦਾ ਹੈ ਤਾਂ ਉਸ ਨੂੰ ਪਾਬੰਦੀਆਂ ਰਾਹੀਂ ਦਬਾਉਣਾ ਲੋਕਤੰਤਰ ਦੀ ਭਾਵਨਾ ਦੇ ਉਲਟ ਹੈ। ਅਜਿਹੀਆਂ ਇਤਿਹਾਸਕ ਫਿਲਮਾਂ ਨਵੀਂ ਪੀੜ੍ਹੀ ਨੂੰ ਆਪਣੇ ਇਤਿਹਾਸ ਨਾਲ ਜੋੜਦੀਆਂ ਹਨ ਅਤੇ ਸੱਚ ਨੂੰ ਸਮਝਣ ਦਾ ਮੌਕਾ ਦਿੰਦੀਆਂ ਹਨ। ਭਾਈ ਅਤਲਾ ਨੇ ਮੰਗ ਕੀਤੀ ਕਿ 'ਸਤਲੁਜ' ਫਿਲਮ ਨੂੰ ਤੁਰੰਤ ਮੁੜ ਓਟੀਟੀ ਪਲੇਟਫਾਰਮ ਦੇ ਨਾਲ ਸੀਨੇਮਾਘਰਾਂ 'ਤੇ ਉਪਲਬਧ ਕਰਵਾਇਆ ਜਾਵੇ ਅਤੇ ਕਲਾ ਅਤੇ ਪ੍ਰਗਟਾਵੇ ਦੀ ਆਜ਼ਾਦੀ ਦਾ ਸਨਮਾਨ ਕੀਤਾ ਜਾਵੇ।



ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

ਭਾਈ ਜਸਵੰਤ ਸਿੰਘ ਖਾਲੜਾ ਦੇ ਜੀਵਨ ਤੇ ਬਣੀ ਫ਼ਿਲਮ ਸਤਲੁਜ ਤੋਂ ਪਾਬੰਦੀ ਹਟਾਉਣ ਦੀ ਕੀਤੀ ਮੰਗ

# 11 ਜੁਲਾਈ ਨੂੰ ਹਰੀਕੇ ਪੱਤਣ ਵਿਖੇ ਹੋਵੇਗਾ ਮਸ਼ਾਲ ਮਾਰਚ—ਆਗੂ



ਫ਼ਿਰੋਜ਼ਪੁਰ, 09 ਜੁਲਾਈ (ਮਨੋਹਰ ਲਾਲ) :— ਫ਼ਿਰੋਜ਼ਪੁਰ ਦੀਆਂ ਸਮੂਹ ਪੰਥਕ ਜਥੇਬੰਦੀਆਂ ਵੱਲੋਂ ਗੁਰਦੁਆਰਾ ਜਾਮਨੀ ਸਾਹਿਬ, ਬਾਜ਼ੀਦਪੁਰ ਵਿਖੇ ਇੱਕ ਅਹਿਮ ਮੀਟਿੰਗ ਕੀਤੀ ਗਈ, ਜਿਸ ਵਿੱਚ ਭਾਈ ਜਸਵੰਤ ਸਿੰਘ ਖਾਲੜਾ ਦੇ ਜੀਵਨ ਅਤੇ ਉਨ੍ਹਾਂ ਦੀ ਸ਼ਹਾਦਤ ਤੇ ਆਧਾਰਿਤ ਬਣੀ ਫ਼ਿਲਮ ਸਤਲੁਜ ਉੱਤੇ ਲੱਗੀ ਪਾਬੰਦੀ ਹਟਾਉਣ ਸਮੇਤ ਕਈ ਧਾਰਮਿਕ, ਸਮਾਜਿਕ ਅਤੇ ਲੋਕ ਹਿੱਤ ਦੇ ਮੁੱਦਿਆਂ ਤੇ ਵਿਸਥਾਰ ਨਾਲ ਵਿਚਾਰ ਵਟਾਂਦਰਾ ਕੀਤਾ ਗਿਆ। ਇਸ ਮੀਟਿੰਗ ਵਿੱਚ ਵੱਖ—ਵੱਖ ਪੰਥਕ, ਧਾਰਮਿਕ, ਸਮਾਜਿਕ, ਕਿਸਾਨ, ਅਧਿਆਪਕ ਅਤੇ ਹੋਰ ਜਥੇਬੰਦੀਆਂ ਦੇ ਆਗੂ ਮੁਖਤਿਆਰ ਸਿੰਘ ਭੁੱਲਰ, ਬਾਬਾ ਸਤਨਾਮ ਸਿੰਘ ਵੱਲੀਆਂ, ਹਰਜਿੰਦਰ ਸਿੰਘ ਜੀਰਾ, ਜਸਪਾਲ ਸਿੰਘ ਫ਼ਿਰੋਜ਼ਪੁਰ, ਗੁਰਚਰਨ ਸਿੰਘ ਭੁੱਲਰ, ਮਾਨ ਸਿੰਘ ਕਿਲੀ, ਬਾਬਾ ਦਿਲਬਾਗ ਸਿੰਘ, ਅਵਤਾਰ ਸਿੰਘ ਮਹਿਮਾ, ਦਵਿੰਦਰ ਸਿੰਘ ਸੇਖੋਂ, ਮਲਕੀਤ ਸਿੰਘ ਹਰਾਜ, ਸਰਬਜੀਤ ਸਿੰਘ ਭਾਵੜਾ, ਜਸਬੀਰ ਸਿੰਘ ਭੁੱਲਰ, ਗੁਰਵਿੰਦਰ ਸਿੰਘ ਖੋਸਾ ਆਦਿ ਨੇ ਵੱਡੀ ਗਿਣਤੀ ਵਿੱਚ ਸ਼ਮੂਲੀਅਤ ਕੀਤੀ। ਬੁਲਾਰਿਆਂ ਨੇ ਕਿਹਾ ਕਿ ਭਾਈ ਜਸਵੰਤ ਸਿੰਘ ਖਾਲੜਾ ਨੇ ਮਨੁੱਖੀ ਅਧਿਕਾਰਾਂ ਦੀ ਰੱਖਿਆ ਲਈ ਆਪਣਾ ਸਾਰਾ ਜੀਵਨ ਸਮਰਪਿਤ ਕਰ ਦਿੱਤਾ ਅਤੇ ਪੰਜਾਬ ਵਿੱਚ ਹੋਏ ਲਾਪਤਾ ਨੌਜਵਾਨਾਂ ਦੇ ਮਾਮਲੇ ਨੂੰ ਸੰਸਾਰ ਸਾਹਮਣੇ ਲਿਆਉਣ ਲਈ ਅਦੁੱਤੀ ਹਿੰਮਤ ਦਾ ਪ੍ਰਗਟਾਵਾ ਕੀਤਾ। ਉਨ੍ਹਾਂ ਕਿਹਾ ਕਿ ਅਜਿਹੇ ਮਹਾਨ ਸ਼ਹੀਦ ਦੇ ਜੀਵਨ ਤੇ ਬਣੀ ਫ਼ਿਲਮ ਨੂੰ ਲੋਕਾਂ ਤੱਕ ਪਹੁੰਚਣ ਤੋਂ ਰੋਕਣਾ ਨਿਆਂ ਅਤੇ ਮਨੁੱਖ ਦੀ ਵਿਚਾਰਾਂ ਦੀ ਸੁਤੰਤਰਤਾ ਦੇ ਖ਼ਿਲਾਫ਼ ਹੈ, ਇਸ ਲਈ ਸਰਕਾਰ ਨੂੰ ਤੁਰੰਤ ਇਸ ਫ਼ਿਲਮ ਤੋਂ ਪਾਬੰਦੀ ਹਟਾ ਕੇ ਇਸ ਦੀ ਖੁੱਲ੍ਹੀ ਸਕ੍ਰੀਨਿੰਗ ਦੀ ਆਗਿਆ ਦੇਣੀ ਚਾਹੀਦੀ ਹੈ। ਮੀਟਿੰਗ ਵਿੱਚ ਸਰਬਸੰਮਤੀ ਨਾਲ ਫ਼ੈਸਲਾ ਕੀਤਾ ਗਿਆ ਕਿ 11 ਜੁਲਾਈ 2026 ਨੂੰ ਸ਼ਾਮ 5:30 ਵਜੇ ਹਰੀਕੇ ਪੱਤਣ ਵਿਖੇ ਜਿੱਥੇ ਭਾਈ ਜਸਵੰਤ ਸਿੰਘ ਖਾਲੜਾ ਨੂੰ ਸ਼ਹੀਦ ਕੀਤਾ ਗਿਆ ਸੀ, ਇੱਕ ਵਿਸ਼ਾਲ ਮਸ਼ਾਲ ਮਾਰਚ ਕੱਢਿਆ ਜਾਵੇਗਾ, ਜਿਸ ਵਿੱਚ ਹਰ ਵਰਗ ਦੇ ਲੋਕਾਂ ਨੂੰ ਵੱਡੀ ਗਿਣਤੀ ਵਿੱਚ ਸ਼ਾਮਲ ਹੋਣ ਦੀ ਅਪੀਲ ਕੀਤੀ ਗਈ। ਆਗੂਆਂ ਨੇ ਕਿਹਾ ਕਿ ਇਹ ਮਸ਼ਾਲ ਮਾਰਚ ਭਾਈ ਖਾਲੜਾ ਦੀ ਸ਼ਹਾਦਤ ਨੂੰ ਨਮਨ ਕਰਨ ਦੇ ਨਾਲ—ਨਾਲ ਮਨੁੱਖੀ ਅਧਿਕਾਰਾਂ, ਇਨਸਾਫ਼ ਅਤੇ ਸੱਚ ਦੀ ਆਵਾਜ਼ ਨੂੰ ਹੋਰ ਬੁਲੰਦ ਕਰਨ ਦਾ ਪ੍ਰਤੀਕ ਹੋਵੇਗਾ। ਇਸ ਤੋਂ ਇਲਾਵਾ ਮੀਟਿੰਗ ਵਿੱਚ ਇਹ ਵੀ ਫ਼ੈਸਲਾ ਲਿਆ ਗਿਆ ਕਿ ਵੱਖ—ਵੱਖ ਟੀਮਾਂ ਦਾ ਗਠਨ ਕਰਕੇ ਪਿੰਡ—ਪਿੰਡ ਜਾਇਆ ਜਾਵੇਗਾ ਅਤੇ ਪ੍ਰੋਜੈਕਟਰ ਰਾਹੀਂ ਫ਼ਿਲਮ ਸਤਲੁਜ ਦੀ ਸਕ੍ਰੀਨਿੰਗ ਕਰਕੇ ਲੋਕਾਂ ਨੂੰ ਭਾਈ ਜਸਵੰਤ ਸਿੰਘ ਖਾਲੜਾ ਦੇ ਜੀਵਨ, ਸੰਘਰਸ਼ ਅਤੇ ਸ਼ਹਾਦਤ ਤੋਂ ਜਾਣੂ ਕਰਵਾਇਆ ਜਾਵੇਗਾ। ਆਗੂਆਂ ਨੇ ਕਿਹਾ ਕਿ ਇਸ ਮੁਹਿੰਮ ਦਾ ਮਕਸਦ ਨੌਜਵਾਨ ਪੀੜ੍ਹੀ ਨੂੰ ਆਪਣੇ ਇਤਿਹਾਸ, ਮਨੁੱਖੀ ਅਧਿਕਾਰਾਂ ਅਤੇ ਸੱਚ ਲਈ ਦਿੱਤੀਆਂ ਕੁਰਬਾਨੀਆਂ ਬਾਰੇ ਜਾਗਰੂਕ ਕਰਨਾ ਹੈ। ਮੀਟਿੰਗ ਦੇ ਅੰਤ ਵਿੱਚ ਸਮੂਹ ਜਥੇਬੰਦੀਆਂ ਨੇ ਲੋਕਾਂ ਨੂੰ 11 ਜੁਲਾਈ ਦੇ ਮਸ਼ਾਲ ਮਾਰਚ ਵਿੱਚ ਵੱਡੀ ਗਿਣਤੀ ਵਿੱਚ ਸ਼ਮੂਲੀਅਤ ਕਰਨ ਅਤੇ ਜਾਗਰੂਕਤਾ ਮੁਹਿੰਮ ਨੂੰ ਸਫ਼ਲ ਬਣਾਉਣ ਦੀ ਅਪੀਲ ਕਰਦਿਆਂ ਕਿਹਾ ਕਿ ਸੱਚ ਅਤੇ ਇਨਸਾਫ਼ ਲਈ ਚੱਲ ਰਹੀ ਇਹ ਲੜਾਈ ਲੋਕਾਂ ਦੇ ਸਹਿਯੋਗ ਨਾਲ ਹੋਰ ਮਜ਼ਬੂਤ ਬਣੇਗੀ।

ਸਾਈ ਮੀਆਂ ਮੀਰ ਫਾਊਂਡੇਸ਼ਨੌ ਦਾ ਇੱਕ ਵਫਦ ਫਿਲਮ ਸਤਲੁਜ ਦੇ ਸਬੰਧ ਵਿੱਚ

# ਮਨੁੱਖੀ ਅਧਿਕਾਰ ਕਮਿਸ਼ਨ ਪੰਜਾਬ-ਚੰਡੀਗੜ੍ਹ ਨੂੰ ਮਿਲਿਆ



ਫ਼ਿਰੋਜ਼ਪੁਰ, 09 ਜੁਲਾਈ (ਮਨੋਹਰ ਲਾਲ) :— ਪੰਜਾਬ ਅਤੇ ਦੇਸ਼ ਵਿਦੇਸ਼ ਵਿੱਚ ਅੱਜ ਕੱਲ ਇੱਕ ਮੁੱਦਾ ਭਖਿਆ ਹੋਇਆ ਹੈ, ਫਿਲਮ ਸਤਲੁਜ ਨੂੰ ਲੈ ਕੈ, ਜਿਸ ਦੇ ਹੱਕ ਵਿਚ ਡੱਟਦਿਆਂ ਸਾਈ ਮੀਆਂ ਮੀਰ ਫਾਊਂਡੇਸ਼ਨ ਦੇ ਪ੍ਰਧਾਨ ਦਲਜੀਤ ਸਿੰਘ ਸਿੱਧੂ ਅਤੇ ਉਨ੍ਹਾਂ ਦੀ ਟੀਮ ਦੁਆਰਾ ਸਰਕਾਰ ਦੇ ਨਾਮ ਤੇ ਇੱਕ ਮੈਮੋਰੰਡਮ ਮਨੁੱਖੀ ਅਧਿਕਾਰ ਕਮਿਸ਼ਨ ਨੂੰ ਦਿੱਤਾ ਗਿਆ।

ਇਸ ਸਬੰਧੀ ਜਾਣਕਾਰੀ ਸਾਂਝੀ ਕਰਦਿਆਂ ਸਾਈ ਮੀਆਂ ਮੀਰ ਫਾਊਡੇਸ਼ਨ ਦੇ ਪ੍ਰਧਾਨ ਦਲਜੀਤ ਸਿੰਘ ਸਿੱਧੂ ਅਤੇ ਵਾਰਸ ਪੰਜਾਬ ਦੇ ਜਥੇਬੰਦੀ ਦੇ ਆਗੂਆਂ ਨੇ ਕਿਹਾ ਕਿ ਜੋ ਮਨੁੱਖੀ ਅਧਿਕਾਰਾਂ ਦਾ ਘਾਣ 90 ਦੇ ਦਹਾਕੇ ਵਿੱਚ ਕੀਤਾ ਗਿਆ ਸੀ ਉਹ ਅੱਜ ਵੀ ਜਾਰੀ ਹੈ ਸੈਂਸਰ ਬੋਰਡ ਵੱਲੋਂ ਪਿਛਲੇ ਤਿੰਨ ਚਾਰ ਸਾਲਾਂ ਤੋਂ ਇਸ ਫਿਲਮ ਦੀ ਐਨ.ਓ.ਸੀ ਨੂੰ ਲੈ ਕੇ ਚੱਕਰ ਕਢਵਾਏ ਜਾ ਰਹੇ ਸਨ ਆਖਰ ਇਨਸਾਫ ਨਾ ਮਿਲਦਾ ਦੇਖ ਕੇ ਟੀਮ ਦਿਲਜੀਤ ਦੋਸਾਂਝ ਨੇ ਇਹ ਫਿਲਮ ਪੰਜਾਬ—95 ਤੋਂ ਬਦਲ ਕੇ ਸਤਲੁਜ ਨਾਮ ਰੱਖ ਕੇ 5ਰਵਵ ਪਲੇਟਫਾਰਮ ਤੇ ਰਿਲੀਜ਼ ਕਰ ਦਿੱਤੀ ਤਾਂ 48 ਘੰਟਿਆਂ ਵਿੱਚ ਹੀ ਸਰਕਾਰ ਵੱਲੋਂ ਇਸ ਫਿਲਮ ਨੂੰ ਹਟਾ ਲਿਆ ਗਿਆ ਤੇ ਇਹ ਫਿਲਮ ਲੋਕ ਲਹਿਰ ਬਣ ਕੇ ਪਿੰਡਾਂ ਦੇ ਗੁਰਦੁਆਰਿਆਂ ਵਿੱਚ ਦਿਖਾਈ ਜਾਣ ਲੱਗੀ। ਗੱਲਬਾਤ ਕਰਦਿਆਂ ਦਲਜੀਤ ਸਿੰਘ ਮਹਲਮ ਨੇ ਕਿਹਾ ਕਿ ਇੱਥੇ ਸੈਂਸਰ ਬੋਰਡ ਵੱਲੋਂ ਪੱਖਪਾਤ ਕੀਤਾ ਜਾ ਰਿਹਾ ਹੈ ਧੁਰੰਦਰ ਵਰਗੀਆਂ ਫਿਲਮਾਂ ਨੂੰ ਸਿਨੇਮਾ ਘਰਾਂ ਵਿੱਚ ਲਗਾਇਆ ਜਾ ਸਕਦਾ ਹੈ ਤੇ ਸਤਲੁਜ ਨੂੰ ਕਿਉਂ ਨਹੀਂ ਇਸ ਫਿਲਮ ਵਿੱਚ ਪੰਜਾਬ ਦਾ ਬੀਤਿਆ ਕੌੜਾ ਸੱਚ ਦਿਖਾਇਆ ਗਿਆ ਹੈ ਜੋ ਸਾਡੀ ਆਉਣ ਵਾਲੀ ਪੀੜੀ ਨੂੰ ਨਹੀਂ ਪਤਾ ਕਿਸ ਤਰ੍ਹਾਂ ਮਨੁੱਖੀ ਅਧਿਕਾਰਾਂ ਦੀ ਰਾਖੀ ਕਰਦਿਆਂ ਜਸਵੰਤ ਸਿੰਘ ਖਾਲੜਾ 25 ਹਜਾਰ ਲਾਸ਼ਾਂ ਦੇ ਸਿਰਨਾਵੇਂ ਲੱਭਦਾ ਲਭਦਾ ਖੁਦ ਇੱਕ ਲਾਸ਼ ਬਣ ਕੇ ਸਤਲੁਜ ਦੀਆਂ ਲਹਿਰਾਂ ਵਿੱਚ ਸਮਾ ਗਿਆ। ਉਨ੍ਹਾਂ ਕਿਹਾ ਕਿ ਇਸ ਫਿਲਮ ਵਿੱਚ ਕੁਝ ਵੀ ਅਜਿਹਾ ਨਹੀਂ ਜੋ ਦੇਸ਼ ਵਿਰੋਧੀ ਹੋਵੇ ਹੁਣ ਸੈਂਟਰ ਸਰਕਾਰ ਨੂੰ ਵੀ ਅਪੀਲ ਕੀਤੀ ਲੋਕ ਹਿਤਾਂ ਨੂੰ ਦੇਖਦੇ ਹੋਏ ਇਸ ਤੇ ਮੁੜ ਵਿਚਾਰ ਕਰ ਇਹ ਫਿਲਮ ਸਿਨੇਮਾ ਘਰਾਂ ਵਿੱਚ ਰਿਲੀਜ਼ ਕੀਤੀ ਜਾਵੇ। ਇਸ ਮੌਕੇ ਮਨੁੱਖੀ ਅਧਿਕਾਰ ਕਮਿਸ਼ਨ ਤੇ ਮੈਂਬਰ ਜਤਿੰਦਰ ਸਿੰਘ ਸ਼ੰਟੀ ਨਾਲ ਗੱਲਬਾਤ ਕੀਤੀ ਤਾਂ ਉਨ੍ਹਾਂ ਕਿਹਾ ਸਾਡੇ ਕੋਲ ਜਥੇਬੰਦੀਆਂ ਦੁਆਰਾ ਲਿਖਤੀ ਰੂਪ ਵਿੱਚ ਫਿਲਮ ਦੇ ਹੱਕ ਵਿੱਚ ਮੈਮੋਰੰਡਮ ਆ ਚੁੱਕਾ ਹੈ ਜੋ ਅਸੀਂ ਸਰਕਾਰ ਨੂੰ ਮੁੜ ਵਿਚਾਰ ਲਈ ਭੇਜਾਂਗੇ। ਉਨ੍ਹਾਂ ਕਿਹਾ ਕਿ ਦੇਸ਼ ਵਿੱਚ ਸਾਰਿਆਂ ਲਈ ਇੱਕ ਹੀ ਕਾਨੂੰਨ ਹੈ ਕਮਿਸ਼ਨ ਹਮੇਸ਼ਾ ਹੀ ਮਨੁੱਖੀ ਅਧਿਕਾਰਾਂ ਲਈ ਤਤਪਰ ਹੈ ਕਿਸੇ ਨਾਲ ਪੱਖਪਾਤ ਨਹੀਂ ਹੋਣ ਦਿੱਤਾ ਜਾਵੇਗਾ। ਪੰਜਾਬ ਦੇ ਲੋਕਾਂ ਦੀਆਂ ਭਾਵਨਾਵਾਂ ਨੂੰ ਦੇਖਦੇ ਹੋਏ ਅਸੀਂ ਛੇਤੀ ਹੀ ਆਪਣੀ ਰਿਪੋਰਟ ਸਰਕਾਰ ਨੂੰ ਸੌਂਪਾਂਗੇ। ਇਸ ਮੌਕੇ ਦਲਜੀਤ ਸਿੰਘ ਮਹਾਲਮ ਤੋਂ ਇਲਾਵਾ ਵਰਿੰਦਰ ਸਿੰਘ ਢਿੱਲੋਂ ਸਾਬਕਾ ਪ੍ਰਧਾਨ ਫਤਿਹਗੜ੍ਹ ਸਾਹਿਬ ਨਵਦੀਪ ਸਿੰਘ ਮੀਤ ਪ੍ਰਧਾਨ ਫਤਿਹਗੜ੍ਹ ਸਾਹਿਬ, ਜਸਵੰਤ ਸਿੰਘ, ਗੁਰਮੀਤ ਸਿੰਘ ਨਿਰਪੱਖ ਏਡ ਆਦਿ ਹਾਜ਼ਰ ਸਨ।

ਤਪਦੀ ਗਰਮੀ ਦੇ ਮੌਸਮ ਦੌਰਾਨ ਬਿਜਲੀ ਦੀਆਂ ਤਾਰਾਂ ਨੂੰ ਲੱਗੀ ਅੱਗ ਮੌਕੇ ਤੇ ਪਹੁੰਚੇ

# ਨਗਰ ਕੌਂਸਲ ਪ੍ਰਧਾਨ ਕਿਹਾ ਜਲਦ ਬਦਲੀਆਂ ਜਾਣਗੀਆਂ ਪੁਰਾਣੀਆਂ ਤਾਰਾਂ ਸਤਿੰਦਰ ਸਿੰਘ



**ਜੰਡਿਆਲਾ ਗੁਰੂ 9 ਜੁਲਾਈ (ਕੁਲਵੰਤ ਸਿੰਘ ਵਿਰਦੀ )**-ਤਪਦੀ ਗਰਮੀ ਦੇ ਮੌਸਮ ਚ ਬਿਜਲੀ ਦੀਆਂ ਤਾਰਾਂ ਨੂੰ ਲਗ ਰਹੀ ਅੱਗ ਤੋਂ ਸ਼ਹਿਰ ਵਾਸੀ ਪ੍ਰੇਸ਼ਾਨ ਦਿਖਾਈ ਦੇ ਰਹੇ ਹਨ ।ਅੱਜ ਦੁਪਹਿਰ ਭੀੜ ਭੜਕੇ ਵਾਲੇ ਦਰਸ਼ਨੀ ਬਾਜ਼ਾਰ ਵਿਚ ਕਪੜੇ ਦੀ ਦੁਕਾਨ ਭਾਪੇ ਦੀ ਹੱਟੀ ਦੇ ਉਪਰੋਂ ਲੰਘ ਰਹੀਆਂ ਬਿਜਲੀ ਦੀਆਂ ਤਾਰਾ ਨੂੰ ਅੱਗ ਲਗ ਗਈ ।ਇਸਤੋਂ ਇਲਾਵਾ ਉਸ ਦੁਕਾਨ ਦੇ ਨਾਲ ਅਤੇ ਸਾਹਮਣੇ ਹੋਰ ਵੀ ਕਪੜੇ ਦੀਆਂ ਦੁਕਾਨਾਂ ਸਨ ਜਿਨ੍ਹਾਂ ਦੇ ਮਾਲਕਾਂ ਨੇ ਤੁਰੰਤ ਦੁਕਾਨਾਂ ਬੰਦ ਕਰ ਦਿੱਤੀਆਂ ਅਤੇ ਸਾਰੇ ਦੁਕਾਨਦਾਰਾਂ ਨੇ ਇਕੱਠੇ ਹੋਕੇ ਅੱਗ ਤੇ ਕਾਬੂ ਪਾਇਆ ਜਿਸ ਨਾਲ ਇਕ ਵੱਡਾ ਹਾਦਸਾ ਹੋਣ ਤੋਂ ਬਚ ਗਿਆ ।ਇਥੇ ਇਹ ਦਸਣਯੋਗ ਹੈ ਜੰਡਿਆਲਾ ਗੁਰੂ ਵਿੱਚ ਲਗਾਤਾਰ ਬਿਜਲੀ ਦੀਆਂ ਤਾਰਾਂ ਅਤੇ ਟਰਾਂਸਫਾਰਮਰਾਂ ਨੂੰ ਠੀਕ ਕੀਤਾ ਜਾ ਰਿਹਾ ਹੈ ਫਿਰ ਵੀ ਸ਼ਹਿਰ ਵਿਚ ਚਲਦੀ ਬਿਜਲੀ ਦੀ ਸਪਲਾਈ ਵਿੱਚ ਕੋਈ ਨਾ ਕੋਈ ਨੁਕਸ ਪੈ ਰਿਹਾ ਹੈ ।ਇਸਤੋਂ ਪਹਿਲਾਂ ਵੀ ਇਸ ਦੁਕਾਨ ਤੋਂ ਕੁਝ ਗਜ ਦੀ ਦੂਰੀ ਤੇ ਵੀ ਬਿੱਲਾ ਸਟੋਪਾਂ ਵਾਲਾ ਦੀ ਦੁਕਾਨ ਉਪਰ ਬਿਜਲੀ ਦੀਆਂ ਤਾਰਾਂ ਨੂੰ ਅੱਗ ਲੱਗੀ ਸੀ ਅਤੇ ਦੁਕਾਨ ਅੰਦਰ ਪਿਆ ਪਲਾਸਟਿਕ ਦਾ ਸਮਾਨ ਬਚ ਗਿਆ ।ਮੌਕੇ ਤੇ ਤੁਰੰਤ ਨਗਰ ਕੌਂਸਲ ਪ੍ਰਧਾਨ ਸਤਿੰਦਰ ਸਿੰਘ, ਮੀਤ ਪ੍ਰਧਾਨ ਅਮਨ ਵਿਰਕ, ਰੋਬਿਨ ਕੌਂਸਲਰ, ਮਨਜਿੰਦਰ ਸਿੰਘ ਹੈਪੀ ਕੌਂਸਲਰ ਆਪਣੀ ਪੂਰੀ ਟੀਮ ਸਮੇਤ ਮੌਕੇ ਤੇ ਪਹੁੰਚੇ ਅਤੇ ਦੁਕਾਨਦਾਰਾਂ ਨੂੰ ਭਰੋਸਾ ਦਿੱਤਾ ਕਿ ਜਲਦੀ ਹੀ ਸਾਰੀਆਂ ਤਾਰਾ ਨੂੰ ਠੀਕ ਕਰ ਦਿੱਤਾ ਜਾਵੇਗਾ ।ਸ਼ਹਿਰ ਵਾਸੀਆਂ ਦੀ ਮੰਗ ਸੀ ਕਿ ਬਿਜਲੀ ਦੀਆਂ ਪੁਰਾਣੀਆਂ ਤਾਰਾ ਨੂੰ ਬਦਲਕੇ ਨਵੀਆਂ ਤਾਰਾ ਪਾਈਆਂ ਜਾਣ ਤਾਂ ਜੋਂ ਸ਼ਹਿਰ ਵਿਚ ਕੋਈ ਅਣਹੋਣੀ ਨਾ ਵਾਪਰ ਸਕੇ ਕਿਉਕਿ ਦਿਨ ਵੇਲੇ ਤਾਂ ਬਚਾਅ ਹੋ ਜਾਂਦਾ ਹੈ ਅਗਰ ਰਾਤ ਨੂੰ ਅਜਿਹੀ ਘਟਨਾ ਵਾਪਰਦੀ ਹੈ ਤਾਂ ਸਾਰੇ ਬਾਜ਼ਾਰ ਵਿੱਚ ਭਾਰੀ ਨੁਕਸਾਨ ਹੋ ਸਕਦਾ ਸੀ ।

# ਪੰਜਾਬ ਮੰਡੀ ਬੋਰਡ ਫੀਲਡ ਇੰਪਲਾਈਜ਼ ਯੂਨੀਅਨ ਦੀ ਚੋਣ ਸਰਬਸੰਮਤੀ ਨਾਲ ਹੋਈ

## ਮੁਲਾਜ਼ਮਾਂ ਨੇ ਕੀਤੀਆਂ ਮੰਗਾਂ; ਪੁਰਾਣੀ ਪੈਨਸ਼ਨ ਬਹਾਲ ਕਰਨ ਅਤੇ ਕੱਚੇ ਕਰਮਚਾਰੀਆਂ ਨੂੰ ਪੱਕਾ ਕਰਨ ਦੀ ਚੁੱਕੀ ਆਵਾਜ਼

**ਫਿਰੋਜ਼ਪੁਰ 9 ਜੁਲਾਈ (ਮਨੋਹਰ ਲਾਲ)**-ਫਿਰੋਜ਼ਪੁਰ ਡਵੀਜ਼ਨ ਦਫ਼ਤਰ ਵਿਖੇ ਪੰਜਾਬ ਮੰਡੀ ਬੋਰਡ ਫੀਲਡ ਇੰਪਲਾਈਜ਼ ਯੂਨੀਅਨ ਦੀ ਅਹਿਮ ਮੀਟਿੰਗ ਹੋਈ, ਜਿਸ ਵਿੱਚ ਸਰਬਸੰਮਤੀ ਨਾਲ ਨਵੀਂ ਕਾਰਜਕਾਰਨੀ ਦੀ ਚੋਣ ਕੀਤੀ ਗਈ। ਸੂਬਾਈ ਲੀਡਰਸ਼ਿਪ ਦੀ ਹਾਜ਼ਰੀ ਵਿੱਚ ਹੋਈ ਇਸ ਇਕੱਤਰਤਾ ਦੌਰਾਨ ਮੁਲਾਜ਼ਮਾਂ ਦੀਆਂ ਚਿਰੋਕਣੀ ਲਟਕਦੀਆਂ ਮੰਗਾਂ ਨੂੰ ਲੈ ਕੇ ਮੰਡੀ ਬੋਰਡ ਦੀ ਮੈਨੇਜਮੈਂਟ ਅਤੇ ਸਰਕਾਰ ਖ਼ਿਲਾਫ਼ ਆਵਾਜ਼ ਬੁਲੰਦ ਕੀਤੀ ਗਈ। ਇਸ ਮੀਟਿੰਗ ਵਿੱਚ ਯੂਨੀਅਨ ਦੇ ਸੂਬਾ ਪ੍ਰਧਾਨ ਸ. ਗੁਰਮੀਤ ਸਿੰਘ (ਕੋਟ ਈਸੇ ਖਾਂ) ਮੋਗਾ, ਸਰਪ੍ਰਸਤ ਸ. ਖੁਸ਼ਵੰਤ ਸਿੰਘ ਬਾਜਵਾ ਲੁਧਿਆਣਾ, ਸੂਬਾ ਖ਼ਜ਼ਾਨਚੀ ਸ. ਯਾਦਵਿੰਦਰ ਸਿੰਘ ਬਰਾੜ ਫਰੀਦਕੋਟ, ਸਹਾਇਕ ਸਕੱਤਰ ਸ. ਸ਼ਿਵੰਦਰ ਸਿੰਘ ਅਤੇ ਸ. ਅਵਤਾਰ ਸਿੰਘ ਧਰਮਕੋਟ ਵਿਸ਼ੇਸ਼ ਤੌਰ ’ਤੇ ਸ਼ਾਮਲ ਹੋਏ ।ਸਰਬਸੰਮਤੀ ਨਾਲ ਹੋਈ ਚੋਣ ਦੌਰਾਨ ਸ਼ਰਵਨੀਤ ਸਿੰਘ ਨੂੰ ਜ਼ਿਲ੍ਹਾ ਪ੍ਰਧਾਨ ਚੁਣਿਆ ਗਿਆ। ਇਸ ਤੋਂ ਇਲਾਵਾ ਸੀਨੀਅਰ ਪ੍ਰਧਾਨ ਵਜੋਂ ਸ. ਧਰਮਿੰਦਰ ਸਿੰਘ, ਮੀਤ ਪ੍ਰਧਾਨ ਸ. ਮਨਜੀਤ ਸਿੰਘ, ਜਨਰਲ ਸਕੱਤਰ ਸ਼੍ਰੀ ਰਾਕੇਸ਼ ਉੱਪਲ, ਖ਼ਜ਼ਾਨਚੀ ਸ਼੍ਰੀ ਸੁਨੀਲ ਕੁਮਾਰ, ਪ੍ਰੈਸ ਸਕੱਤਰ ਮਨਦੀਪ ਕੁਮਾਰ, ਪ੍ਰੋਪੋਗੰਡਾ ਸਕੱਤਰ ਸ੍ਰੀਮਤੀ ਮਨਜੀਤ ਕੌਰ, ਸਲਾਹਕਾਰ ਸੀਮਾ, ਅਤੇ ਕਾਰਜਕਾਰੀ ਮੈਂਬਰਾਂ ਵਜੋਂ ਸਿਵਾਨੀ ਬਜਾਜ, ਗੁਰਪ੍ਰੀਤ ਸਿੰਘ ਤੇ ਸ਼੍ਰੀ ਪੁਨੀਤ ਕੁਮਾਰ ਦੀ ਚੋਣ ਕੀਤੀ ਗਈ ।ਯੂਨੀਅਨ ਨੇ ਪੰਜਾਬ ਮੰਡੀ ਬੋਰਡ ਦੀ ਮੈਨੇਜਮੈਂਟ ਅੱਗੇ ਮੰਗਾਂ ਦਾ ਪਿਟਾਰਾ ਖੋਲ੍ਹਦਿਆਂ ਜ਼ੋਰ ਦਿੱਤਾ ਕਿ ਸਿਵਲ ਵਿੰਗ, ਡੀ.ਐਮ.ਓ. ਦਫ਼ਤਰਾਂ, ਮਾਰਕੀਟ ਕਮੇਟੀਆਂ, ਜਨ ਸਿਹਤ ਅਤੇ ਬਿਜਲੀ ਵਿੰਗ ਵਿੱਚ ਕੰਮ ਕਰਦੇ ਕੱਚੇ ਕਰਮਚਾਰੀਆਂ ਨੂੰ ਤੁਰੰਤ ਰੈਗੂਲਰ ਕੀਤਾ ਜਾਵੇ। ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ ਵੱਲੋਂ ਅਧੀਨ ਸੇਵਾਵਾਂ ਚੋਣ ਬੋਰਡ ਨੂੰ ਕਲਰਕ, ਜੇ.ਈ. ਆਦਿ ਦੀ ਨਵੀਂ ਭਰਤੀ ਭੇਜਣ ਤੋਂ ਪਹਿਲਾਂ ਇਨ੍ਹਾਂ ਕੱਚੇ ਕਾਮਿਆਂ ਨੂੰ ਪਹਿਲ ਦੇ ਆਧਾਰ ’ਤੇ ਪੱਕਾ ਕੀਤਾ ਜਾਵੇ ।ਮੁਲਾਜ਼ਮ ਆਗੂਆਂ ਨੇ ਮੰਗ ਕੀਤੀ ਕਿ ਮੰਡੀਆਂ ਵਿੱਚ ਕੰਮ ਕਰਦੇ ਮੁਲਾਜ਼ਮਾਂ ਨੂੰ ਆਈ.ਡੀ. ਕਾਰਡ, ਈ.ਐਸ.ਆਈ ਅਤੇ ਈ.ਪੀ.ਐਫ ਨੰਬਰ ਜਾਰੀ ਕੀਤੇ ਜਾਣ। ਇਸ ਦੇ ਨਾਲ ਹੀ ਸਰਕਾਰ ਵੱਲੋਂ ਵਧਾਈ ਗਈ 15 ਫੀਸਦੀ ਤਨਖਾਹ ਰਿਲੀਜ਼ ਕਰਨ, ਰੋਕਿਆ ਗਿਆ 18 ਫੀਸਦੀ ਡੀ.ਏ. ਬਹਾਲ ਕਰਨ, ਸਾਲ 2004 ਤੋਂ ਬਾਅਦ ਭਰਤੀ ਹੋਏ ਮੁਲਾਜ਼ਮਾਂ ਲਈ ਪੁਰਾਣੀ ਪੈਨਸ਼ਨ ਸਕੀਮ ਲਾਗੂ ਕਰਨ, ਰਿਵਰਟ ਕੀਤੇ 24 ਇਲੈਕਟਰੀਸ਼ੀਅਨਾਂ ਨੂੰ 2011 ਤੋਂ ਬਹਾਲ ਕਰਨ ਅਤੇ ਸੁਪਰਵਾਈਜ਼ਰ ਕੋਟੇ ਦੀਆਂ ਖ਼ਾਲੀ ਪੋਸਟਾਂ ’ਤੇ ਹੈਲਪਰਾਂ ਨੂੰ ਤਰੱਕੀ ਦੇਣ ਦੀ ਮੰਗ ਵੀ ਚੁੱਕੀ ਗਈ। ਯੂਨੀਅਨ ਨੇ ਠੇਕੇਦਾਰਾਂ ਵੱਲੋਂ ਕੀਤੇ ਜਾ ਰਹੇ ਮੁਲਾਜ਼ਮਾਂ ਦੇ ਸ਼ੋਸ਼ਣ ਨੂੰ ਤੁਰੰਤ ਬੰਦ ਕਰਨ ਦੀ ਤਾਕੀਦ ਕੀਤੀ ।ਅਖੀਰ ਵਿੱਚ, ਯੂਨੀਅਨ ਨੇ ਉਮੀਦ ਜਤਾਈ ਕਿ ਮੈਨੇਜਮੈਂਟ ਇਨ੍ਹਾਂ ਲੰਮੇ ਸਮੇਂ ਤੋਂ ਲਟਕਦੀਆਂ ਮੰਗਾਂ ਦਾ ਜਲਦ ਹੱਲ ਕਰੇਗੀ। ਇਸ ਮੌਕੇ ਸ਼੍ਰੀ ਅਨਿਲ ਕੁਮਾਰ, ਸ਼੍ਰੀਮਤੀ ਸੁਨੀਤ, ਸ਼੍ਰੀਮਤੀ ਨੂਪੁਰ, ਸ਼੍ਰੀ ਦੇਸ਼ ਦੀਪਕ, ਸ਼੍ਰੀ ਸੰਦੀਪ ਕੁਮਾਰ, ਸ. ਹਰਵਿੰਦਰ ਸਿੰਘ, ਸ. ਹਰਪ੍ਰੀਤ ਸਿੰਘ, ਸ. ਅਵਤਾਰ ਸਿੰਘ, ਸ. ਹੁਸਨਦੀਪ ਸਿੰਘ ਅਤੇ ਸ. ਅਮਨਦੀਪ ਸਿੰਘ ਸਮੇਤ ਕਈ ਹੋਰ ਆਗੂ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ ’ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

78 ਸਾਲਾਂ ਬਾਅਦ ਲਹਿਰਾਇਆ ਨਿਸ਼ਾਨ ਸਾਹਿਬ

# ਲਾਹੌਰ ਦੇ ਇਤਿਹਾਸਕ ਗੁਰਦੁਆਰਾ ਛੇਵੇਂ ਪਾਤਸ਼ਾਹ ਦੀ ਕਾਰ ਸੇਵਾ ਸ਼ੁਰੂ

## ਗੁਰਦੁਆਰੇ ਦੀ ਕਾਰ ਸੇਵਾ ਸਿੱਖ ਸੇਵਾ ਵੈਲਫੇਅਰ ਸੋਸਾਇਟੀ ਟਰੱਸਟ ਵੱਲੋਂ ਕੀਤੀ ਜਾ ਰਹੀ ਹੈ










(ਹੋਰ ਤਸਵੀਰਾਂ ਅਗਲੇ ਪੰਨਿਆਂ 'ਤੇ)

**ਲਾਹੌਰ, 9 ਜੁਲਾਈ (ਆਵਾਜ਼ਿ ਕੌਮ ਬਿਊਰੋ)**-ਪਾਕਿਸਤਾਨ ਦੇ ਲਾਹੌਰ ਵਿੱਚ ਸਥਿਤ ਛੇਵੇਂ ਪਾਤਸ਼ਾਹ ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਜੀ ਨਾਲ ਸਬੰਧਤ ਇੱਕ ਇਤਿਹਾਸਕ ਗੁਰਦੁਆਰੇ ਦੀ ਮੁੜ ਸੇਵਾ-ਸੰਭਾਲ ਅਤੇ ਬਹਾਲੀ ਦਾ ਕੰਮ ਆਰੰਭ ਹੋ ਗਿਆ ਹੈ। ਇਸ ਮੌਕੇ ਸ੍ਰੀ ਸੁਖਮਨੀ ਸਾਹਿਬ ਦੇ ਪਾਠ ਨਾਲ ਸਮਾਗਮ ਕਰਵਾਇਆ ਗਿਆ ਅਤੇ ਕਰੀਬ 78 ਸਾਲਾਂ ਬਾਅਦ ਗੁਰਦੁਆਰਾ ਸਾਹਿਬ ਵਿਖੇ ਨਿਸ਼ਾਨ ਸਾਹਿਬ ਲਹਿਰਾਇਆ ਗਿਆ। ਗੁਰਦੁਆਰੇ ਦੀ ਕਾਰ ਸੇਵਾ ਸਿੱਖ ਸੇਵਾ ਵੈਲਫੇਅਰ ਸੋਸਾਇਟੀ ਟਰੱਸਟ ਵੱਲੋਂ ਕੀਤੀ ਜਾ ਰਹੀ ਹੈ। ਇੱਕ ਵਿਸ਼ੇਸ਼ ਇੰਟਰਵਿਊ ਦੌਰਾਨ ਟਰੱਸਟ ਦੇ ਨੁਮਾਇੰਦੇ ਭਾਈ ਗੁਲਾਬ ਸਿੰਘ ਨੇ ਦੱਸਿਆ ਕਿ ਇਤਿਹਾਸ ਅਨੁਸਾਰ ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਜੀ ਸੰਨ 1619 ਵਿੱਚ ਬੀਬੀ ਕੌਲਾਂ ਜੀ ਨੂੰ ਮਿਲਣ ਜਾਂਦੇ ਹੋਏ ਇਸ ਅਸਥਾਨ 'ਤੇ ਪਹੁੰਚੇ ਸਨ ਅਤੇ ਸੰਗਤਾਂ ਨੂੰ ਦਰਸ਼ਨ ਦਿੱਤੇ ਸਨ। ਉਨ੍ਹਾਂ ਕਿਹਾ ਕਿ ਇਸ ਸਾਲ ਗੁਰੂ ਸਾਹਿਬ ਦੀ ਆਮਦ ਨਾਲ ਸਬੰਧਤ 407 ਸਾਲਾਂ ਦੀ ਯਾਦ ਨੂੰ ਸਮਰਪਿਤ ਧਾਰਮਿਕ ਸਮਾਗਮ ਕਰਵਾਇਆ ਗਿਆ, ਜਿਸ ਵਿੱਚ ਵੱਡੀ ਗਿਣਤੀ ਵਿੱਚ ਸੰਗਤਾਂ ਨੇ ਹਾਜ਼ਰੀ ਭਰੀ। ਭਾਈ ਗੁਲਾਬ ਸਿੰਘ ਨੇ ਦੱਸਿਆ ਕਿ ਇਹ ਗੁਰਦੁਆਰਾ ਵੰਡ ਤੋਂ ਬਾਅਦ ਲੰਬੇ ਸਮੇਂ ਤੱਕ ਬੰਦ ਰਿਹਾ ਅਤੇ ਇਸ ਦੀ ਜ਼ਮੀਨ ਦੇ ਕਈ ਹਿੱਸਿਆਂ 'ਤੇ ਨਾਜਾਇਜ਼ ਕਬਜ਼ੇ ਹੋ ਗਏ ਸਨ। ਉਨ੍ਹਾਂ ਦੱਸਿਆ ਕਿ ਪਾਕਿਸਤਾਨ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ, ਈਵੈਕਿਊਈ ਟਰੱਸਟ ਪ੍ਰਾਪਰਟੀ ਬੋਰਡ (ਈਟੀਪੀਬੀ) ਅਤੇ ਸਥਾਨਕ ਪ੍ਰਸ਼ਾਸਨ ਦੇ ਸਹਿਯੋਗ ਨਾਲ ਗੁਰਦੁਆਰੇ ਦੀ ਜ਼ਮੀਨ ਦਾ ਇੱਕ ਹਿੱਸਾ ਅਤੇ ਦੀਵਾਨ ਅਸਥਾਨ ਕਬਜ਼ੇ ਤੋਂ ਮੁਕਤ ਕਰਵਾਇਆ ਗਿਆ ਹੈ, ਜਦਕਿ ਬਾਕੀ ਜ਼ਮੀਨ ਨੂੰ ਵੀ ਖਾਲੀ ਕਰਵਾਉਣ ਲਈ ਯਤਨ ਜਾਰੀ ਹਨ। ਉਨ੍ਹਾਂ ਕਿਹਾ ਕਿ ਟਰੱਸਟ ਵੱਲੋਂ ਸਭ ਤੋਂ ਪਹਿਲਾਂ ਦੀਵਾਨ ਅਸਥਾਨ, ਸੁਖਾਸਨ ਅਸਥਾਨ, ਲੰਗਰ ਹਾਲ ਅਤੇ ਹੋਰ ਲੋੜੀਂਦੀਆਂ ਸਹੂਲਤਾਂ ਤਿਆਰ ਕੀਤੀਆਂ ਜਾਣਗੀਆਂ ਤਾਂ ਜੋ ਆਉਣ ਵਾਲੇ ਸਮੇਂ ਵਿੱਚ ਗੁਰੂ ਗ੍ਰੰਥ ਸਾਹਿਬ ਜੀ ਦਾ ਪ੍ਰਕਾਸ਼ ਕਰਕੇ ਨਿਯਮਤ ਧਾਰਮਿਕ ਸਮਾਗਮ ਸ਼ੁਰੂ ਕੀਤੇ ਜਾ ਸਕਣ। ਇੰਟਰਵਿਊ ਦੌਰਾਨ ਭਾਈ ਗੁਲਾਬ ਸਿੰਘ ਨੇ ਦੱਸਿਆ ਕਿ ਗੁਰਦੁਆਰੇ ਦੀ ਸਫ਼ਾਈ ਅਤੇ ਮੁਰੰਮਤ ਸਮੇਂ 1922 ਵਿੱਚ ਹੋਈ ਮੁਰੰਮਤ ਨਾਲ ਸਬੰਧਤ ਸ਼ਿਲਾਲੇਖ ਅਤੇ ਉਸ ਵੇਲੇ ਸੇਵਾ ਕਰਨ ਵਾਲੀਆਂ ਸੰਗਤਾਂ ਦੇ ਨਾਮ ਵੀ ਮਿਲੇ ਹਨ। ਉਨ੍ਹਾਂ ਕਿਹਾ ਕਿ ਇਨ੍ਹਾਂ ਇਤਿਹਾਸਕ ਨਿਸ਼ਾਨੀਆਂ ਨੂੰ ਸੰਭਾਲਿਆ ਜਾ ਰਿਹਾ ਹੈ ਤਾਂ ਜੋ ਆਉਣ ਵਾਲੀਆਂ ਪੀੜ੍ਹੀਆਂ ਨੂੰ ਗੁਰਦੁਆਰੇ ਦੇ ਇਤਿਹਾਸ ਅਤੇ ਸੇਵਾਦਾਰਾਂ ਦੇ ਯੋਗਦਾਨ ਬਾਰੇ ਜਾਣਕਾਰੀ ਮਿਲ ਸਕੇ। ਲਾਹੌਰ ਅਤੇ ਪਾਕਿਸਤਾਨ ਦੇ ਹੋਰ ਇਤਿਹਾਸਕ ਗੁਰਦੁਆਰਿਆਂ ਬਾਰੇ ਗੱਲ ਕਰਦਿਆਂ ਉਨ੍ਹਾਂ ਕਿਹਾ ਕਿ ਹਾਲੀਆ ਸਮੇਂ ਵਿੱਚ ਕਈ ਗੁਰਦੁਆਰੇ ਸੰਗਤਾਂ ਲਈ ਮੁੜ ਖੋਲ੍ਹੇ ਗਏ ਹਨ ਅਤੇ ਹੋਰ ਇਤਿਹਾਸਕ ਗੁਰਧਾਮਾਂ ਨੂੰ ਵੀ ਬਹਾਲ ਕਰਨ ਦੀ ਪ੍ਰਕਿਰਿਆ ਜਾਰੀ ਹੈ। ਉਨ੍ਹਾਂ ਦੱਸਿਆ ਕਿ ਇਨ੍ਹਾਂ ਵਿੱਚ ਕੁਝ ਗੁਰਦੁਆਰਿਆਂ ਦੀ ਕਾਰ ਸੇਵਾ ਸਰਕਾਰੀ ਸਹਿਯੋਗ ਨਾਲ ਅਤੇ ਕੁਝ ਦੀ ਸੇਵਾ ਸੰਗਤਾਂ ਦੇ ਸਹਿਯੋਗ ਨਾਲ ਚੱਲ ਰਹੀ ਹੈ। ਗੁਰਦੁਆਰਾ ਸੱਚਾ ਸੌਦਾ ਸਾਹਿਬ ਨੇੜੇ ਇੱਕ ਇਤਿਹਾਸਕ ਗੁਰਦੁਆਰੇ ਨੂੰ ਢਾਹੇ ਜਾਣ ਦੇ ਮਾਮਲੇ ਬਾਰੇ ਪੁੱਛੇ ਸਵਾਲ ਦੇ ਜਵਾਬ ਵਿੱਚ ਭਾਈ ਗੁਲਾਬ ਸਿੰਘ ਨੇ ਕਿਹਾ ਕਿ ਸੰਬੰਧਿਤ ਸਥਾਨ ਲੰਬੇ ਸਮੇਂ ਤੋਂ ਲੀਜ਼ 'ਤੇ ਸੀ ਅਤੇ ਉੱਥੇ ਰਹਿ ਰਹੇ ਲੋਕਾਂ ਨੂੰ ਗੁਰਦੁਆਰੇ ਦੇ ਇਤਿਹਾਸ ਬਾਰੇ ਜਾਣਕਾਰੀ ਨਹੀਂ ਸੀ। ਉਨ੍ਹਾਂ ਦਾਅਵਾ ਕੀਤਾ ਕਿ ਘਟਨਾ ਤੋਂ ਬਾਅਦ ਪੰਜਾਬ ਸਰਕਾਰ ਅਤੇ ਸਥਾਨਕ ਪ੍ਰਸ਼ਾਸਨ ਨੇ ਤੁਰੰਤ ਕਾਰਵਾਈ ਕੀਤੀ, ਸੰਬੰਧਿਤ ਵਿਅਕਤੀਆਂ ਨੂੰ ਗ੍ਰਿਫ਼ਤਾਰ ਕੀਤਾ ਅਤੇ ਗੁਰਦੁਆਰੇ ਦੀ ਮੁੜ ਉਸਾਰੀ ਦੀ ਪ੍ਰਕਿਰਿਆ ਸ਼ੁਰੂ ਕਰਵਾਈ। ਭਾਈ ਗੁਲਾਬ ਸਿੰਘ ਨੇ ਵਿਦੇਸ਼ਾਂ ਅਤੇ ਭਾਰਤ ਤੋਂ ਆਉਣ ਵਾਲੀਆਂ ਸੰਗਤਾਂ ਦੇ ਸਵਾਲ 'ਤੇ ਕਿਹਾ ਕਿ ਜੇ ਦੋਵੇਂ ਦੇਸ਼ਾਂ ਦੀਆਂ ਸਰਕਾਰਾਂ ਲੋੜੀਂਦੀਆਂ ਯਾਤਰਾ ਮਨਜ਼ੂਰੀਆਂ ਜਾਰੀ ਕਰਨ ਤਾਂ ਸੰਗਤਾਂ ਪਾਕਿਸਤਾਨ ਦੇ ਇਤਿਹਾਸਕ ਗੁਰਧਾਮਾਂ ਦੇ ਦਰਸ਼ਨ ਲਈ ਆ ਸਕਦੀਆਂ ਹਨ। ਉਨ੍ਹਾਂ ਕਿਹਾ ਕਿ ਪਾਕਿਸਤਾਨ ਵਿੱਚ ਸਿੱਖ ਧਾਰਮਿਕ ਅਸਥਾਨਾਂ ਦੀ ਸੰਭਾਲ ਅਤੇ ਬਹਾਲੀ ਲਈ ਯਤਨ ਜਾਰੀ ਹਨ। ਅੰਤ ਵਿੱਚ ਉਨ੍ਹਾਂ ਨੇ ਦੇਸ਼-ਵਿਦੇਸ਼ ਦੀਆਂ ਸੰਗਤਾਂ ਨੂੰ ਅਪੀਲ ਕੀਤੀ ਕਿ ਲਾਹੌਰ ਸਮੇਤ ਪਾਕਿਸਤਾਨ ਦੇ ਨਵੇਂ ਖੁੱਲ੍ਹੇ ਇਤਿਹਾਸਕ ਗੁਰਦੁਆਰਿਆਂ ਨੂੰ ਆਪਣੀ ਯਾਤਰਾ ਵਿੱਚ ਸ਼ਾਮਲ ਕਰਨ ਅਤੇ ਆਪਣੀ ਸਮਰੱਥਾ ਅਨੁਸਾਰ ਕਾਰ ਸੇਵਾ ਵਿੱਚ ਸਹਿਯੋਗ ਦੇਣ। ਉਨ੍ਹਾਂ ਕਿਹਾ ਕਿ ਗੁਰੂ ਘਰਾਂ ਦੀ ਬਹਾਲੀ ਸੰਗਤਾਂ ਦੇ ਸਹਿਯੋਗ ਨਾਲ ਹੀ ਸੰਭਵ ਹੈ ਅਤੇ ਇਹ ਸੇਵਾ ਆਉਣ ਵਾਲੀਆਂ ਪੀੜ੍ਹੀਆਂ ਲਈ ਇਤਿਹਾਸ ਨੂੰ ਸੰਭਾਲਣ ਦਾ ਮਹੱਤਵਪੂਰਨ ਉਪਰਾਲਾ ਹੈ।

ਆਵਾਜ਼ਿ ਕੌਮ
AWAZE QAUM
International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

78 ਸਾਲਾਂ ਬਾਅਦ ਲਹਿਰਾਇਆ ਨਿਸ਼ਾਨ ਸਾਹਿਬ

# ਲਾਹੌਰ ਦੇ ਇਤਿਹਾਸਕ ਗੁਰਦੁਆਰਾ ਛੇਵੇਂ ਪਾਤਸ਼ਾਹ ਦੀ ਕਾਰ ਸੇਵਾ ਸ਼ੁਰੂ

## ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਜੀ ਸੰਨ 1619 ਵਿੱਚ ਬੀਬੀ ਕੋਲਾਂ ਜੀ ਨੂੰ ਮਿਲਣ ਜਾਂਦੇ ਹੋਏ ਇਸ ਅਸਥਾਨ 'ਤੇ ਪਹੁੰਚੇ ਸਨ ਅਤੇ ਸੰਗਤਾਂ ਨੂੰ ਦਰਸ਼ਨ ਦਿੱਤੇ ਸਨ












(ਹੋਰ ਤਸਵੀਰਾਂ ਅਗਲੇ ਪੰਨਿਆਂ 'ਤੇ)

ਆਵਾਜ਼ਿ ਕੌਮ
AWAZE QAUM
International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

### 78 ਸਾਲਾਂ ਬਾਅਦ ਲਹਿਰਾਇਆ ਨਿਸ਼ਾਨ ਸਾਹਿਬ

# ਲਾਹੌਰ ਦੇ ਇਤਿਹਾਸਕ ਗੁਰਦੁਆਰਾ ਛੇਵੇਂ ਪਾਤਸ਼ਾਹ ਦੀ ਕਾਰ ਸੇਵਾ ਸ਼ੁਰੂ

**ਇਸ ਸਾਲ ਗੁਰੂ ਸਾਹਿਬ ਦੀ ਆਮਦ ਨਾਲ ਸਬੰਧਤ 407 ਸਾਲਾਂ ਦੀ ਯਾਦ ਨੂੰ ਸਮਰਪਿਤ ਧਾਰਮਿਕ ਸਮਾਗਮ ਕਰਵਾਇਆ ਗਿਆ, ਜਿਸ ਵਿੱਚ ਵੱਡੀ ਗਿਣਤੀ ਵਿੱਚ ਸੰਗਤਾਂ ਨੇ ਹਾਜ਼ਰੀ ਭਰੀ**














(ਹੋਰ ਤਸਵੀਰਾਂ ਅਗਲੇ ਪੰਨਿਆਂ 'ਤੇ)

ਆਵਾਜ਼ਿ ਕੌਮ
AWAZE QAUM
International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

ਘੜੀਐ ਸਬਦੁ ਸਚੀ ਟਕਸਾਲ ॥

ਵਾਹਿਗੁਰੂ ਜੀ ਕਾ ਖਾਲਸਾ। ਵਾਹਿਗੁਰੂ ਜੀ ਕੀ ਫਤਿਹ॥

# ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ ਵਿਖੇ

## Gurdwara Sahib Shaeed Baba Deep Singh ji Casalmorano Cremona (Italy)




# ਮਹਾਨ ਸ਼ਹੀਦੀ ਦਿਹਾੜਾ

ਸ਼ਹੀਦੀ ਦਿਵਸ਼ ਸਿੰਘ ਸਾਹਿਬ ਭਾਈ ਮਨੀ ਸਿੰਘ ਸਾਹਿਬ ਜੀ ਨੂੰ ਸਮਰਪਿਤ ਗੁਰਮਿਤ ਸਮਾਗਮ ਕਰਵਾਏ ਜਾ ਰਹੇ ਹਨ।

ਸ਼ਨਿੱਚਰਵਾਰ 11 ਜੁਲਾਈ ਸ਼ਾਮ 5 ਤੋਂ 8 ਵਜੇ ਤੱਕ ਦੀਵਾਨ ਸੱਜਣਗੇ।

ਐਤਵਾਰ 12 ਜੁਲਾਈ 2026 ਨੂੰ 6:30 ਵਜੇ ਸਵੇਰੇ ਚੌਪੈਹਿਰੇ ਸਾਹਿਬ ਦੇ ਪਾਠਾਂ ਦੀ ਆਰੰਭਤਾ ਹੋਵੇਗੀ ਸਮੇਤ ਸੁਖਮਨੀ ਸਾਹਿਬ ਦੇ 10:00 ਵਜੇ ਭੋਗ ਪੈਣ ਉਪਰੰਤ 12:30 ਵਜੇ ਤੱਕ ਦੀਵਾਨ ਸੱਜਣਗੇ।

ਕੀਰਤਨੀ ਜਥਾ ਰਾਗੀ ਭਾਈ ਅਮਰਜੀਤ ਸਿੰਘ ਰਾਂਗਰ ਕੀਰਤਨ ਰਾਹੀਂ ਗੁਰਬਾਣੀ ਗੁਰ ਇਤਿਹਾਸ ਸਿੱਖ ਇਤਿਹਾਸ ਨਾਲ ਸਿੱਖ ਸੰਗਤਾਂ ਨੂੰ ਜੋੜਨਾ ਕਰਨਗੇ।

ਪ੍ਰਬੰਧਕ ਸੇਵਾਦਾਰਾਂ ਅਤੇ ਇੰਟਰਨੈਸ਼ਨਲ ਪੰਥਕ ਦਲ ਦੇ ਸਿੰਘਾਂ ਅਤੇ ਇਲਾਕਾ ਨਿਵਾਸੀ ਸਮੂੰਹ ਸਾਧ ਸੰਗਤਾਂ ਵੱਲੋਂ ਸੇਵਾ ਨਿਭਾਈ ਜਾਂਦੀ ਹੈ।

- ਛਬੀਲ ਲਗਾਈ ਜਾਵੇਗੀ
- ਗੁਰੂ ਕਾ ਲੰਗਰ ਅਤੁੱਟ ਵਰਤੇਗਾ

ਜ਼ਰੂਰੀ ਬੇਨਤੀ : ਗੱਤਕੇ ਦੀ ਸਿਖਲਾਈ ਹਰ ਐਤਵਾਰ 11:00 ਤੋਂ 1 : 00 ਵਜੇ ਤੱਕ ਦਿੱਤੀ ਜਾਂਦੀ ਹੈ।

★ ਗੁਰੂ ਪੰਥ ਦੇ ਦਾਸਰੇ ★

**ਸਾਧ ਸੰਗਤ, ਪ੍ਰਬੰਧਕ ਕਮੇਟੀ**
**ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ**
ਵਧੇਰੇ ਜਾਣਕਾਰੀ ਲਈ ਸੰਪਰਕ ਕਰੋ:-
ਭਾਈ ਪ੍ਰਗਟ ਸਿੰਘ (ਪ੍ਰਧਾਨ) 00393208124778
ਭਾਈ ਬਲਰਾਮ ਸਿੰਘ +393885751594
ਭਾਈ ਪ੍ਰਭਜੀਤ ਸਿੰਘ ਆਜਾਨੇਲੋ +393881079260

ਸ਼ੇਅਰ ਜ਼ਰੂਰ ਕਰੋ ਜੀ। ☛ਸਿੱਖ ਸੰਗਤਾਂ ਦੇ ਚਰਨਾਂ 'ਚ ਬੇਨਤੀ ਹੈ ਕਿ ਹੁੰਮ-ਹੁੰਮਾ ਕੇ ਪੁੱਜਣ ਦੀ ਕ੍ਰਿਪਾਲਤਾ ਕਰਨੀ ਜੀ।

**Gurdwara Sahib Shaeed Baba Deep Singh ji Damdami Taksaal**
Via Giacomo Matteotti 3Cap
26020Casalmorano Cremona (IT)
E-mail : gur.damdamitaksaalitaly@gmail.com
Call+393475711755 / 3208124778

ਆਵਾਜ਼ਿ ਕੌਮ AWAZE QAUM

## ਵਰਲਡ ਸਿੱਖ ਪਾਰਲੀਮੈਂਟ ਵੱਲੋਂ ਭਾਰਤ ਦੀ ਕਥਿਤ ਸਰਹੱਦ ਪਾਰ ਦਮਨਕਾਰੀ ਨੀਤੀ ਦੀ ਨਿਖੇਧੀ

# ਆਪਰੇਸ਼ਨ ਹਾਰਡ ਬਾਲ' ਨਾਲ ਸਿੱਖਾਂ ਵਿਰੁੱਧ ਕਥਿਤ ਅੰਤਰਰਾਸ਼ਟਰੀ ਨੈੱਟਵਰਕ ਬੇਨਕਾਬ ਹੋਇਆ

ਲੰਡਨ, 9 ਜੁਲਾਈ (ਸਰਬਜੀਤ ਸਿੰਘ ਬਨੂੜ)- ਵਰਲਡ ਸਿੱਖ ਪਾਰਲੀਮੈਂਟ ਨੇ ਅਮਰੀਕਾ, ਕੈਨੇਡਾ ਅਤੇ ਯੂਰਪ ਦੀਆਂ ਸੁਰੱਖਿਆ ਅਤੇ ਕਾਨੂੰਨ ਲਾਗੂ ਕਰਨ ਵਾਲੀਆਂ ਏਜੰਸੀਆਂ ਵੱਲੋਂ ਸਾਂਝੇ ਤੌਰ 'ਤੇ ਚਲਾਏ ਗਏ "ਆਪਰੇਸ਼ਨ ਹਾਰਡ ਬਾਲ" ਦਾ ਸਵਾਗਤ ਕਰਦਿਆਂ ਕਿਹਾ ਹੈ ਕਿ ਸਰਹੱਦਾਂ ਤੋਂ ਪਾਰ ਚੱਲ ਰਹੀਆਂ ਕਥਿਤ ਅਪਰਾਧਿਕ ਗਤੀਵਿਧੀਆਂ ਦੀ ਜਾਂਚ ਰਾਹੀਂ ਇੱਕ ਵੱਡੇ ਨੈੱਟਵਰਕ ਨੂੰ ਬੇਨਕਾਬ ਕਰਨ ਦੀ ਸੰਬੰਧਤ ਸਰਕਾਰਾਂ, ਜਾਂਚ ਏਜੰਸੀਆਂ ਅਤੇ ਨਿਆਂ ਪ੍ਰਣਾਲੀਆਂ ਦੀ ਸ਼ਲਾਘਾ ਕੀਤੀ ਹੈ। ਵਰਲਡ ਸਿੱਖ ਪਾਰਲੀਮੈਂਟ ਨੇ ਕਿਹਾ ਕਿ ਇਸ ਆਪਰੇਸ਼ਨ ਦੌਰਾਨ ਜਨਤਕ ਕੀਤੀਆਂ ਗਈਆਂ ਚਾਰਜਸ਼ੀਟਾਂ, ਜਿਨ੍ਹਾਂ ਵਿੱਚ ਭਾਈ ਹਰਦੀਪ ਸਿੰਘ ਨਿੱਝਰ ਦੇ ਕਤਲ, ਜਬਰੀ ਵਸੂਲੀ, ਨਸ਼ਾ ਤਸਕਰੀ ਅਤੇ ਗੋਲੀਬਾਰੀ ਵਰਗੇ ਮਾਮਲਿਆਂ ਵਿੱਚ ਲਾਰੈਂਸ ਬਿਸ਼ਨੋਈ, ਗੋਲਡੀ ਬਰਾੜ ਸਮੇਤ 37 ਵਿਅਕਤੀਆਂ ਨੂੰ ਦੋਸ਼ੀ ਵਜੋਂ ਨਾਮਜ਼ਦ ਕੀਤਾ ਗਿਆ ਹੈ, ਸਿੱਖ ਭਾਈਚਾਰੇ ਵੱਲੋਂ ਲੰਬੇ ਸਮੇਂ ਤੋਂ ਉਠਾਏ ਜਾ ਰਹੇ ਗੰਭੀਰ ਖਦਸ਼ਿਆਂ ਨੂੰ ਨਵਾਂ ਆਧਾਰ ਪ੍ਰਦਾਨ ਕਰਦੀਆਂ ਹਨ। ਇਹ ਦਸਤਾਵੇਜ਼ ਵਿਦੇਸ਼ਾਂ ਵਿੱਚ ਵੱਸਦੇ ਸਿੱਖ ਆਗੂਆਂ ਅਤੇ ਕਾਰਕੁਨਾਂ ਵਿਰੁੱਧ ਕਥਿਤ ਗਤੀਵਿਧੀਆਂ ਸਬੰਧੀ ਉਠਾਏ ਗਏ ਸਵਾਲਾਂ ਨੂੰ ਗੰਭੀਰਤਾ ਨਾਲ ਲੈਣ ਦੀ ਲੋੜ ਵੱਲ ਇਸ਼ਾਰਾ ਕਰਦੇ ਹਨ। ਵਰਲਡ ਸਿੱਖ ਪਾਰਲੀਮੈਂਟ



ਦੇ ਕੋਆਰਡੀਨੇਟਰ ਭਾਈ ਹਿੰਮਤ ਸਿੰਘ (ਅਮਰੀਕਾ), ਕੋ-ਕੋਆਰਡੀਨੇਟਰ ਭਾਈ ਗੁਰਚਰਨ ਸਿੰਘ ਗੁਰਾਇਆ, ਭਾਈ ਜਤਿੰਦਰ ਸਿੰਘ (ਜਰਮਨੀ), ਮੁੱਖ ਬੁਲਾਰੇ ਭਾਈ ਜੋਗਾ ਸਿੰਘ, ਜਨਰਲ ਸਕੱਤਰ ਭਾਈ ਮਨਪ੍ਰੀਤ ਸਿੰਘ (ਇੰਗਲੈਂਡ), ਭਾਈ ਮਨਬੀਰ ਸਿੰਘ ਸੰਧੂ, ਭਾਈ ਭਗਤ ਸਿੰਘ (ਕੈਨੇਡਾ), ਭਾਈ ਪ੍ਰਿਤਪਾਲ ਸਿੰਘ (ਸਵਿਟਜ਼ਰਲੈਂਡ), ਭਾਈ ਹਰਜੋਤ ਸਿੰਘ ਸੰਧੂ (ਹਾਲੈਂਡ), ਭਾਈ ਸਤਨਾਮ ਸਿੰਘ ਅਤੇ ਭਾਈ ਸ਼ਿੰਗਾਰਾ ਸਿੰਘ ਮਾਨ (ਫਰਾਂਸ) ਵੱਲੋਂ ਜਾਰੀ ਸਾਂਝੇ ਬਿਆਨ ਵਿੱਚ ਕਿਹਾ ਇਹ ਕੋਈ ਆਮ ਅਪਰਾਧਿਕ ਗਿਰੋਹ ਨਹੀਂ ਸੀ, ਸਗੋਂ ਖਾਲਿਸਤਾਨ ਦੀ ਮੰਗ ਦਾ ਸਮਰਥਨ ਕਰਨ ਵਾਲੇ ਵਿਦੇਸ਼ਾਂ ਵਿੱਚ ਵੱਸਦੇ ਸਿੱਖਾਂ ਨੂੰ ਡਰਾਉਣਾ, ਧਮਕਾਉਣਾ ਅਤੇ ਉਨ੍ਹਾਂ ਦੀ ਆਵਾਜ਼ ਨੂੰ ਦਬਾਉਣਾ ਸੀ। ਵਰਲਡ ਸਿੱਖ ਪਾਰਲੀਮੈਂਟ ਦਾ ਮੰਨਣਾ ਹੈ ਕਿ ਸਰਹੱਦ ਪਾਰ ਦਮਨ (Transnational Repression) ਦੀ ਇਹ ਕਥਿਤ ਨੀਤੀ ਭਾਰਤ ਦੀ ਰਾਸ਼ਟਰੀ ਸੁਰੱਖਿਆ ਪ੍ਰਣਾਲੀ ਅਤੇ ਕੇਂਦਰੀ ਲੀਡਰਸ਼ਿਪ ਦੀ ਹਿੰਦੂਤਵੀ ਵਿਚਾਰਧਾਰਾ ਨਾਲ ਜੁੜੀ ਹੋਈ ਹੈ। ਸੰਸਥਾ ਨੇ ਦਾਅਵਾ ਕੀਤਾ ਕਿ ਭਾਰਤ ਦੇ ਕੁਝ ਉੱਚ ਅਧਿਕਾਰੀਆਂ ਅਤੇ ਰਾਜਨੀਤਿਕ ਆਗੂਆਂ ਵੱਲੋਂ ਸਮੇਂ-ਸਮੇਂ 'ਤੇ ਦਿੱਤੇ ਗਏ ਬਿਆਨਾਂ ਨੇ ਵੀ ਇਨ੍ਹਾਂ ਖਦਸ਼ਿਆਂ ਨੂੰ ਹੋਰ ਗੰਭੀਰ ਬਣਾਇਆ ਹੈ ਅਤੇ ਵਿਦੇਸ਼ੀ ਧਰਤੀ 'ਤੇ ਕਿਸੇ ਵੀ ਤਰ੍ਹਾਂ ਦੀ ਗੈਰ-ਕਾਨੂੰਨੀ ਕਾਰਵਾਈ ਅੰਤਰਰਾਸ਼ਟਰੀ ਕਾਨੂੰਨ ਅਤੇ ਪ੍ਰਭੂਸੱਤਾ ਦੇ ਸਿਧਾਂਤਾਂ ਦੇ ਉਲਟ ਹੈ। ਵਰਲਡ ਸਿੱਖ ਪਾਰਲੀਮੈਂਟ ਨੇ ਕਿਹਾ ਕਿ ਪੱਛਮੀ ਦੇਸ਼ਾਂ ਵਿੱਚ ਭਾਰਤ ਦੇ ਵੱਖ-ਵੱਖ ਸੂਬਿਆਂ ਨਾਲ ਸਬੰਧਤ ਵੱਡੀ ਗਿਣਤੀ ਵਿੱਚ ਲੋਕ ਵੱਸਦੇ ਹਨ, ਪਰ ਸਿੱਖ ਕਾਰਕੁਨਾਂ ਅਤੇ ਆਗੂਆਂ ਨਾਲ ਜੁੜੇ ਅਜਿਹੇ ਮਾਮਲੇ ਵਾਰ-ਵਾਰ ਸਾਹਮਣੇ ਆਉਣ ਕਾਰਨ ਸਿੱਖ ਭਾਈਚਾਰੇ ਵਿੱਚ ਡੂੰਘੀ ਚਿੰਤਾ ਪਾਈ ਜਾਂਦੀ ਹੈ। ਸੰਸਥਾ ਨੇ ਕਿਹਾ ਕਿ ਇਨ੍ਹਾਂ ਮਾਮਲਿਆਂ ਦੀ ਨਿਰਪੱਖ, ਸੁਤੰਤਰ ਅਤੇ ਪਾਰਦਰਸ਼ੀ ਜਾਂਚ ਬਹੁਤ ਜ਼ਰੂਰੀ ਹੈ। ਆਗੂਆਂ ਨੇ ਸਪੱਸ਼ਟ ਕਿਹਾ ਕਿ ਸਿੱਖ ਕੌਮ ਦਾ ਇਤਿਹਾਸ ਜ਼ੁਲਮ ਅਤੇ ਬੇਇਨਸਾਫ਼ੀ ਵਿਰੁੱਧ ਡਟ ਕੇ ਖੜ੍ਹਨ ਦਾ ਰਿਹਾ ਹੈ ਅਤੇ ਧਮਕੀਆਂ ਜਾਂ ਦਬਾਅ ਰਾਹੀਂ ਉਸ ਨੂੰ ਆਪਣੇ ਸਿਧਾਂਤਾਂ, ਮਨੁੱਖੀ ਅਧਿਕਾਰਾਂ, ਹੱਕ, ਸੱਚ, ਨਿਆਂ ਅਤੇ ਖਾਲਿਸਤਾਨ ਦੀ ਮੰਗ ਤੋਂ ਪਿੱਛੇ ਨਹੀਂ ਹਟਾਇਆ ਜਾ ਸਕਦਾ। ਸੰਸਥਾ ਨੇ ਵਿਸ਼ਵ ਭਰ ਦੀ ਸਿੱਖ ਸੰਗਤ ਨੂੰ ਸੁਚੇਤ ਅਤੇ ਇਕਜੁੱਟ ਰਹਿਣ ਦੀ ਅਪੀਲ ਕਰਦਿਆਂ ਪੱਛਮੀ ਸਰਕਾਰਾਂ ਨੂੰ ਵੀ ਸਰਹੱਦ ਪਾਰ ਦਮਨ, ਰਾਜਨੀਤਿਕ ਹਿੰਸਾ ਅਤੇ ਵਿਦੇਸ਼ੀ ਧਰਤੀ 'ਤੇ ਹੋਣ ਵਾਲੀਆਂ ਗੈਰ-ਕਾਨੂੰਨੀ ਕਾਰਵਾਈਆਂ ਨੂੰ ਰੋਕਣ ਲਈ ਸਖ਼ਤ ਅਤੇ ਪ੍ਰਭਾਵਸ਼ਾਲੀ ਕਦਮ ਚੁੱਕਣ ਦੀ ਅਪੀਲ ਕੀਤੀ।

## ਸਾਬਕਾ ਜਥੇਦਾਰ ਭਾਈ ਰਣਜੀਤ ਸਿੰਘ ਦੇ ਵੱਡੇ ਭਰਾ ਦੀ

# ਅੰਤਿਮ ਅਰਦਾਸ 'ਚ ਦੇਸ਼ ਭਰ ਤੋਂ ਸੰਗਤਾਂ ਹੋਈਆਂ ਨਤਮਸਤਕ




ਨਵੀਂ ਦਿੱਲੀ, 9 ਜੁਲਾਈ (ਮਨਪ੍ਰੀਤ ਸਿੰਘ ਖਾਲਸਾ):- ਸ਼੍ਰੀ ਅਕਾਲ ਤਖ਼ਤ ਸਾਹਿਬ ਦੇ ਸਾਬਕਾ ਜਥੇਦਾਰ ਸਿੰਘ ਸਾਹਿਬ ਭਾਈ ਰਣਜੀਤ ਸਿੰਘ ਜੀ ਦੇ ਵੱਡੇ ਭਰਾ ਅਤੇ ਦਿੱਲੀ ਗੁਰਦੁਆਰਾ ਪ੍ਰਬੰਧਕ ਕਮੇਟੀ (ਡੀਐਸਜੀਐਮਸੀ) ਦੇ ਸਾਬਕਾ ਮੈਂਬਰ ਸਰਦਾਰ ਗੁਰਚਰਨ ਸਿੰਘ ਦੀ ਅੰਤਿਮ ਅਰਦਾਸ ਅੱਜ ਗੁਰਦੁਆਰਾ ਸ੍ਰੀ ਰਕਾਬ ਗੰਜ ਸਾਹਿਬ, ਨਵੀਂ ਦਿੱਲੀ ਵਿਖੇ ਸ਼ਰਧਾ ਅਤੇ ਸਤਿਕਾਰ ਨਾਲ ਕਰਵਾਈ ਗਈ। ਸਮਾਗਮ ਦੌਰਾਨ ਸਾਬਕਾ ਹਜ਼ੂਰੀ ਰਾਗੀ ਸੱਚਖੰਡ ਸ੍ਰੀ ਦਰਬਾਰ ਸਾਹਿਬ ਭਾਈ ਰਣਧੀਰ ਸਿੰਘ ਜੀ ਅਤੇ ਉਨ੍ਹਾਂ ਦੇ ਜਥੇ ਨੇ ਗੁਰਬਾਣੀ ਕੀਰਤਨ ਰਾਹੀਂ ਸੰਗਤਾਂ ਨੂੰ ਗੁਰੂ ਚਰਨਾਂ ਨਾਲ ਜੋੜਿਆ। ਅਰਦਾਸ ਸਮਾਗਮ ਵਿੱਚ ਪੰਜਾਬ, ਦਿੱਲੀ ਅਤੇ ਦੇਸ਼ ਦੇ ਵੱਖ-ਵੱਖ ਹਿੱਸਿਆਂ ਤੋਂ ਵੱਡੀ ਗਿਣਤੀ ਵਿੱਚ ਸੰਗਤਾਂ, ਧਾਰਮਿਕ, ਸਮਾਜਿਕ ਅਤੇ ਰਾਜਨੀਤਿਕ ਸ਼ਖਸੀਅਤਾਂ ਨੇ ਸ਼ਮੂਲੀਅਤ ਕਰਕੇ ਸਰਦਾਰ ਗੁਰਚਰਨ ਸਿੰਘ ਨੂੰ ਸ਼ਰਧਾਂਜਲੀ ਭੇਟ ਕੀਤੀ। ਹਾਜ਼ਰੀ ਲਗਵਾਉਣ ਵਾਲਿਆਂ ਵਿੱਚ ਭਾਈ ਦਿਆ ਸਿੰਘ ਲਹੌਰੀਆ, ਕਰਨੈਲ ਸਿੰਘ ਪੰਜੋਲੀ, ਮਨਪ੍ਰੀਤ ਸਿੰਘ ਇਆਲੀ (ਐਮਐਲਏ), ਹਰਮੀਤ ਸਿੰਘ ਕਾਲਕਾ (ਪ੍ਰਧਾਨ, ਡੀਐਸਜੀਐਮਸੀ), ਜਰਨੈਲ ਸਿੰਘ (ਐਮਐਲਏ), ਗੋਬਿੰਦ ਸਿੰਘ ਲੌਂਗੋਵਾਲ, ਡੀਐਸਜੀਐਮਸੀ ਦੇ ਸਾਬਕਾ ਪ੍ਰਧਾਨ ਪਰਮਜੀਤ ਸਿੰਘ ਸਰਨਾ ਅਤੇ ਮਨਜੀਤ ਸਿੰਘ ਜੀ.ਕੇ., ਤਰਲੋਚਨ ਸਿੰਘ, ਬਾਬਾ ਅਮਰ ਸਿੰਘ ਰਾੜਾ ਸਾਹਿਬ ਵਾਲੇ, ਸੰਤ ਬਾਬਾ ਹਰਚਰਨ ਸਿੰਘ ਰਮਦਾਸ ਵਾਲੇ, ਬਾਬਾ ਸੁਖਵਿੰਦਰ ਸਿੰਘ ਰਤਵਾੜਾ ਸਾਹਿਬ ਵਾਲੇ, ਸਤਵਿੰਦਰ ਸਿੰਘ ਟੌਹੜਾ ਸਮੇਤ ਅਨੇਕਾਂ ਪ੍ਰਮੁੱਖ ਹਸਤੀਆਂ ਸ਼ਾਮਲ ਸਨ। ਇਸ ਮੌਕੇ ਪੰਥਕ ਅਕਾਲੀ ਲਹਿਰ ਦੇ ਆਗੂ ਅਤੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਮੈਂਬਰ ਭਾਈ ਗੁਰਪ੍ਰੀਤ ਸਿੰਘ ਰੰਧਾਵਾ ਨੇ ਪੰਜਾਬ ਤੋਂ ਪਹੁੰਚੀਆਂ ਸੰਗਤਾਂ ਦਾ, ਜਦਕਿ ਸਾਬਕਾ ਡੀਐਸਜੀਐਮਸੀ ਮੈਂਬਰ ਸਰਦਾਰ ਹਰਿੰਦਰ ਸਿੰਘ ਨੇ ਦਿੱਲੀ ਤੋਂ ਆਈਆਂ ਸੰਗਤਾਂ ਦਾ ਧੰਨਵਾਦ ਪ੍ਰਗਟ ਕੀਤਾ। ਸਮਾਗਮ ਦੇ ਅੰਤ ਵਿੱਚ ਸਿੰਘ ਸਾਹਿਬ ਭਾਈ ਰਣਜੀਤ ਸਿੰਘ ਜੀ ਨੇ ਭਾਈ ਰਣਧੀਰ ਸਿੰਘ ਅਤੇ ਉਨ੍ਹਾਂ ਦੇ ਸਮੂਹ ਜਥੇ ਨੂੰ ਸਰੋਪਾਓ ਭੇਟ ਕਰਕੇ ਸਨਮਾਨਿਤ ਕੀਤਾ ਅਤੇ ਸਮੂਹ ਸੰਗਤਾਂ ਦਾ ਅੰਤਿਮ ਅਰਦਾਸ ਵਿੱਚ ਸ਼ਮੂਲੀਅਤ ਕਰਨ ਲਈ ਦਿਲੋਂ ਧੰਨਵਾਦ ਕੀਤਾ।

## ਉਘੇ ਸਮਾਜ ਸੇਵੀ ਤੇ ਸੀਨੀਅਰ ਨੇਤਾ ਅਮਰ ਸਿੰਘ ਦਿੱਲੀ ਅਧਿਕਾਰ ਸੰਘਰਸ਼ ਪਾਰਟੀ ਦੇ ਕੌਮੀ ਜਨਰਲ ਸਕੱਤਰ ਨਿਯੁਕਤ—ਇੰਜ ਸੁਰਿੰਦਰ ਸਿੰਘ ਭਿੰਡਰ



ਫ਼ਿਰੋਜ਼ਪੁਰ, 09 ਜੁਲਾਈ (ਮਨੋਹਰ ਲਾਲ) :— ਅਧਿਕਾਰ ਸੰਘਰਸ਼ ਪਾਰਟੀ ਦੇ ਪੰਜਾਬ ਪ੍ਰਧਾਨ ਅਤੇ ਪ੍ਰਮੁੱਖ ਸਲਾਹਕਾਰ ਇੰਜ. ਸੁਰਿੰਦਰ ਸਿੰਘ ਭਿੰਡਰ ਨੇ ਗੱਲਬਾਤ ਕਰਦਿਆਂ ਕਿਹਾ ਕਿ ਰਾਸ਼ਟਰੀ ਪ੍ਰਧਾਨ ਇੰਜ. ਗੁਰਬਖ਼ਸ਼ ਸਿੰਘ ਸ਼ੇਰਗਿਲ ਨੇ ਹਰਿਆਣਾ ਦੇ ਕਰਨਾਲ ਸ਼ਹਿਰ ਵਿਖੇ ਇਕ ਮੀਟਿੰਗ ਦੌਰਾਨ ਉੱਘੇ ਸਮਾਜ ਸੇਵੀ ਅਤੇ ਸੀਨੀਅਰ ਸਮਾਜਿਕ ਆਗੂ ਅਮਰ ਸਿੰਘ ਦਿੱਲੀ ਨੂੰ ਅਧਿਕਾਰ ਸੰਘਰਸ਼ ਦਾ ਕੌਮੀ ਜਨਰਲ ਸਕੱਤਰ ਅਤੇ ਦਿੱਲੀ ਤੇ ਹਰਿਆਣਾ ਸਟੇਟ ਦਾ ਇੰਚਾਰਜ ਨਿਯੁਕਤ ਕੀਤਾ ਗਿਆ। ਅਮਰ ਸਿੰਘ ਦਿੱਲੀ ਦੀ ਪਾਰਟੀ ਵਿੱਚ ਅਹਿਮ ਅਤੇ ਮਹੱਤਵਪੂਰਨ ਪੋਸਟ ਤੇ ਨਿਯੁਕਤੀ ਹੋਣ ਤੇ ਮੀਟਿੰਗ ਵਿੱਚ ਹਾਜ਼ਰੀਨ ਸਾਥੀਆਂ ਨੇ ਅਮਰ ਸਿੰਘ ਦਿੱਲੀ ਨੂੰ ਮੁਬਾਰਕਾਂ ਦਿੱਤੀਆਂ। ਮੀਟਿੰਗ ਵਿੱਚ ਰਮੇਸ਼ ਕੁਮਾਰ ਭੂੰਬਕ ਕੌਮੀ ਸਕੱਤਰ ਜੋ ਕਿ ਹਰਿਆਣਾ ਸਟੇਟ ਤੋਂ ਹਨ ਅਮਰ ਸਿੰਘ ਦਿੱਲੀ ਨੂੰ ਵਧਾਈਆਂ ਦਿੱਤੀਆਂ। ਮੀਟਿੰਗ ਨੂੰ ਸੰਬੋਧਨ ਕਰਦਿਆਂ ਇੰਜ ਸ਼ੇਰਗਿਲ ਨੇ ਕਿਹਾ ਕਿ ਅਮਰ ਸਿੰਘ ਦਿੱਲੀ, ਦਿੱਲੀ ਯੂਨੀਵਰਸਿਟੀ ਤੋਂ ਸੇਵਾਮੁਕਤ ਹਨ, ਅਮਰ ਸਿੰਘ ਦਿੱਲੀ ਨੇ ਆਪਣੀ ਤਾਉਮਰ ਸਮਾਜ ਸੇਵਾ ਦੇ ਨਾਲ ਕਈ ਸਮਾਜਿਕ ਅਤੇ ਮੁਲਾਜ਼ਮਾਂ ਜਥੇਬੰਦੀਆਂ ਸੰਗਠਨਾਂ ਵਿੱਚ ਮਹੱਤਵਪੂਰਨ ਅਹੁਦਿਆਂ ਤੇ ਕੰਮ ਕੀਤਾ। ਪੰਜਾਬ ਪ੍ਰਧਾਨ ਇੰਜ. ਸੁਰਿੰਦਰ ਸਿੰਘ ਭਿੰਡਰ ਨੇ ਕਿਹਾ ਕਿ ਦੇਸ਼ ਦੀ ਰਾਜਧਾਨੀ ਦਿੱਲੀ ਤੋਂ ਉਘੇ ਸਮਾਜ ਸੇਵੀ ਅਮਰ ਸਿੰਘ ਦਿੱਲੀ ਦਾ ਪਾਰਟੀ ਵਿਚ ਸ਼ਮੂਲੀਅਤ ਕਰਨਾ ਅਤੇ ਗਰੀਬ ਸਮਾਜ ਦੀ ਉਸਾਰੀ, ਬੇਹਤਰੀ ਅਤੇ ਉਭਾਰ ਲਈ ਜ਼ਿੰਮੇਵਾਰ ਪੋਸਟ ਤੇ ਕੰਮ ਕਰਨ ਲਈ ਸਮੁੱਚਾ ਪੰਜਾਬ ਯੂਨਿਟ ਸਵਾਗਤ ਕਰਦਾ ਹੈ। ਪਾਰਟੀ ਵਿਚ ਅਹਿਮ ਅਤੇ ਮਹੱਤਵਪੂਰਨ ਜ਼ਿੰਮੇਵਾਰੀ ਮਿਲਣ ਉਪਰੰਤ ਨਵਨਿਯੁਕਤ ਅਮਰ ਸਿੰਘ ਦਿੱਲੀ ਨੇ ਸੰਬੋਧਨ ਕਰਦਿਆਂ ਕਿਹਾ ਕਿ ਪਾਰਟੀ ਦੀ ਲੀਡਰਸ਼ਿਪ ਨੇ ਮੈਨੂੰ ਪਾਰਟੀ ਦੀ ਅਤਿ ਮਹੱਤਵਪੂਰਨ ਤੇ ਜ਼ਿੰਮੇਵਾਰ ਪੋਸਟ ਦੇ ਕੇ ਨਿਵਾਜ਼ਿਆ ਹੈ, ਮੈਂ ਪਾਰਟੀ ਦੀ ਲੀਡਰਸ਼ਿਪ ਅਤੇ ਮੀਟਿੰਗ ਵਿੱਚ ਹਾਜ਼ਰੀਨ ਸਾਥੀਆਂ ਅਤੇ ਵਰਕਰਾਂ ਦਾ ਬਹੁਤ ਸ਼ੁਕਰਗੁਜ਼ਾਰ ਹਾਂ। ਮੈਂ ਪਾਰਟੀ ਦੀ ਸਮੁੱਚੀ ਲੀਡਰਸ਼ਿਪ ਨੂੰ ਦਿਲ ਦੀਆਂ ਗਹਿਰਾਈਆਂ ਤੋਂ ਵਿਸ਼ਵਾਸ ਦਿਵਾਉਂਦਾ ਹਾਂ ਕਿ ਅਧਿਕਾਰ ਸੰਘਰਸ਼ ਪਾਰਟੀ ਦੀ ਸੋਚ ਅਤੇ ਵਿਚਾਰਧਾਰਾ ਨੂੰ ਦੇਸ਼ ਦੇ ਕੋਨੇ ਕੋਨੇ ਵਿਚ ਪਹੁੰਚਾਉਣ ਲਈ ਤਨ ਮਨ ਅਤੇ ਧਨ ਨਾਲ ਸੇਵਾ ਨਿਭਾਵਾਂਗਾ ਤਾਂ ਕਿ ਪਾਰਟੀ ਦੇ ਟੀਚਿਆਂ ਨੂੰ ਸਮੇਂ ਸਿਰ ਪੂਰ ਕੀਤਾ ਜਾ ਸਕੇ। ਇਸ ਮੌਕੇ ਪਾਰਟੀ ਵਰਕਰਾਂ ਤੋਂ ਇਲਾਵਾ ਕੌਮੀ ਸਕੱਤਰ ਰਮੇਸ਼ ਕੁਮਾਰ ਭੂੰਬਕ, ਕੌਮੀ ਮੀਡੀਆ ਇੰਚਾਰਜ ਹਰਪ੍ਰੀਤ ਸਿੰਘ ਗਿੱਲ ਅਤੇ ਕਸ਼ਮੀਰ ਸਿੰਘ ਸੀਨੀਅਰ ਆਗੂ ਮੀਟਿੰਗ ਵਿੱਚ ਹਾਜ਼ਰ ਸਨ।

## ਮਨੁੱਖੀ ਅਧਿਕਾਰਾਂ ਦੇ ਚੈਂਪੀਅਨ ਖਾਲੜਾ 'ਤੇ ਅਧਾਰਿਤ 'ਸਤਲੁਜ' ਫਿਲਮ ਨੂੰ ਫਿਰਕੂ ਮੁੱਦਾ ਬਣਾਉਣ ਤੋਂ ਬਾਜ ਆਵੇ ਬਿੱਟੂ- ਸ ਕੋਹਲੀ, ਸ ਪੰਨੂੰ

# ਸਮਾਜਸੇਵੀ ਲੋਕ ਸੰਗਤੀ ਰੂਪ ਵਿੱਚ ਫਿਲਮ ਵਿਖਾਉਣ ਦੇ ਉਪਰਾਲੇ ਕਰਨ

**ਅੰਮ੍ਰਿਤਸਰ, 9 ਜੁਲਾਈ (ਆਵਾਜ਼ਿ ਕੌਮ ਬਿਊਰੋ)**- ਸ਼੍ਰੋਮਣੀ ਅਕਾਲੀ ਦਲ ਪੁਨਰ-ਸੁਰਜੀਤ ਦੇ ਦਫਤਰ ਸਕੱਤਰ ਸ ਜਗਜੀਤ ਸਿੰਘ ਕੋਹਲੀ ਅਤੇ ਮੀਡੀਆ ਇੰਚਾਰਜ ਸ ਤੇਜਿੰਦਰ ਸਿੰਘ ਪੰਨੂੰ ਨੇ ਇਕ ਸਾਂਝੇ ਲਿਖਤੀ ਬਿਆਨ ਵਿੱਚ ਦੋਸ਼ ਲਾਇਆ ਕਿ ਮਨੁੱਖੀ ਅਧਿਕਾਰਾਂ ਦੇ ਵਿਸ਼ਵ ਪ੍ਰਸਿੱਧ ਕਾਰਕੁੰਨ ਸ਼ਹੀਦ ਜਸਵੰਤ ਸਿੰਘ ਖਾਲੜਾ ਦੇ ਜੀਵਨ ਸੰਘਰਸ਼ 'ਤੇ ਆਧਾਰਿਤ ਫਿਲਮ ਨੂੰ ਰਵਨੀਤ ਸਿੰਘ ਬਿੱਟੂ ਹਿੰਦੂ ਸਿੱਖ ਭਾਈਚਾਰੇ ਵਿੱਚ ਪਾੜ ਪਾਉਣ ਲਈ ਫਿਰਕੂ ਮੁੱਦਾ ਬਣਾ ਰਿਹਾ ਹੈ। ਦੋਹਾਂ ਆਗੂਆਂ ਨੇ ਕਿਹਾ ਕਿ ਸ਼ਹੀਦ ਜਸਵੰਤ ਸਿੰਘ ਖਾਲੜਾ ਨੇ ਬਿਨਾ ਕਿਸੇ ਵਿਤਕਰੇ ਤੋਂ ਮਨੁੱਖੀ ਅਧਿਕਾਰਾਂ ਦੀ ਲੜਾਈ ਲੜੀ ਸੀ। ਜਿਸ ਵਿੱਚ ਉਸ ਵੱਲੋਂ ਚਲਾਈ ਮੁਹਿੰਮ ਦੌਰਾਨ ਬਹੁਤ ਸਾਰੇ ਹਿੰਦੂ ਪਰਿਵਾਰਾਂ ਨੂੰ ਵੀ ਇਨਸਾਫ ਮਿਲਿਆ, ਜਿੰਨਾ ਦੇ ਪੁਤਰ ਪੁਲਿਸ ਨੇ ਝੂਠੇ ਪੁਲੀਸ ਮੁਕਾਬਲਿਆਂ ਵਿੱਚ ਮਾਰ ਮੁਕਾਇਆ ਸੀ। ਸ ਖਾਲੜਾ ਗੁਰੂ ਸਾਹਿਬ ਦੇ ਸੱਚੇ ਸਿੱਖ ਸਨ ਜਿੰਨਾ ਨੇ ਬਿਨਾ ਕਿਸੇ ਵਿਤਕਰੇ ਤੋਂ ਆਪਣਾ ਮਿਸ਼ਨ ਚਲਾਇਆ। ਜੇ ਹੁਣ ਪੀੜਤਾਂ ਵਿੱਚ ਵੱਡੀ ਗਿਣਤੀ ਸਿੱਖਾਂ ਦੀ ਹੈ ਤਾਂ ਇਸ ਵਿੱਚ ਭਾਈ ਖਾਲੜਾ ਦਾ ਕੀ ਗੁਨਾਹ ਹੈ ? ਬਿੱਟੂ ਨੂੰ ਇਹ ਵੀ ਵੇਖਣਾ ਚਾਹੀਦਾ ਹੈ ਕਿ ਜੁਲਮ ਕਰਨ ਵਾਲਿਆਂ ਵਿੱਚ ਉਸਦੇ ਦਾਦੇ ਤੋਂ ਲੈ ਕੇ ਕੇਪੀਐਸ ਗਿੱਲ ਅਤੇ ਅਜੀਤ ਸਿੰਘ ਸੰਧੂ ਤੱਕ ਸਾਰੇ ਪੱਗਾਂ ਵਾਲੇ ਹੀ ਸਨ। ਫਿਰ ਉਹ ਜੋ ਇਹਨਾਂ ਭਾਈਚਾਰਿਆਂ ਨੂੰ ਇਕ ਦੂਜੇ ਖਿਲਾਫ ਭੜਕਾ ਰਿਹਾ ਹੈ, ਇਸ ਤੋਂ ਸਾਬਤ ਹੁੰਦਾ ਹੈ ਕਿ ਉਹ ਆਪਣੇ ਦਾਦੇ ਵਾਲੀ ਫਿਰਕੂ ਸੋਚ ਦਾ ਹੀ ਧਾਰਨੀ ਹੈ, ਜਿਸਨੇ ਆਪਣੀ ਗੱਦੀ ਸਲਾਮਤ ਰੱਖਣ ਲਈ ਸਿੱਖ ਨੌਜਵਾਨੀ ਦਾ ਘਾਣ ਕੀਤਾ। ਦੋਹਾਂ ਆਗੂਆਂ ਨੇ ਬਿਆਨ ਦੇ ਅਖੀਰ ਵਿੱਚ ਕਿਹਾ ਕਿ ਪੂਰਾ ਪੰਜਾਬ ਸ਼ਹੀਦ ਜਸਵੰਤ ਸਿੰਘ ਖਾਲੜਾ ਦੀ ਨਿਰਪੱਖ ਸੋਚ ਨੂੰ ਪੂਰੀ ਤਰਾਂ ਸਮਰਪਿਤ ਹੈ ਅਤੇ ਉਸਦੇ ਕਾਰਜਾਂ ਨੂੰ ਹਮੇਸ਼ਾਂ ਸੀਸ ਝੁਕਾਉਂਦਾ ਰਹੇਗਾ। ਇਥੇ ਬਿੱਟੂ ਵਰਗਿਆਂ ਦੇ ਫਿਰਕੂ ਮਨਸੂਬੇ ਕਦੇ ਸਫਲ ਨਹੀਂ ਹੋਣੇ। ਉਹਨਾਂ ਨੇ ਸਮੂਹ ਸਿੰਘ ਸਭਾਵਾਂ, ਸਮਾਜਸੇਵੀ ਜਥੇਬੰਦੀਆਂ ਅਤੇ ਨਿਰਪੱਖ ਸੋਚ ਵਾਲੇ ਲੋਕਾਂ ਨੂੰ ਬੇਨਤੀ ਕੀਤੀ ਕਿ ਫਿਲਮ ਨੂੰ ਵੱਧ ਤੋਂ ਵੱਧ ਲੋਕਾਂ ਨੂੰ ਸੰਗਤੀ ਰੂਪ ਵਿੱਚ ਵਿਖਾਉਣ ਦੇ ਉਪਰਾਲੇ ਕਰਨ। ਇਸ ਨਾਲ ਇਨਸਾਫ ਪਸੰਦ ਪੰਜਾਬੀਆਂ ਦੀ ਭਾਈਚਾਰਕ ਸਾਂਝ ਹੋਰ ਮਜ਼ਬੂਤ ਹੋਵੇਗੀ।



ਸ. ਜਗਜੀਤ ਸਿੰਘ ਕੋਹਲੀ — ਸ. ਤਜਿੰਦਰ ਸਿੰਘ ਪੰਨੂ

# ਕਪੂਰਥਲਾ ਵਿੱਚ ਕਾਂਗਰਸ ਅਤੇ ਰਾਣਾ ਗੁਰਜੀਤ ਸਿੰਘ ਦੀਆਂ ਜੜ੍ਹਾਂ ਹਿੱਲ ਚੁੱਕੀਆਂ ਹਨ: ਸਾਂਸਦ ਰਾਜ ਕੁਮਾਰ ਚੱਬੇਵਾਲ

**ਕਪੂਰਥਲਾ, 9 ਜੁਲਾਈ ( ਆਵਾਜ਼ਿ ਕੌਮ ਬਿਊਰੋ)**-ਕਪੂਰਥਲਾ ਨਗਰ ਨਿਗਮ ਦੇ ਮੇਅਰ ਦੀ ਚੋਣ ਨੂੰ ਲੈ ਕੇ ਸਿਆਸੀ ਸਰਗਰਮੀਆਂ ਤੇਜ਼ ਹੋ ਗਈਆਂ ਹਨ। ਚੋਣ ਨਤੀਜਿਆਂ 'ਤੇ ਆਪਣਾ ਪ੍ਰਤੀਕਰਮ ਦਿੰਦਿਆਂ ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਅਤੇ ਸਾਂਸਦ ਡਾ. ਰਾਜ ਕੁਮਾਰ ਚੱਬੇਵਾਲ ਨੇ ਵਿਰੋਧੀ ਧਿਰ 'ਤੇ ਤਿੱਖਾ ਨਿਸ਼ਾਨਾ ਸਾਧਿਆ ਹੈ। ਉਨ੍ਹਾਂ ਦਾਅਵਾ ਕੀਤਾ ਕਿ ਕਪੂਰਥਲਾ ਵਿੱਚ ਹੁਣ ਕਾਂਗਰਸ ਅਤੇ ਵਿਧਾਇਕ ਰਾਣਾ ਗੁਰਜੀਤ ਸਿੰਘ ਦੀਆਂ ਸਿਆਸੀ ਜੜ੍ਹਾਂ ਪੂਰੀ ਤਰ੍ਹਾਂ ਹਿੱਲ ਚੁੱਕੀਆਂ ਹਨ। ਕਪੂਰਥਲਾ ਪਹੁੰਚੇ ਸਾਂਸਦ ਚੱਬੇਵਾਲ ਨੇ ਕਿਹਾ ਕਿ ਵਾਹਿਗੁਰੂ ਦੀ ਅਪਾਰ ਕਿਰਪਾ ਸਦਕਾ ਨਗਰ ਨਿਗਮ ਕਪੂਰਥਲਾ ਦੀਆਂ ਚੋਣਾਂ ਨੇ ਇੱਕ ਨਵਾਂ ਇਤਿਹਾਸ ਸਿਰਜਿਆ ਹੈ।

ਉਨ੍ਹਾਂ ਨੇ ਨਵ-ਨਿਯੁਕਤ ਮੇਅਰ ਨਰਿੰਦਰ ਮਨਸੂ ਅਤੇ ਸੀਨੀਅਰ ਡਿਪਟੀ ਮੇਅਰ ਕਮਾਕਸ਼ੀ ਦੁੱਗਲ ਨੂੰ ਇਸ ਸ਼ਾਨਦਾਰ ਜਿੱਤ ਲਈ ਵਿਸ਼ੇਸ਼ ਤੌਰ 'ਤੇ ਵਧਾਈ ਦਿੱਤੀ। ਇਸ ਦੇ ਨਾਲ ਹੀ ਉਨ੍ਹਾਂ ਨੇ ਫਗਵਾੜਾ ਵਾਸੀਆਂ ਨੂੰ ਵੀ ਵਧਾਈਆਂ ਭੇਜੀਆਂ।ਵਿਰੋਧੀ ਪਾਰਟੀਆਂ ਵੱਲੋਂ ਲਗਾਏ ਜਾ ਰਹੇ ਦੋਸ਼ਾਂ ਦਾ ਜਵਾਬ ਦਿੰਦਿਆਂ ਸਾਂਸਦ ਨੇ ਕਿਹਾ ਕਿ ਜਦੋਂ ਵੀ ਕਿਸੇ ਦੀ ਹਾਰ ਹੁੰਦੀ ਹੈ, ਤਾਂ ਹਾਰਨ ਵਾਲੇ ਅਕਸਰ ਇਲਜ਼ਾਮ ਲਗਾਉਂਦੇ ਹੀ ਹਨ। ਉਨ੍ਹਾਂ ਸਾਫ਼ ਸ਼ਬਦਾਂ ਵਿੱਚ ਕਿਹਾ ਕਿ ਇਸ ਚੋਣ ਵਿੱਚ ਸਿਰਫ਼ ਅਤੇ ਸਿਰਫ਼ ਸਚਾਈ ਦੀ ਜਿੱਤ ਹੋਈ ਹੈ। ਉਨ੍ਹਾਂ ਵਾਅਦਾ ਕੀਤਾ ਕਿ ਆਉਣ ਵਾਲੇ ਸਮੇਂ ਵਿੱਚ ਕਪੂਰਥਲਾ ਨੂੰ ਇੱਕ ਬਹੁਤ ਹੀ ਵਧੀਆ ਅਤੇ ਵਿਕਸਿਤ ਸ਼ਹਿਰ ਬਣਾਇਆ ਜਾਵੇਗਾ।

ਇਸ ਮੌਕੇ 'ਤੇ ਆਮ ਆਦਮੀ ਪਾਰਟੀ ਪੰਜਾਬ ਦੇ ਜਨਰਲ ਸਕੱਤਰ ਸੰਨੀ ਆਹਲੂਵਾਲੀਆ, ਵਿਰਾਸਤ ਸੇਵਾ ਸੰਗਠਨ ਦੇ ਜ਼ਿਲ੍ਹਾ ਇੰਚਾਰਜ ਪਰਵਿੰਦਰ ਸਿੰਘ ਢੋਟ, ਸਾਬਕਾ ਚੇਅਰਮੈਨ ਗੁਰਪਾਲ ਸਿੰਘ ਇੰਡੀਅਨ, ਅਤੇ ਹਲਕਾ ਕੋਆਰਡੀਨੇਟਰ ਗੁਰਨਾਮ ਸਿੰਘ ਮੁੱਤੀ ਵਿਸ਼ੇਸ਼ ਤੌਰ 'ਤੇ ਮੌਜੂਦ ਸਨ। ਇਨ੍ਹਾਂ ਤੋਂ ਇਲਾਵਾ ਕੌਂਸਲਰ ਜਸਜੀਤ ਸਿੰਘ ਢੋਟ, ਜ਼ਿਲ੍ਹਾ ਮੀਡੀਆ ਇੰਚਾਰਜ ਇੰਦਰਜੀਤ ਸਿੰਘ ਜੁਗਨੂੰ, ਪ੍ਰਿੰਸੀਪਲ ਰਾਕੇਸ਼ ਕੁਮਾਰ, ਅਤੇ ਬਲਵਿੰਦਰ ਸਿੰਘ ਰੰਧਾਵਾ ਸਮੇਤ ਕਈ ਹੋਰ ਪਤਵੰਤੇ ਸੱਜਣ ਅਤੇ ਵਰਕਰ ਵੀ ਹਾਜ਼ਰ ਸਨ।




★ ਜਾਰੀ ਕਰਤਾ ★

ਆਵਾਜ਼ਿ ਕੌਮ
AWAZE QAUM
International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

ਆਵਾਜ਼ਿ ਕੌਮ

+447458381111 +447976210161 +919729091243